@Qpatrika
@qaumipatrika punjabi
instagram.com/qaumipatrika
Largest Circulated
विश्व भर में सबसे ज्यादा पढ़ा जाने वाला
# ਕੌਮੀ ਪਤ੍ਰਿਕਾ
Qaumi Patrika NO.1
Punjabi National Daily
ਦਿੱਲੀ, ਹਿਮਾਚਲ, ਹਰਿਯਾਣਾ, ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ से प्रसारित।
Thursday, 20 August 2026
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਵੀਰਵਾਰ 20 ਅਗਸਤ 2026, 5 ਭਾਦੋਂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 286, qpatrika@gmail.com ਫੋਨ : 9971359517 www.qaumipatrika.org

# ਸਤੇਂਦਰ ਜੈਨ ਦੀ ਗ੍ਰਿਫ਼ਤਾਰੀ 'ਤੇ ਮੁੱਖ ਮੰਤਰੀ ਮਾਨ ਦਾ ਆਇਆ ਪ੍ਰਤੀਕਰਮ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਚੰਡੀਗੜ੍ਹ 19 ਅਗਸਤ। ਈ. ਡੀ. ਵੱਲੋਂ ਦਿੱਲੀ ਦੇ ਸਾਬਕਾ ਮੰਤਰੀ ਸਤੇਂਦਰ ਜੈਨ ਦੀ ਗ੍ਰਿਫ਼ਤਾਰੀ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ ਭਾਜਪਾ ਦਾ ਪੈਂਤੜਾ ਕਰਾਰ ਦਿੱਤਾ ਹੈ। ਮਾਨ ਨੇ ਕਿਹਾ ਕਿ ਈ. ਡੀ. ਪਾਰਟੀ ਦੇ ਕੰਮ ਕਰਨ ਦਾ ਇਹੋ ਤਰੀਕਾ ਹੈ। ਪਹਿਲਾਂ ਇਹ ਕਿਸੇ ਵੀ ਗੱਲ ਦਾ ਪੁਲੰਦਾ ਲਿਖ ਕੇ ਭੇਜਦੇ ਹਨ, ਜਿਸ ਵਿਚ ਕੋਈ ਸੱਚਾਈ ਨਹੀਂ ਹੁੰਦੀ। ਹੁਣ ਜਦੋਂ ਵਿਰੋਧੀਆਂ ਨੂੰ ਕੋਈ ਮੁੱਦਾ ਨਹੀਂ ਮਿਲ ਰਿਹਾ ਤਾਂ ਇਹ ਸਿਰਫ ਉਂਗਲਾਂ ਹੀ ਚੁੱਕ ਰਹੇ ਹਨ। ਇਸੇ ਤਰੀਕੇ ਨਾਲ ਭਾਜਪਾ ਕੰਮ ਕਰਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿਚ ਭਾਜਪਾ ਦੇ ਪੈਰ ਨਹੀਂ ਲੱਗ ਰਹੇ, ਜਿਸ ਕਾਰਣ ਪੰਜਾਬ ਦੇ ਸਹਿਪ੍ਰਭਾਰੀ ਸਤੇਂਜਰ ਜੈਨ ਨੂੰ ਫੜਿਆ ਗਿਆ ਹੈ। ਮਾਨ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਦਿੱਲੀ ਵਿਚ ਇਸੇ ਤਰ੍ਹਾਂ ਕੀਤਾ ਗਿਆ ਸੀ। ਸੰਜੇ ਸਿੰਘ ਪਾਰਲੀਮੈਂਟ ਵਿਚ ਬੋਲਦੇ ਸਨ ਤਾਂ ਕਰਕੇ ਉਨ੍ਹਾਂ ਨੂੰ ਫੜਿਆ ਗਿਆ। ਫਿਰ ਮਨੀਸ਼ ਸਿਸੋਦੀਆ ਨੂੰ ਫੜ ਲਿਆ। ਸਾਨੂੰ ਪੂਰਾ ਭਰੋਸਾ ਹੈ ਕਿ ਸਤੇਂਦਰ ਜੈਨ ਮਾਮਲੇ ਵਿਚ ਅਦਾਲਤ ਵਿਚ ਪੂਰਾ ਇਨਸਾਫ ਹੋਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਦਾ ਇਹੀ ਪੈਂਤੜਾ ਹੈ ਕਿ



ਹਾਲ ਦੀ ਘੜੀ ਬੰਦਾ ਫੜ ਕੇ ਅੰਦਰ ਕਰ ਦਿਓ। ਮੰਗਲਵਾਰ ਨੂੰ ਭ੍ਰਿਸ਼ਟਾਚਾਰ ਰੋਕੂ ਸ਼ਾਖਾ (ਏ. ਸੀ. ਬੀ.) ਨੇ ਦਿੱਲੀ ਜਲ ਬੋਰਡ (ਡੀ. ਜੇ. ਬੀ.) ਦੇ ਸੀਵਰੇਜ ਟ?ਰੀਟਮੈਂਟ ਪਲਾਂਟ (ਐੱਸ. ਟੀ. ਪੀ.) ਪ੍ਰਾਜੈਕਟਾਂ ਦੀ ਟੈਂਡਰ ਪ੍ਰਕਿਰਿਆ 'ਚ ਕਥਿਤ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਦਿੱਲੀ ਦੇ ਸਾਬਕਾ ਮੰਤਰੀ ਸਤੇਂਦਰ ਜੈਨ ਅਤੇ ਡੀ. ਜੇ. ਬੀ. ਦੇ ਸਾਬਕਾ ਮੁੱਖ ਕਾਰਜਕਾਰੀ ਅਧਿਕਾਰੀ (ਸੀ. ਈ .ਓ.) ਤੇ ਆਈ. ਏ. ਐੱਸ. ਅਧਿਕਾਰੀ ਉਦਿਤ ਪ੍ਰਕਾਸ਼ ਰਾਏ ਸਮੇਤ 6 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਸੀ। ਏ. ਸੀ. ਬੀ. ਵੱਲੋਂ ਜਾਰੀ ਬਿਆਨ ਮੁਤਾਬਕ ਗ੍ਰਿਫ਼ਤਾਰ ਕੀਤੇ ਗਏ ਹੋਰ ਮੁਲਜ਼ਮਾਂ 'ਚ ਦਿੱਲੀ ਜਲ ਬੋਰਡ ਦੇ ਸਾਬਕਾ ਸਲਾਹਕਾਰ ਅੰਕਿਤ ਸ਼੍ਰੀਵਾਸਤਵ ਅਤੇ ਨਾਗੇਂਦਰ ਯਾਦਵ, ਰਾਜਾ ਕੁਮਾਰ ਕੁਰਰਾ ਤੇ ਪੰਕਜ ਵਰਮਾ ਸ਼ਾਮਲ ਹਨ। ਇਹ ਮਾਮਲਾ ਦਿੱਲੀ ਜਲ ਬੋਰਡ ਦੇ ਸੀਵਰੇਜ ਟ?ਰੀਟਮੈਂਟ ਪਲਾਂਟਾਂ 'ਚ ਸੁਧਾਰ ਅਤੇ ਅਪਗ੍ਰੇਡੇਸ਼ਨ ਨਾਲ ਜੁੜੀ ਟੈਂਡਰ ਪ੍ਰਕਿਰਿਆ 'ਚ ਵੱਡੇ ਪੱਧਰ 'ਤੇ ਬੇਨਿਯਮੀਆਂ, ਟੈਂਡਰਾਂ ਦੀਆਂ ਸ਼ਰਤਾਂ 'ਚ ਹੇਰ-ਫੇਰ ਅਤੇ ਅਪਰਾਧਿਕ ਸਾਜ਼ਿਸ਼ ਦੇ ਦੋਸ਼ਾਂ ਨੂੰ ਲੈ ਕੇ ਵਿਜੀਲੈਂਸ ਡਾਇਰੈਕਟੋਰੇਟ ਦੀ ਸ਼ਿਕਾਇਤ 'ਤੇ 11 ਮਈ 2024 ਨੂੰ ਦਰਜ ਕੀਤਾ ਗਿਆ ਸੀ।

## ਕੇਂਦਰ ਦਾ ਪੰਜਾਬ ਨੂੰ ਇਕ ਹੋਰ ਵੱਡਾ ਤੋਹਫ਼ਾ ! 1,419 ਕਰੋੜ ਰੁਪਏ ਦਾ ਪ੍ਰਾਜੈਕਟ ਮਨਜ਼ੂਰ

ਚੰਡੀਗੜ੍ਹ 19 ਅਗਸਤ। ਸਾਬਕਾ ਰੇਲ ਰਾਜ ਮੰਤਰੀ ਅਤੇ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਨੇ ਪੰਜਾਬ ਲਈ 1,419 ਕਰੋੜ ਰੁਪਏ ਦੇ ਇੱਕ ਵੱਡੇ ਰੇਲਵੇ ਪ੍ਰੋਜੈਕਟ ਨੂੰ ਮਨਜ਼ੂਰੀ ਮਿਲਣ ਦਾ ਸਵਾਗਤ ਕੀਤਾ ਹੈ। ਬਿੱਟੂ



ਨੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਸਰਹੱਦੀ ਖੇਤਰਾਂ ਨੂੰ ਰੇਲਵੇ ਨੈੱਟਵਰਕ ਨਾਲ ਸਿੱਧਾ ਜੋੜਨ ਵਿੱਚ ਵੱਡੀ ਮਦਦ ਮਿਲੇਗੀ। ਬਿੱਟੂ ਮੁਤਾਬਕ ਬਿਆਸ ਤੋਂ ਕਾਦੀਆਂ ਅਤੇ ਅੱਗੇ ਬਟਾਲਾ-ਕਾਦੀਆਂ ਲਾਈਨ ਨੂੰ ਜੋੜਨ ਸਮੇਤ ਪੰਜਾਬ ਦੇ ਸਰਹੱਦੀ ਇਲਾਕਿਆਂ ਨੂੰ ਰੇਲਵੇ ਨੈੱਟਵਰਕ ਨਾਲ ਜੋੜਨ ਲਈ ਇਹ ਮਹੱਤਵਪੂਰਨ ਪ੍ਰਾਜੈਕਟ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਬਿਆਸ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਆਉਣ ਵਾਲੀਆਂ ਲਾਈਨਾਂ ਨੂੰ ਪਠਾਨਕੋਟ ਵੱਲੋਂ ਆਉਣ ਵਾਲੇ ਰੂਟ ਨਾਲ ਜੋੜਿਆ ਜਾ ਸਕੇਗਾ ਅਤੇ ਸਰਹੱਦੀ ਖੇਤਰਾਂ ਲਈ ਸਿੱਧਾ ਰੇਲ ਸੰਪਰਕ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਦੱਸਿਆ ਕਿ ਪ੍ਰਾਜੈਕਟ ਲਈ ਲਗਭਗ 166 ਏਕੜ ਜ਼ਮੀਨ ਦੀ ਲੋੜ ਹੋਵੇਗੀ। ਜ਼ਮੀਨ ਹਾਸਲ ਕਰਨ, ਸਿਵਲ ਵਰਕ, ਸਿਗਨਲਿੰਗ, ਵਾਇਰਿੰਗ ਅਤੇ ਇਲੈਕਟ੍ਰਿਕਲ ਕੰਮ ਸਮੇਤ ਵੱਖ-ਵੱਖ ਕੰਮਾਂ ਲਈ ਵੱਡੀ ਰਕਮ ਖਰਚ ਕੀਤੀ ਜਾਵੇਗੀ। ਬਿੱਟੂ ਨੇ ਕਿਹਾ ਕਿ ਇਸ ਪ੍ਰਾਜੈਕਟ ਦੀ ਕੁੱਲ ਲਾਗਤ ਲਗਭਗ 1,419 ਕਰੋੜ ਰੁਪਏ ਹੈ। ਬਿੱਟੂ ਨੇ ਦੋਸ਼ ਲਗਾਇਆ ਕਿ ਇਹ ਪ੍ਰਾਜੈਕਟ ਪਹਿਲਾਂ ਵੀ ਸਰਕਾਰਾਂ ਦੀ ਅਣਗਹਿਲੀ ਕਾਰਨ ਲਟਕਦਾ ਰਿਹਾ ਹੈ। ਜੇਕਰ ਇਸ ਨੂੰ ਸਮੇਂ ਸਿਰ ਅਮਲ ਵਿਚ ਲਿਆਂਦਾ ਜਾਂਦਾ ਤਾਂ ਇਸ ਦੀ ਲਾਗਤ ਕਾਫ਼ੀ ਘੱਟ ਹੁੰਦੀ, ਪਰ ਦੇਰੀ ਕਾਰਨ ਅੱਜ ਪ੍ਰਾਜੈਕਟ ਦੀ ਲਾਗਤ ਕਈ ਗੁਣਾ ਵੱਧ ਗਈ ਹੈ। ਉਨ੍ਹਾਂ ਕਿਹਾ ਕਿ ਜਦੋਂ ਪ੍ਰਾਜੈਕਟ ਪਹਿਲੀ ਵਾਰ ਤਿਆਰ ਕੀਤਾ ਗਿਆ ਸੀ ਤਾਂ ਲਾਗਤ ਕਰੀਬ 500 ਕਰੋੜ ਰੁਪਏ ਸੀ, ਜਦਕਿ ਬਾਅਦ ਵਿਚ ਇਹ 841 ਕਰੋੜ ਰੁਪਏ ਤੱਕ ਪਹੁੰਚ ਗਈ ਅਤੇ ਹੁਣ 1,419 ਕਰੋੜ ਰੁਪਏ ਹੋ ਗਈ ਹੈ।

# ਹਿਮਾਚਲ ਦੇ ਮੁੱਖ ਮੰਤਰੀ ਨੇ ਆਜ਼ਾਦੀ ਦਿਵਸ 'ਤੇ ਮੈਡੀਕਲ ਸਟਾਫ ਨੂੰ ਦਿੱਤਾ ਤੋਹਫ਼ਾ

**ਕੌਮੀ ਪਤ੍ਰਿਕਾ**

ਹਮੀਰਪੁਰ 19 ਅਗਸਤ। ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਰਾਸ਼ਟਰੀ ਸਿਹਤ ਮਿਸ਼ਨ ਦੇ ਤਹਿਤ ਕੰਮ ਕਰਨ ਵਾਲੇ ਸਟਾਫ ਨਰਸਾਂ, ਫਾਰਮਾਸਿਸਟਾਂ, ਆਪ੍ਰੇਸ਼ਨ ਥੀਏਟਰ ਸਹਾਇਕਾਂ ਅਤੇ ਪ੍ਰਯੋਗਸ਼ਾਲਾ ਮੈਡੀਕਲ ਟੈਕਨੀਸ਼ੀਅਨਾਂ ਲਈ ?25,000 ਦਾ ਸੋਧਿਆ ਹੋਇਆ ਮਾਣਭੱਤਾ, ?281 ਕਰੋੜ ਦੇ ਬਕਾਏ ਦੀ ਅਦਾਇਗੀ ਅਤੇ ਗਰੀਬ ਪਰਿਵਾਰਾਂ ਲਈ ?10 ਲੱਖ ਤੱਕ ਦਾ ਸਿਹਤ ਬੀਮਾ ਕਵਰ ਦੇਣ ਦਾ ਐਲਾਨ ਕੀਤਾ ਹੈ। ਇਹ ਐਲਾਨ ਆਜ਼ਾਦੀ ਦਿਵਸ ਦੇ ਮੌਕੇ 'ਤੇ ਕੀਤਾ ਗਿਆ ਸੀ। ਸੋਧੀ ਹੋਈ ਮਾਸਿਕ ਤਨਖਾਹ ਸਤੰਬਰ ਤੋਂ ਲਾਗੂ ਕੀਤੀ ਜਾਵੇਗੀ। ਕੰਟਰੈਕਟ ਨਰਸਾਂ ਅਤੇ ਸਹਾਇਕ ਸਿਹਤ ਕਰਮਚਾਰੀਆਂ (ਲੈਬਾਰਟਰੀ ਮੈਡੀਕਲ ਟੈਕਨੀਸ਼ੀਅਨ, ਫਾਰਮਾਸਿਸਟ ਅਤੇ ਆਪ੍ਰੇਸ਼ਨ ਥੀਏਟਰ ਟੈਕਨੀਸ਼ੀਅਨ ਸਮੇਤ) ਲਈ ਤਨਖਾਹ 25,000 ਰੁਪਏ ਅਤੇ ਡੇਟਾ ਐਂਟਰੀ ਆਪਰੇਟਰਾਂ ਲਈ 18,000 ਰੁਪਏ ਨਿਰਧਾਰਤ ਕੀਤੀ ਗਈ ਹੈ। ਸਰਕਾਰ ਇੱਕ ਨਵੀਂ ਸਿਹਤ ਬੀਮਾ ਨੀਤੀ ਵੀ ਲਾਗੂ ਕਰੇਗੀ, ਜਿਸ ਨਾਲ ਗਰੀਬ ਪਰਿਵਾਰਾਂ ਨੂੰ 10 ਲੱਖ ਰੁਪਏ ਦਾ ਸਿਹਤ ਬੀਮਾ ਕਵਰ ਮਿਲੇਗਾ। ਮੁੱਖ ਮੰਤਰੀ ਸੁੱਖੂ ਨੇ ਐਲਾਨ ਕੀਤਾ ਕਿ ਰਾਜ ਦੇ ਚੌਥੇ ਦਰਜੇ ਦੇ ਕਰਮਚਾਰੀਆਂ ਨੂੰ ਇਸ ਮਹੀਨੇ ਉਨ੍ਹਾਂ ਦੇ ਤਨਖਾਹ ਬਕਾਏ ਲਈ ?20,000 ਦੀ ਵਾਧੂ ਅਦਾਇਗੀ ਮਿਲੇਗੀ। ਸਾਲ 2016 ਤੋਂ ਦਸੰਬਰ 2021 ਦੇ ਵਿਚਕਾਰ ਸੇਵਾਮੁਕਤ ਹੋਏ ਸ਼੍ਰੇਣੀ 9੭ ਪੈਨਸ਼ਨਰਾਂ ਅਤੇ ਪਰਿਵਾਰਕ ਪੈਨਸ਼ਨਰਾਂ ਦੇ ਪੈਨਸ਼ਨ/ਪਰਿਵਾਰਕ ਪੈਨਸ਼ਨ ਬਕਾਏ ਦਾ 30 ਪ੍ਰਤੀਸ਼ਤ ਵਾਧੂ ਭੁਗਤਾਨ ਕੀਤਾ ਜਾਵੇਗਾ। ਇਸੇ ਤਰ੍ਹਾਂ ਸ਼੍ਰੇਣੀ 1 ਅਤੇ ਸ਼੍ਰੇਣੀ 2 ਦੇ ਪੈਨਸ਼ਨਰਾਂ ਅਤੇ ਪਰਿਵਾਰਕ ਪੈਨਸ਼ਨਰਾਂ ਦੇ ਪੈਨਸ਼ਨ/ਪਰਿਵਾਰਕ ਪੈਨਸ਼ਨ ਬਕਾਏ ਦਾ 15 ਪ੍ਰਤੀਸ਼ਤ ਵੀ ਇਸ ਮਹੀਨੇ ਜਾਰੀ ਕੀਤਾ ਜਾਵੇਗਾ। ਤਨਖਾਹ ਅਤੇ ਪੈਨਸ਼ਨ ਬਕਾਏ ਦੀ ਅਦਾਇਗੀ 'ਤੇ ਲਗਭਗ 281 ਕਰੋੜ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਇਹ ਐਲਾਨ ਸ਼ਨੀਵਾਰ ਨੂੰ ਬਰਸਰ ਦੇ ਸਰਕਾਰੀ ਹਾਇਰ ਸੈਕੰਡਰੀ ਸਕੂਲ



ਵਿਖੇ ਆਯੋਜਿਤ ਰਾਜ ਪੱਧਰੀ ਆਜ਼ਾਦੀ ਦਿਵਸ ਸਮਾਰੋਹ ਦੌਰਾਨ ਕੀਤੇ। ਮੁੱਖ ਮੰਤਰੀ ਨੇ ਦੱਸਿਆ ਕਿ ਮੌਜੂਦਾ ਸਰਕਾਰ ਦੇ ਸੱਤਾ ਸੰਭਾਲਣ ਤੋਂ ਪਹਿਲਾਂ ਪਿਛਲੀ ਸਰਕਾਰ ਤਨਖਾਹ ਅਤੇ ਪੈਨਸ਼ਨ ਦੇ ਬਕਾਏ ਵਿੱਚ 10,000 ਕਰੋੜ ਰੁਪਏ ਤੋਂ ਵੱਧ ਦਾ ਬੋਝ ਛੱਡ ਗਈ ਸੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਨੇ ਹਮੇਸ਼ਾ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੀ ਭਲਾਈ ਨੂੰ ਤਰਜੀਹ ਦਿੱਤੀ ਹੈ। ਸੂਬੇ ਦੀ ਔਖੀ ਵਿੱਤੀ ਸਥਿਤੀ ਦੇ ਬਾਵਜੂਦ, ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ 2,170 ਕਰੋੜ ਰੁਪਏ ਤੋਂ ਵੱਧ ਦੇ ਤਨਖਾਹ ਅਤੇ ਪੈਨਸ਼ਨ ਬਕਾਏ ਪਹਿਲਾਂ ਹੀ ਅਦਾ ਕੀਤੇ ਜਾ ਚੁੱਕੇ ਹਨ।

# ਦਿੱਲੀ ਸਰਕਾਰ ਦਾ ਵੱਡਾ ਡਿਜੀਟਲ ਕਦਮ, ਔਨਲਾਈਨ ਕੈਬਨਿਟ ਮੀਟਿੰਗਾਂ ਲਈ ਲਾਗੂ ਕੀਤਾ ਜਾਵੇਗਾ ਈ-ਕੈਬਨਿਟ ਸਿਸਟਮ

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 19 ਅਗਸਤ। ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਕਿ ਦਿੱਲੀ ਸਰਕਾਰ ਫੈਸਲੇ ਲੈਣ ਵਿੱਚ ਤੇਜ਼ੀ ਲਿਆਉਣ ਅਤੇ ਪ੍ਰਸ਼ਾਸਕੀ ਕੰਮਕਾਜ ਨੂੰ ਬਿਹਤਰ ਬਣਾਉਣ ਲਈ ਔਨਲਾਈਨ ਕੈਬਨਿਟ ਮੀਟਿੰਗਾਂ ਲਈ ਇੱਕ ਈ-ਕੈਬਨਿਟ ਸਿਸਟਮ ਲਾਗੂ ਕਰਨ ਦੀ ਯੋਜਨਾ ਬਣਾ ਰਹੀ ਹੈ। ਮੁੱਖ ਮੰਤਰੀ ਦਫ਼ਤਰ ਵੱਲੋਂ ਜਾਰੀ ਬਿਆਨ ਅਨੁਸਾਰ, ਗੁਪਤਾ ਨੇ ਨੈਸ਼ਨਲ ਇਨਫੋਰਮੈਟਿਕਸ ਸੈਂਟਰ (ਐਨਆਈਸੀ) ਦੇ ਮਾਹਿਰਾਂ ਨਾਲ ਹਾਲ ਹੀ ਵਿੱਚ ਹੋਈ ਮੀਟਿੰਗ ਵਿੱਚ ਈ-ਕੈਬਿਨੇਟ ਸਿਸਟਮ ਨੂੰ ਲਾਗੂ ਕਰਨ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ। ਇਹ ਸਾਫਟਵੇਅਰ ਐਨਆਈਸੀ ਦੁਆਰਾ ਵਿਕਸਤ ਕੀਤਾ ਗਿਆ ਸੀ। ਈ-ਕੈਬਿਨੇਟ



ਸਿਸਟਮ ਇੱਕ ਆਧੁਨਿਕ ਡਿਜੀਟਲ ਸਿਸਟਮ ਹੈ ਜਿਸ ਰਾਹੀਂ ਕੈਬਨਿਟ ਮੀਟਿੰਗਾਂ ਪੂਰੀ ਤਰ੍ਹਾਂ ਕਾਗਜ਼ ਰਹਿਤ, ਸੁਰੱਖਿਅਤ ਅਤੇ ਪਾਰਦਰਸ਼ੀ ਢੰਗ ਨਾਲ ਕੀਤੀਆਂ ਜਾਂਦੀਆਂ ਹਨ। ਗੁਪਤਾ ਨੇ ਕਿਹਾ ਕਿ ਈ-ਕੈਬਿਨੇਟ ਸਿਸਟਮ ਦੀ ਸ਼ੁਰੂਆਤ ਨਾਲ, ਕੈਬਨਿਟ ਮੀਟਿੰਗਾਂ ਨਾਲ ਸਬੰਧਤ ਪੂਰੀ ਪ੍ਰਕਿਰਿਆ ਡਿਜੀਟਲ ਢੰਗ ਨਾਲ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਫੈਸਲੇ ਲੈਣ ਵਿੱਚ ਤੇਜ਼ੀ ਆਵੇਗੀ, ਗੁਪਤ ਦਸਤਾਵੇਜ਼ਾਂ ਦੀ ਸੁਰੱਖਿਆ ਮਜ਼ਬੂਤ ਹੋਵੇਗੀ ਅਤੇ ਵਿਭਾਗਾਂ ਵਿਚਕਾਰ ਤਾਲਮੇਲ ਹੋਰ ਪ੍ਰਭਾਵਸ਼ਾਲੀ ਹੋਵੇਗਾ। ਮੀਟਿੰਗ ਦੌਰਾਨ, ਐਨਆਈਸੀ ਮਾਹਿਰਾਂ ਨੇ ਮੁੱਖ ਮੰਤਰੀ ਨੂੰ ਵੱਖ-ਵੱਖ ਰਾਜਾਂ ਵਿੱਚ ਲਾਗੂ ਕੀਤੇ ਗਏ ਈ-ਕੈਬਿਨੇਟ ਸਿਸਟਮ ਦੇ ਤਜ਼ਰਬੇ ਅਤੇ ਕੰਮਕਾਜ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਇਸ ਨਾਲ ਕੰਮ ਦੀ ਗਤੀ, ਕੁਸ਼ਲਤਾ ਅਤੇ ਪ੍ਰਸ਼ਾਸਨ ਵਿੱਚ ਪਾਰਦਰਸ਼ਤਾ ਵਰਗੇ ਸਕਾਰਾਤਮਕ ਨਤੀਜੇ ਸਾਹਮਣੇ ਆਏ ਹਨ।

## ਮੁੰਬਈ ਦੀ ਇਮਾਰਤ 'ਚ ਲੱਗੀ ਅੱਗ, ਦਮ ਘੁੱਟਣ ਨਾਲ 7 ਲੋਕ ਹਸਪਤਾਲ 'ਚ ਭਰਤੀ

ਮੁੰਬਈ 19 ਅਗਸਤ। ਮੁੰਬਈ ਦੇ ਬਾਂਦਰਾ (ਪੱਛਮੀ) ਇਲਾਕੇ ਦੀ ਇੱਕ ਰਿਹਾਇਸ਼ੀ ਇਮਾਰਤ ਵਿੱਚ ਅੱਗ ਲੱਗਣ ਤੋਂ ਬਾਅਦ ਧੂੰਏਂ ਦੀ ਲਪੇਟ ਵਿੱਚ ਆਉਣ ਕਾਰਨ ਸੱਤ ਲੋਕਾਂ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਮੁੰਬਈ ਫਾਇਰ ਬ੍ਰਿਗੇਡ ਦੇ ਸੂਤਰਾਂ ਅਨੁਸਾਰ, ਬਾਂਦਰਾ (ਪੱਛਮੀ) ਵਿੱਚ ਸਟੇਸ਼ਨ ਰੋਡ 'ਤੇ ਸਥਿਤ ਸੱਤ ਮੰਜ਼ਿਲਾ ਇਮਾਰਤ 'ਐਮ ਕੇ ਚੈਂਬੂਰ' ਦੇ 'ਬੀ ਵਿੰਗ' ਵਿੱਚ ਸਵੇਰੇ 10:23 ਵਜੇ ਅੱਗ ਲੱਗਣ ਦੀ ਸੂਚਨਾ ਮਿਲੀ ਸੀ। ਬ੍ਰਿਹਨਮੁੰਬਈ ਨਗਰ ਨਿਗਮ (2$3) ਨੇ ਇੱਕ ਅਪਡੇਟ ਵਿੱਚ ਦੱਸਿਆ ਕਿ ਫਾਇਰ ਫਾਈਟਰਾਂ ਨੇ ਅੱਗ 'ਤੇ ਕਾਬੂ ਪਾ ਲਿਆ ਅਤੇ ਸਵੇਰੇ 10:49 ਵਜੇ ਤੱਕ ਇਸ ਨੂੰ ਪੂਰੀ ਤਰ੍ਹਾਂ ਬੁਝਾ ਦਿੱਤਾ। ਧੂੰਏਂ ਕਾਰਨ ਦਮ ਘੁੱਟਣ ਦੀ ਸ਼ਿਕਾਇਤ ਤੋਂ ਬਾਅਦ ਪ੍ਰਭਾਵਿਤ ਸੱਤ ਲੋਕਾਂ ਨੂੰ ਤੁਰੰਤ ਬਾਂਦਰਾ ਭਾਭਾ ਹਸਪਤਾਲ ਲਿਜਾਇਆ ਗਿਆ। ਹਸਪਤਾਲ ਵਿੱਚ ਭਰਤੀ ਲੋਕਾਂ ਦੀ ਪਛਾਣ ਗ਼ਜ਼ਾਲਾ ਜਾਵੇਦ ਸ਼ੇਖ (ਉਮਰ 47 ਸਾਲ), ਮਾਰੀਆ ਜਾਵੇਦ ਸ਼ੇਖ (ਉਮਰ 12 ਸਾਲ) ਅਤੇ ਮਾਹੇ ਨੂਰ ਜਾਵੇਦ ਸ਼ੇਖ (ਉਮਰ 20 ਸਾਲ) ਵਜੋਂ ਹੋਈ ਹੈ। ਹਸਪਤਾਲ ਪ੍ਰਸ਼ਾਸਨ ਨੇ ਪੁਸ਼ਟੀ ਕੀਤੀ ਹੈ ਕਿ ਸਾਰੇ ਸੱਤ ਲੋਕਾਂ ਦੀ ਹਾਲਤ ਬਿਲਕੁਲ ਸਥਿਰ ਹੈ

# ਰਾਹੁਲ ਗਾਂਧੀ ਅੰਮ੍ਰਿਤਸਰ ਤੋਂ ਕਰ ਸਕਦੇ ਪੰਜਾਬ ਚੋਣ ਮੁਹਿੰਮ ਦੀ ਸ਼ੁਰੂਆਤ, 2027 ਲਈ ਕਾਂਗਰਸ ਦਾ ਪਲਾਨ ਤਿਆਰ

**ਕੌਮੀ ਪਤ੍ਰਿਕਾ**

ਚੰਡੀਗੜ੍ਹ 19 ਅਗਸਤ। ਕਾਂਗਰਸ ਹਾਈਕਮਾਨ ਨੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਆਪਣੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਸੰਸਦ ਦਾ ਮਾਨਸੂਨ ਸੈਸ਼ਨ ਸਮਾਪਤ ਹੋਣ ਤੋਂ ਬਾਅਦ ਪਾਰਟੀ ਪੰਜਾਬ ਚੋਣਾਂ ਦੀਆਂ ਤਿਆਰੀਆਂ ਵਿੱਚ ਰੁੱਝੀ ਹੋਈ ਹੈ। ਰਾਹੁਲ ਗਾਂਧੀ ਦੇ ਇਸ ਮਹੀਨੇ ਪੰਜਾਬ ਆਉਣ ਦੀ ਉਮੀਦ ਹੈ। ਸੂਤਰਾਂ ਅਨੁਸਾਰ ਰਾਹੁਲ ਗਾਂਧੀ ਅੰਮ੍ਰਿਤਸਰ ਦੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕ ਕੇ ਪੰਜਾਬ ਵਿੱਚ ਕਾਂਗਰਸ ਦੀ ਚੋਣ ਮੁਹਿੰਮ ਦੀ ਸ਼ੁਰੂਆਤ ਕਰ ਸਕਦੇ ਹਨ। ਉਨ੍ਹਾਂ ਨਾਲ ਪਾਰਟੀ ਦੇ ਕਈ ਸੀਨੀਅਰ ਆਗੂ ਵੀ ਪੰਜਾਬ ਪਹੁੰਚਣਗੇ। ਪੰਜਾਬ ਕਾਂਗਰਸ ਦੇ ਆਗੂਆਂ ਨੇ ਰਾਹੁਲ ਗਾਂਧੀ ਦੀ ਸੰਭਾਵੀ ਫੇਰੀ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਪੰਜਾਬ ਦੇ ਮੌਜੂਦਾ ਰਾਜਨੀਤਿਕ ਹਾਲਾਤ ਅਤੇ ਸੰਗਠਨਾਤਮਕ ਮੁੱਦਿਆਂ 'ਤੇ ਚਰਚਾ ਕਰਨ ਲਈ ਸੀਨੀਅਰ ਸੂਬਾ ਆਗੂ ਦਿੱਲੀ ਵਿੱਚ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਨਾਲ ਲਗਾਤਾਰ ਮੁਲਾਕਾਤ ਕਰ ਰਹੇ ਹਨ। ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਇੱਕ ਦਿਨ ਪਹਿਲਾਂ ਦਿੱਲੀ ਵਿੱਚ ਰਾਹੁਲ ਗਾਂਧੀ ਨਾਲ ਮੁਲਾਕਾਤ ਕੀਤੀ ਅਤੇ ਪੰਜਾਬ ਕਾਂਗਰਸ ਦੇ ਵਿਧਾਇਕਾਂ ਨਾਲ



ਮੁਲਾਕਾਤ ਲਈ ਸਮਾਂ ਮੰਗਿਆ। ਕਾਂਗਰਸ ਸੂਤਰਾਂ ਅਨੁਸਾਰ, ਰਾਹੁਲ ਗਾਂਧੀ ਦੀ ਟੀਮ ਨੇ ਪਾਰਟੀ ਦੀਆਂ ਚੋਣ ਤਿਆਰੀਆਂ ਅਤੇ ਪੰਜਾਬ ਵਿੱਚ ਸੰਗਠਨਾਤਮਕ ਸਥਿਤੀ ਬਾਰੇ ਆਪਣੀ ਰਿਪੋਰਟ ਸੌਂਪ ਦਿੱਤੀ ਹੈ। ਪਾਰਟੀ ਪੱਧਰ 'ਤੇ, ਆਗੂਆਂ ਦੀ ਸਰਗਰਮੀ, ਸੰਗਠਨ ਦੀ ਸਥਿਤੀ ਅਤੇ ਸੰਭਾਵੀ ਚੋਣ ਰਣਨੀਤੀਆਂ 'ਤੇ ਫੀਡਬੈਕ ਇਕੱਠਾ ਕੀਤਾ ਜਾ ਰਿਹਾ ਹੈ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸੂਬਾ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਹੋਰ ਪ੍ਰਮੁੱਖ ਆਗੂਆਂ 'ਤੇ ਫੀਡਬੈਕ ਇਕੱਠਾ ਕੀਤਾ ਗਿਆ ਹੈ। ਪੰਜਾਬ ਕਾਂਗਰਸ ਦੇ ਅੰਦਰ ਧੜੇਬੰਦੀ ਦਾ ਮੁੱਦਾ ਕਾਫ਼ੀ ਸਮੇਂ ਤੋਂ ਹਾਈਕਮਾਨ ਲਈ ਇੱਕ ਚੁਣੌਤੀ ਰਿਹਾ ਹੈ। 1 ਜੁਲਾਈ ਨੂੰ, ਕਾਂਗਰਸ ਹਾਈਕਮਾਨ ਨੇ ਪੰਜਾਬ ਕਾਂਗਰਸ ਦੀਆਂ ਚੋਣ ਕਮੇਟੀਆਂ ਦਾ ਐਲਾਨ ਕੀਤਾ। ਇਸ ਤੋਂ ਬਾਅਦ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਸਮਰਥਕਾਂ ਨੇ ਸੂਬਾ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਭੂਮਿਕਾ 'ਤੇ ਸਵਾਲ ਖੜ੍ਹੇ ਕੀਤੇ। ਹੁਣ, ਰਾਹੁਲ ਗਾਂਧੀ ਦੇ ਅੰਮ੍ਰਿਤਸਰ ਪਹੁੰਚਣ ਅਤੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਨਾਲ, ਪੰਜਾਬ ਵਿੱਚ ਚੋਣ ਗਤੀਵਿਧੀਆਂ ਨੂੰ ਤੇਜ਼ ਕਰਨ ਦੀ ਪਾਰਟੀ ਦੀ ਰਣਨੀਤੀ ਨੂੰ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ।

## ਸ਼ੌਰਿਆ ਚੱਕਰ ਵਿਜੇਤਾ ਦੀ ਵਿਧਵਾ ਨੂੰ 26 ਸਾਲ ਬਾਅਦ ਮਿਲਿਆ ਇਨਸਾਫ਼

ਨਵੀਂ ਦਿੱਲੀ 19 ਅਗਸਤ। ਕਈ ਵਾਰ ਸਰਕਾਰੀ ਲਾਪਰਵਾਹੀ ਉਨ੍ਹਾਂ ਪਰਿਵਾਰਾਂ ਨੂੰ ਵੀ ਨਹੀਂ ਬਖ਼ਸ਼ਦੀ ਜਿਨ੍ਹਾਂ ਨੇ ਦੇਸ਼ ਲਈ ਆਪਣੀ ਜਾਨ ਦੇ ਦਿੱਤੀ ਹੋਵੇ। ਇਸ ਦੀ ਇੱਕ ਉਦਾਹਰਣ ਸ਼ੌਰਿਆ ਚੱਕਰ ਨਾਲ ਸਨਮਾਨਿਤ ਮੋਹਨ ਸਿੰਘ ਦੀ ਵਿਧਵਾ ਦਾ ਦਹਾਕਿਆਂ ਲੰਬਾ ਸੰਘਰਸ਼ ਹੈ, ਜਿਨ੍ਹਾਂ ਨੂੰ ਆਪਣੇ ਹੱਕ ਦੀ ਸਪੈਸ਼ਲ ਫੈਮਿਲੀ ਪੈਨਸ਼ਨ ਪਾਉਣ ਲਈ 26 ਸਾਲ ਤੱਕ ਇੰਤਜ਼ਾਰ ਕਰਨਾ ਪਿਆ ਅਤੇ ਉਹ ਵੀ ਤਦ ਜਦੋਂ ਸੁਪਰੀਮ ਕੋਰਟ ਨੇ ਦਖ਼ਲ ਦਿੱਤਾ। ਜਨਰਲ ਰਿਜ਼ਰਵ ਇੰਜੀਨੀਅਰਿੰਗ ਫੋਰਸ 'ਚ ਓਵਰਸੀਅਰ ਰਹੇ ਮੋਹਨ ਸਿੰਘ ਸਰਹੱਦ 'ਤੇ ਇੱਕ ਅਹਿਮ ਸੜਕ ਬਣਾਉਣ ਦੇ ਕਮਜ਼ੋਰ ਕੰਮ ਦੇ ਇੰਚਾਰਜ ਸਨ। 10 ਜੁਲਾਈ 2000 ਨੂੰ ਜਦੋਂ ਪਹਾੜੀ ਦੀ ਚੋਟੀ ਤੋਂ ਮਲਬੇ ਦੇ ਨਾਲ ਇੱਕ ਵੱਡਾ ਪੱਥਰ ਹੇਠਾਂ ਡਿੱਗਿਆ ਤਾਂ ਉਨ੍ਹਾਂ ਨੇ ਮਜ਼ਦੂਰਾਂ ਨੂੰ ਤਾਂ ਉੱਥੋਂ ਹਟਾ ਦਿੱਤਾ ਪਰ ਖ਼ੁਦ ਨਹੀਂ ਬਚ ਸਕੇ ਅਤੇ ਮਾਰੇ ਗਏ। ਕੇਂਦਰ ਸਰਕਾਰ ਨੇ 2001 'ਚ ਉਨ੍ਹਾਂ ਨੂੰ ਮਰਨ ਉਪਰੰਤ ਸ਼ੌਰਿਆ ਚੱਕਰ ਨਾਲ ਸਨਮਾਨਿਤ ਕੀਤਾ। ਹਾਲਾਂਕਿ, ਉਨ੍ਹਾਂ ਦੀ ਵਿਧਵਾ ਨੂੰ ਵਰਕਮੈਨ ਕੰਪਨਸੇਸ਼ਨ ਐਕਟ ਦੇ ਤਹਿਤ ਰਾਹਤ ਮਿਲੀ ਨਾ ਕਿ ਸੀ.ਸੀ.ਐਸ. (ਐਕਸਟਰਾਆਰਡੀਨਰੀ ਪੈਨਸ਼ਨ) ਨਿਯਮਾਂ ਦੇ ਤਹਿਤ ਸਪੈਸ਼ਲ ਫੈਮਿਲੀ ਪੈਨਸ਼ਨ, ਜਿਸ ਦੀ ਉਹ ਹੱਕਦਾਰ ਸੀ। ਇਸ ਦਾਅਵੇ ਨੂੰ ਇਸ ਆਧਾਰ 'ਤੇ ਖ਼ਾਰਜ ਕਰ ਦਿੱਤਾ ਗਿਆ ਕਿ ਕਿਉਂਕਿ ਵਰਕਮੈਨ ਕੰਪਨਸੇਸ਼ਨ ਐਕਟ ਦੇ ਤਹਿਤ ਭੁਗਤਾਨ ਕੀਤਾ ਜਾ ਚੁੱਕਾ ਸੀ, ਇਸ ਲਈ ਸੀ.ਸੀ.ਐਸ. (ਪੈਨਸ਼ਨ) ਨਿਯਮਾਂ ਦੇ ਅਨੁਸਾਰ ਮ੍ਰਿਤਕ ਦੇ ਪਰਿਵਾਰ ਨੂੰ ਕੋਈ ਲਿਬਰਲਾਈਜ਼ਡ ਪੈਨਸ਼ਨਰੀ ਅਵਾਰਡ ਨਹੀਂ ਦਿੱਤਾ ਜਾ ਸਕਦਾ ਸੀ। ਉਹ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਗਈ, ਜਿਸ ਨੇ ਮੰਨਿਆ ਕਿ ਉਹ ਐਕਸਟਰਾਆਰਡੀਨਰੀ ਪੈਨਸ਼ਨ ਦੀ ਹੱਕਦਾਰ ਸੀ, ਪਰ ਬਕਾਇਆ ਰਾਸ਼ੀ ਦਾ ਭੁਗਤਾਨ ਪਟੀਸ਼ਨ ਦਾਖ਼ਲ ਕਰਨ ਦੀ ਤਾਰੀਖ਼ ਤੋਂ ਹੀ ਕਰਨ ਦਾ ਹੁਕਮ ਦਿੱਤਾ ਅਤੇ ਪਤੀ ਦੀ ਮੌਤ ਦੀ ਤਾਰੀਖ਼ ਤੋਂ ਰਾਹਤ ਦੇਣ ਤੋਂ ਇਨਕਾਰ ਕਰ ਦਿੱਤਾ। ਜਦੋਂ ਮਾਮਲਾ ਸੁਪਰੀਮ ਕੋਰਟ ਪਹੁੰਚਿਆ ਤਾਂ ਜਸਟਿਸ ਕੇ.ਵੀ. ਵਿਸ਼ਵਨਾਥਨ ਅਤੇ ਅਰੁਣ ਪੱਲੀ ਦੀ ਬੈਂਚ ਨੇ ਕਿਹਾ ਕਿ ਕੇਂਦਰ ਸਰਕਾਰ ਤੋਂ ਗ਼ਲਤੀ ਹੋਈ ਸੀ। ਉਨ੍ਹਾਂ ਨੂੰ ਮੋਹਨ ਸਿੰਘ ਦੇ ਮਾਮਲੇ ਨੂੰ ਸੀ.ਸੀ.ਐਸ. ਪੈਨਸ਼ਨ ਨਿਯਮਾਂ ਦੀ ਸਹੀ ਕੈਟੇਗਰੀ 'ਸੀ' 'ਚ ਰੱਖਣਾ ਚਾਹੀਦਾ ਸੀ ਅਤੇ ਮੋਹਨ ਸਿੰਘ ਦੀ ਮੌਤ ਦੇ ਤੁਰੰਤ ਬਾਅਦ ਹੀ ਉਨ੍ਹਾਂ ਨੂੰ ਇਸ ਦਾ ਫ਼ਾਇਦਾ ਦੇਣਾ ਚਾਹੀਦਾ ਸੀ।

# ਆਜ਼ਾਦੀ ਦਿਹਾੜੇ ਮੌਕੇ ਕਾਂਗਰਸ ਨੇ ਕੀਤਾ 'ਵੰਦੇ ਮਾਤਰਮ' ਦਾ ਅਪਮਾਨ, ਮੰਗਣ ਮੁਆਫ਼ੀ: ਅਮਿਤ ਸ਼ਾਹ

**ਕੌਮੀ ਪਤ੍ਰਿਕਾ**

ਜੈਪੁਰ 19 ਅਗਸਤ। ਕਾਂਗਰਸ ਪਾਰਟੀ 'ਤੇ ਰਾਸ਼ਟਰੀ ਗੀਤ ਵੰਦੇ ਮਾਤਰਮ ਦਾ ਅਪਮਾਨ ਕਰਨ ਦਾ ਦੋਸ਼ ਲਗਾਉਂਦੇ ਹੋਏ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮੰਗ ਕੀਤੀ ਕਿ ਵਿਰੋਧੀ ਪਾਰਟੀ ਇਸ ਲਈ ਦੇਸ਼ ਦੇ ਲੋਕਾਂ ਅਤੇ ਗੀਤ ਦੇ ਨਿਰਮਾਤਾ ਬੰਕਿਮ ਚੰਦਰ ਚੈਟਰਜੀ ਦੀ ਅਮਰ ਆਤਮਾ ਤੋਂ ਮੁਆਫੀ ਮੰਗੇ। ਸ਼ਾਹ ਨੇ ਦੋਸ਼ ਲਗਾਇਆ ਕਿ ਕਾਂਗਰਸ ਪਾਰਟੀ ਵੋਟ ਬੈਂਕ ਦੇ ਲਾਲਚ ਵਿੱਚ ਵੰਦੇ ਮਾਤਰਮ ਨੂੰ ਭੁੱਲ ਗਈ ਹੈ। ਸ਼ਾਹ ਨਿੰਬੇੜਾ (ਚਿਤੌੜਗੜ੍ਹ) ਵਿੱਚ ਅਟਲ ਗੌਰਵ ਸਮ੍ਰਿਤੀ ਸਮਾਰੋਹ ਵਿੱਚ ਇੱਕ ਜਨਤਕ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਸ਼ਨੀਵਾਰ ਨੂੰ ਦਿੱਲੀ ਦੇ ਲਾਲ ਕਿਲ੍ਹੇ ਵਿਖੇ ਆਜ਼ਾਦੀ ਦਿਵਸ ਦੇ ਜਸ਼ਨਾਂ ਦਾ ਹਵਾਲਾ ਦਿੰਦੇ ਹੋਏ ਸ਼ਾਹ ਨੇ ਕਿਹਾ ਕਿ ਇਸ ਸਾਲ ਦੇ ਸਮਾਰੋਹ ਵਿੱਚ ਵੱਡੀ ਤਬਦੀਲੀ ਇਹ ਸੀ ਕਿ ਆਜ਼ਾਦੀ ਦੇ 80 ਸਾਲਾਂ ਬਾਅਦ, 80 ਸਾਲਾਂ ਵਿੱਚ ਪਹਿਲੀ ਵਾਰ ਲਾਲ ਕਿਲ੍ਹੇ ਦੀ ਫ਼ਸੀਲ 'ਤੇ ਅਤੇ ਦੇਸ਼ ਭਰ



ਵਿੱਚ ਝੰਡਾ ਲਹਿਰਾਉਣ ਦੇ ਸਮਾਰੋਹਾਂ ਵਿੱਚ ਵੰਦੇ ਮਾਤਰਮ ਗਾਇਆ ਗਿਆ। ਉਨ੍ਹਾਂ ਦੋਸ਼ ਲਾਇਆ, ਕਾਂਗਰਸ ਵੰਦੇ ਮਾਤਰਮ ਨੂੰ ਭੁੱਲ ਗਈ ਹੈ। ਉਨ੍ਹਾਂ ਕਿਹਾ, ਬੰਕਿਮ ਚੰਦਰ ਚੈਟਰਜੀ ਦੀ ਉਹ ਅਮਰ ਰਚਨਾ, ਇੱਕ ਗੀਤ ਦੇ ਦੋ ਸ਼ਬਦ, ਵੰਦੇ ਮਾਤਰਮ... ਭਾਰਤ ਮਾਤਾ ਦੀ ਮੈਂ ਵੰਦਨਾ ਕਰਦਾ ਹਾਂ...ਇਹ ਕਹਿੰਦੇ ਹੋਏ ਹਜ਼ਾਰਾਂ-ਲੱਖਾਂ ਲੋਕ ਫਾਂਸੀ 'ਤੇ ਚੜ੍ਹ ਗਏ, ਗੋਲੀਆਂ ਮਾਰੀਆਂ, ਡੰਡਿਆਂ ਨਾਲ ਕੁੱਟਮਾਰ, ਕਈ ਸਾਲ ਜੇਲ੍ਹ ਵਿੱਚ ਰਹੇ। ਉਨ੍ਹਾਂ ਕਿਹਾ ਕਿ ਇਹ ਵੰਦੇ ਮਾਤਰਮ ਦੇ ਪ੍ਰਗਟ ਹੋਣ ਦਾ 150ਵਾਂ ਸਾਲ ਹੈ... ਲਾਲ ਕਿਲ੍ਹੇ ਦੀ ਪ੍ਰਾਚੀਰ ਤੋਂ, ਪ੍ਰਧਾਨ ਮੰਤਰੀ ਮੋਦੀ ਨੇ ਵੰਦੇ ਮਾਤਰਮ ਨੂੰ ਇੱਕ ਨਵਾਂ ਜੀਵਨ ਦਿੱਤਾ ਹੈ। ਕਾਂਗਰਸ ਪਾਰਟੀ 'ਤੇ ਸ਼ਨੀਵਾਰ ਨੂੰ ਆਪਣੇ ਮੁੱਖ ਦਫਤਰ ਵਿਖੇ ਆਯੋਜਿਤ ਇੱਕ ਸਮਾਗਮ ਵਿੱਚ ਰਾਸ਼ਟਰੀ ਗੀਤ ਦਾ ਅਪਮਾਨ ਕਰਨ ਦਾ ਦੋਸ਼ ਲਗਾਉਂਦੇ ਉਨ੍ਹਾਂ ਕਿਹਾ, ਅਤੇ ਉਨ੍ਹਾਂ ਦੀ ਬੇਸ਼ਰਮੀ ਦੇਖੋ। ਕਾਂਗਰਸ ਪਾਰਟੀ ਦੇ ਮੁੱਖ ਦਫ਼ਤਰ ਵਿੱਚ ਵੰਦੇ ਮਾਤਰਮ ਗਾਇਆ ਜਾ ਰਿਹਾ ਸੀ। ਜਦੋਂ ਗੀਤ ਅਜੇ ਚੱਲ ਰਿਹਾ ਸੀ, ਕਾਂਗਰਸ ਨੇਤਾ ਸੋਨੀਆ ਗਾਂਧੀ ਨੇ ਕਾਂਗਰਸ ਪ੍ਰਧਾਨ ਨੂੰ ਇਸਨੂੰ ਰੋਕਣ ਲਈ ਕਿਹਾ। ਅਸੀਂ ਸਾਰਿਆਂ ਨੇ ਟੀਵੀ 'ਤੇ ਦੇਖਿਆ।"

# 'ਜੇ ਤੁਸੀਂ ਨਹੀਂ ਕਰੋਗੇ ਤਾਂ ਅਸੀਂ ਹੁਕਮ ਦੇਵਾਂਗੇ', ਪੈਕ ਕੀਤੇ ਭੋਜਨ 'ਤੇ ਚਿਤਾਵਨੀ ਲੇਬਲ ਨੂੰ ਲੈ ਕੇ ਸੁਪਰੀਮ ਕੋਰਟ ਦਾ ਕੇਂਦਰ ਨੂੰ ਅਲਟੀਮੇਟਮ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 19 ਅਗਸਤ। ਪੈਕਟਬੰਦ ਖਾਧ ਪਦਾਰਥਾਂ 'ਤੇ ਚਿਤਾਵਨੀ ਲੇਬਲ ਲਗਾਉਣ ਦੇ ਮਾਮਲੇ 'ਚ ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਅਤੇ FSSAI ਨੂੰ ਸਖ਼ਤ ਅਲਟੀਮੇਟਮ ਦਿੱਤਾ ਹੈ। ਵੀਰਵਾਰ ਨੂੰ, ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਨੂੰ ਅਲਟੀਮੇਟਮ ਜਾਰੀ ਕੀਤਾ ਕਿ ਉਹ ਪੈਕ ਕੀਤੇ ਭੋਜਨ ਉਤਪਾਦਾਂ ਦੇ ਸਾਹਮਣੇ ਚਿਤਾਵਨੀ ਲੇਬਲ ਲਗਾਏ ਜਿਨ੍ਹਾਂ ਵਿੱਚ ਖੰਡ, ਨਮਕ ਅਤੇ ਸੰਤ੍ਰਿਪਤ ਚਰਬੀ ਦੀ ਮਾਤਰਾ ਜ਼ਿਆਦਾ ਹੋਵੇ। ਜਸਟਿਸ ਜੇ.ਬੀ. ਪਾਰਦੀਵਾਲਾ ਅਤੇ ਜਸਟਿਸ ਕੇ. ਵਿਨੋਦ ਚੰਦਰਨ ਦੀ ਬੈਂਚ ਨੇ ਚਿਤਾਵਨੀ ਦਿੰਦਿਆਂ ਕਿਹਾ, ਜੇ ਤੁਸੀਂ ਨਹੀਂ ਕਰ ਸਕਦੇ ਤਾਂ ਅਸੀਂ ਹੁਕਮ ਪਾਸ ਕਰਾਂਗੇ। ਜਨਹਿਤ ਪਟੀਸ਼ਨ ਦੀ ਸੁਣਵਾਈ ਦੌਰਾਨ ਪਟੀਸ਼ਨਰ ਨੇ ਖਾਧ ਰੈਗੂਲੇਟਰ ਦੇ ਇਸ ਤਰਕ ਵੱਲ ਧਿਆਨ ਦਿਵਾਇਆ ਕਿ ਉਦਯੋਗ ਲੇਬਲਿੰਗ ਦੇ ਵਿਚਾਰ ਦਾ ਵਿਰੋਧ ਕਰ ਰਿਹਾ ਸੀ। ਪਟੀਸ਼ਨਰ ਨੇ ਖਾਧ ਪੈਕਟਾਂ 'ਤੇ ਚਿਤਾਵਨੀ ਲੇਬਲ ਲਗਾਉਣ ਦੇ ਉਦਯੋਗ ਦੇ ਵਿਰੋਧ ਦਾ ਹਵਾਲਾ ਦਿੰਦਿਆਂ ਦੱਸਿਆ ਕਿ FSSAI ਨੇ ਵਾਧੂ ਖੰਡ, ਸੰਤ੍ਰਿਪਤ ਚਰਬੀ ਅਤੇ ਲੂਣ ਦੀ ਸਿਫ਼ਾਰਸ਼ ਕੀਤੀ ਰੋਜ਼ਾਨਾ ਲੋੜ ਦੀ ਸਾਰਣੀਬੱਧ ਘੋਸ਼ਣਾ ਦਾ ਸੁਝਾਅ ਦਿੱਤਾ ਹੈ। ਜਿਸ ਤੋਂ ਬਾਅਦ ਜਸਟਿਸ ਜੇ.ਬੀ. ਪਾਰਦੀਵਾਲਾ ਅਤੇ ਜਸਟਿਸ ਕੇ. ਵਿਨੋਦ ਚੰਦਰਨ ਦੀ ਬੈਂਚ ਨੇ FSSAI ਨੂੰ ਝਾੜ ਪਾਈ। ਸੁਪਰੀਮ ਕੋਰਟ ਨੇ ਕੇਂਦਰ ਅਤੇ ਖਾਧ ਰੈਗੂਲੇਟਰ ਦੀ ਕਾਰਜਪ੍ਰਣਾਲੀ 'ਤੇ ਸਖ਼ਤ ਨਾਰਾਜ਼ਗੀ ਪ੍ਰਗਟ ਕਰਦਿਆਂ ਸਵਾਲ ਉਠਾਇਆ ਕਿ ਕੀ ਇਹ ਅਥਾਰਟੀਆਂ ਕਾਰਪੋਰੇਟ ਜਗਤ ਦੇ ਦਬਾਅ ਅੱਗੇ ਝੁਕ ਰਹੀਆਂ ਹਨ? ਕੋਰਟ ਨੇ ਸਾਫ਼ ਕੀਤਾ ਕਿ ਇਹ ਮਾਮਲਾ ਦੇਸ਼ ਦੇ ਨਾਗਰਿਕਾਂ ਅਤੇ ਖ਼ਾਸ ਕਰਕੇ ਬੱਚਿਆਂ ਦੀ ਸਿਹਤ ਨਾਲ ਜੁੜਿਆ ਹੈ, ਇਸ ਲਈ ਇਸ ਉੱਤੇ ਫ਼ੈਸਲਾ ਉਦਯੋਗਾਂ ਦੇ ਵਿਰੋਧ ਤੋਂ ਨਹੀਂ ਸਗੋਂ ਜਨਹਿਤ ਤੋਂ ਸੰਚਾਲਿਤ ਹੋਣਾ ਚਾਹੀਦਾ ਹੈ। ਬੈਂਚ ਨੇ ਕੇਂਦਰ ਸਰਕਾਰ ਦੀ ਪ੍ਰਤੀਨਿਧਤਾ ਕਰ ਰਹੇ



ਵਧੀਕ ਸੌਲਿਸਟਰ ਜਨਰਲ ਬ੍ਰਿਜੇਂਦਰ ਚਾਹਰ ਨੂੰ ਸਵਾਲ ਕੀਤਾ ਕਿ ਅਦਾਲਤ ਦੇ ਹੁਕਮਾਂ ਦੀ ਪਾਲਣਾ ਕਿਉਂ ਨਹੀਂ ਕੀਤੀ ਜਾ ਰਹੀ ਹੈ ਅਤੇ ਸਰਕਾਰ ਨੇ ਇਸ ਸਬੰਧ 'ਚ ਹੁਣ ਤੱਕ ਕੀ ਕਦਮ ਚੁੱਕੇ ਹਨ? ਕੀ ਸਰਕਾਰ ਖ਼ੁਦ ਅਜਿਹਾ ਕਰੇਗੀ ਜਾਂ ਸਾਨੂੰ ਹੁਕਮ ਜਾਰੀ ਕਰਨਾ ਪਵੇਗਾ? ਇਸ ਦੌਰਾਨ ASG ਬ੍ਰਿਜੇਂਦਰ ਚਾਹਰ ਨੇ ਅਦਾਲਤ ਤੋਂ ਸਰਕਾਰ ਦੀ ਪ੍ਰਸਤਾਵਿਤ ਕਾਰਜਯੋਜਨਾ ਨੂੰ ਸਪੱਸ਼ਟ ਕਰਨ ਦੀ ਇਜਾਜ਼ਤ ਦੇਣ ਦੀ ਬੇਨਤੀ ਕੀਤੀ ਪਰ ਅਦਾਲਤ ਨੇ ਸਪੱਸ਼ਟ ਰੂਪ 'ਚ ਕਿਹਾ ਕਿ ਸਰਕਾਰ ਨੂੰ ਬਿਲਕੁਲ ਉਹੀ ਕਰਨਾ ਹੋਵੇਗਾ ਜੋ ਅਦਾਲਤ ਨੇ ਨਿਰਦੇਸ਼ ਦਿੱਤਾ ਹੈ। ਕੋਰਟ ਨੇ ਫਿਰ ਆਪਣੇ ਹੁਕਮ ਨੂੰ ਦੁਹਰਾਉਂਦਿਆਂ ਕਿਹਾ, ਜੇ ਤੁਸੀਂ ਅਜਿਹਾ ਨਹੀਂ ਕਰ ਸਕਦੇ ਤਾਂ ਅਸੀਂ ਹੁਕਮ ਪਾਸ ਕਰਾਂਗੇ। ASG ਨੇ ਦਲੀਲ ਦਿੱਤੀ ਕਿ ਵਿਕਸਤ ਦੇਸ਼ਾਂ ਵਿੱਚ ਖਾਧ ਪਦਾਰਥਾਂ ਵਿੱਚ ਆਮ ਤੌਰ ਉੱਤੇ ਲੂਣ, ਖੰਡ ਅਤੇ ਚਰਬੀ ਦਾ ਪੱਧਰ ਘੱਟ ਹੁੰਦਾ ਹੈ, ਇਸ ਲਈ ਉਨ੍ਹਾਂ ਹੀ ਮਾਪਦੰਡਾਂ ਨੂੰ ਸਿੱਧੇ ਤੌਰ ਉੱਤੇ ਰਵਾਇਤੀ ਭਾਰਤੀ ਖਾਧ ਪਦਾਰਥਾਂ ਉੱਤੇ ਲਾਗੂ ਕਰਨਾ ਅਣਉਚਿਤ ਹੋਵੇਗਾ। ਇਸ ਉੱਤੇ ਕੋਰਟ ਨੇ ਕੇਂਦਰ ਸਰਕਾਰ ਦੇ ਇਸ ਤਰਕ ਨੂੰ ਰੱਦ ਕਰਦਿਆਂ ਪੁੱਛਿਆ, ਕੀ ਭਾਰਤ ਨੂੰ ਇੱਕ ਅਵਿਕਸਤ ਦੇਸ਼ ਬਣੇ ਰਹਿਣਾ ਚਾਹੀਦਾ ਹੈ? ਕੀ ਭਾਰਤ ਲਈ ਵਿਕਸਤ ਦੇਸ਼ਾਂ ਦੁਆਰਾ ਅਪਣਾਏ ਜਾਣ ਵਾਲੇ ਅੰਤਰਰਾਸ਼ਟਰੀ ਪੈਕਜਿੰਗ ਮਾਪਦੰਡਾਂ ਦੀ ਪਾਲਣਾ ਕਰਨਾ ਮੁਸ਼ਕਲ ਹੈ?

# ਹਿਮਾਚਲ 'ਚ ਭਿਆਨਕ ਹਾਦਸਾ: ਖੱਡ 'ਚ ਡਿੱਗੀ ਲਾਸ਼ ਲੈ ਕੇ ਜਾ ਰਹੀ ਬੋਲੈਰੋ ਗੱਡੀ, 4 ਦੀ ਮੌਤ, 9 ਜ਼ਖਮੀ

ਕੌਮੀ ਪਤ੍ਰਿਕਾ

ਨਾਹਨ 19 ਅਗਸਤ। ਹਿਮਾਚਲ ਪ੍ਰਦੇਸ਼ ਦੇ ਸਿਰਮੌਰ ਜ਼ਿਲ੍ਹੇ ਦੇ ਸੰਗਰਾ ਖੇਤਰ ਵਿੱਚ ਬੀਤੀ ਦੇਰ ਰਾਤ ਇੱਕ ਭਿਆਨਕ ਸੜਕ ਹਾਦਸਾ ਵਾਪਰ ਗਿਆ। ਇਸ ਹਾਦਸੇ ਵਿਚ ਗੈਟਲੋਗ ਨੇੜੇ ਇੱਕ ਬੋਲੈਰੋ ਕੈਂਪਰ ਕੰਟਰੋਲ ਤੋਂ ਬਾਹਰ ਹੋ ਕੇ 50 ਮੀਟਰ ਡੂੰਘੀ ਖੱਡ ਵਿੱਚ ਡਿੱਗ ਗਿਆ, ਜਿਸ ਕਾਰਨ ਚਾਰ ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਡਰਾਈਵਰ ਸਮੇਤ ਨੌਂ ਹੋਰ ਜ਼ਖਮੀ ਹੋ ਗਏ। ਇਸ ਘਟਨਾ ਤੋਂ ਬਾਅਦ ਇਲਾਕੇ ਵਿਚ ਹਫੜਾ-ਦਫੜੀ ਮਚ ਗਈ। ਇਸ ਹਾਦਸੇ ਦੀ ਗੰਭੀਰ ਰੂਪ ਵਿੱਚ ਜ਼ਖਮੀ ਹੋਏ ਚਾਰ ਹੋਰ ਲੋਕਾਂ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਨਾਹਨ ਮੈਡੀਕਲ ਕਾਲਜ ਰੈਫਰ ਕਰ ਦਿੱਤਾ ਗਿਆ। ਮਿਲੀ ਜਾਣਕਾਰੀ ਮੁਤਾਬਕ ਇਹ ਹਾਦਸਾ ਉਸ ਸਮੇਂ ਵਾਪਰਿਆ, ਜਦੋਂ ਪਰਿਵਾਰਕ ਮੈਂਬਰ ਇੱਕ ਮੈਂਬਰ ਦੀ ਲਾਸ਼ ਲੈ ਕੇ ਪਿੰਡ ਵਾਪਸ ਆ ਰਹੇ ਸਨ। ਸੰਗਰਾਹ ਪੁਲਸ ਸਟੇਸ਼ਨ ਵਿੱਚ ਦਰਜ ਬਿਆਨ ਅਨੁਸਾਰ, ਚਿਨਾਡ ਪਿੰਡ (ਨੌਹਰਾਧਰ) ਦੇ ਨਿਵਾਸੀ ਸੁਨੀਲ ਸ਼ਰਮਾ ਆਪਣੇ ਚਾਚੇ ਜਗਦੀਸ਼ ਸ਼ਰਮਾ ਨੂੰ ਦਿਲ ਦਾ ਦੌਰਾ ਪੈਣ ਤੋਂ ਬਾਅਦ ਸੰਗਰਾਹ ਹਸਪਤਾਲ ਲੈ ਕੇ ਆਏ ਸਨ। ਹਸਪਤਾਲ ਦੇ ਡਾਕਟਰਾਂ ਨੇ ਜਾਂਚ ਤੋਂ ਬਾਅਦ ਉਸਨੂੰ ਮ੍ਰਿਤਕ ਐਲਾਨ




ਦਿੱਤਾ। ਇਸ ਤੋਂ ਬਾਅਦ ਪਰਿਵਾਰ ਨੇ ਜਗਦੀਸ਼ ਸ਼ਰਮਾ ਦੀ ਲਾਸ਼ ਨੂੰ ਉਸਦੇ ਪਿੰਡ ਅਰਲੂ ਲਿਜਾਣ ਲਈ ਇੱਕ ਬੋਲੈਰੋ ਕੈਂਪਰ (ਨੰਬਰ 8♦79-4595) ਕਿਰਾਏ 'ਤੇ ਲਈ। ਇਸ ਵਾਹਨ ਨੂੰ ਡੁੰਗੀ (ਲਾਨਾ ਪਾਲੇਰ) ਦੇ ਵਸਨੀਕ ਕਪਿਲ ਦੇਵ ਚਲਾ ਰਹੇ ਸਨ। ਪੁਲਸ ਦੇ ਅਨੁਸਾਰ, ਜਦੋਂ ਗੱਡੀ ਚਿਨਾਡ ਪਿੰਡ ਪਹੁੰਚੀ ਤਾਂ ਪਰਿਵਾਰ ਅਤੇ ਕੁਝ ਹੋਰ ਪਿੰਡ ਵਾਸੀ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਗੱਡੀ ਵਿੱਚ ਸਵਾਰ ਹੋ ਗਏ। ਰਾਤ ਕਰੀਬ ਲਗਭਗ 12:45 ਵਜੇ ਜਦੋਂ ਬੋਲੇਰੋ ਗੈਟਲਾਗ ਨੇੜੇ ਪਹੁੰਚੀ ਤਾਂ ਡਰਾਈਵਰ ਨੇ ਗੱਡੀ ਤੋਂ ਕੰਟਰੋਲ ਗੁਆ ਦਿੱਤਾ। ਇਸ ਤੋਂ ਬਾਅਦ ਗੱਡੀ ਸੜਕ ਤੋਂ ਲਗਭਗ 50 ਮੀਟਰ ਡੂੰਘੀ ਢਲਾਣ ਤੋਂ ਪਲਟੀਆਂ ਮਾਰਦੇ ਹੋਏ ਹੇਠਾਂ ਡਿੱਗ ਪਈ। ਇਸ ਹਾਦਸੇ ਵਿੱਚ ਰਾਜੇਂਦਰ (37) ਪੁੱਤਰ ਨੂਪਾ ਰਾਮ ਨਿਵਾਸੀ ਅਰਲੂ, ਦੇਸ ਰਾਜ (23) ਪੁੱਤਰ ਪ੍ਰੇਮ ਸਿੰਘ ਨਿਵਾਸੀ ਅਰਲੂ, ਰਿਖੀ ਰਾਮ (58) ਪੁੱਤਰ ਜਾਗਰ ਸਿੰਘ ਨਿਵਾਸੀ ਚਿਨਾਡ ਅਤੇ ਰਾਮ ਗੋਪਾਲ (62) ਪੁੱਤਰ ਗੰਗਾ ਰਾਮ ਨਿਵਾਸੀ ਚਿਨਾਡ ਦੀ ਮੌਤ ਹੋ ਗਈ। ਹਾਦਸੇ ਵਿੱਚ ਨੌਂ ਲੋਕ ਜ਼ਖਮੀ ਹੋ ਗਏ। ਇਨ੍ਹਾਂ ਵਿੱਚ ਬ੍ਰਿਜ ਮੋਹਨ (62), ਕ੍ਰਿਪਾ ਰਾਮ (61), ਦੇਵੇਂਦਰ ਸਿੰਘ (44), ਸੁਨੀਲ ਸ਼ਰਮਾ (21), ਰਾਮ ਸਵਰੂਪ (44), ਜੈ ਪ੍ਰਕਾਸ਼ (45), ਸੰਦੀਪ (21), ਕਮਲੇਂਦਰ (48) ਅਤੇ ਡਰਾਈਵਰ ਕਪਿਲ ਦੇਵ (39) ਸ਼ਾਮਲ ਹਨ। ਮੈਡੀਕਲ ਅਧਿਕਾਰੀਆਂ ਦੇ ਅਨੁਸਾਰ, ਕਮਲੇਂਦਰ, ਸੰਦੀਪ, ਰਾਮ ਸਵਰੂਪ ਅਤੇ ਡਰਾਈਵਰ ਕਪਿਲ ਦੇਵ ਨੂੰ ਗੰਭੀਰ ਸੱਟਾਂ ਲੱਗੀਆਂ ਹਨ ਅਤੇ ਉਨ੍ਹਾਂ ਨੂੰ ਅਗਲੇ ਇਲਾਜ ਲਈ ਨਾਹਨ ਮੈਡੀਕਲ ਕਾਲਜ ਰੈਫਰ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ, ਸੰਗਰਾ ਹਸਪਤਾਲ ਵਿੱਚ 5 ਹੋਰ ਜ਼ਖਮੀਆਂ ਦਾ ਇਲਾਜ ਚੱਲ ਰਿਹਾ ਹੈ।

### ਸਰਹੱਦ 'ਤੇ ਵੱਡੀ ਕਾਰਵਾਈ ! ਫ਼ਰਜ਼ੀ ਕਾਗਜ਼ਾਤਾਂ ਨਾਲ ਭਾਰਤ ਆ ਰਹੀ ਥਾਈਲੈਂਡ ਦੀ ਔਰਤ ਹਿਰਾਸਤ 'ਚ

ਨੈਸ਼ਨਲ ਡੈਸਕ 19 ਅਗਸਤ। ਮਹਾਰਾਜਗੰਜ ਜ਼ਿਲ੍ਹੇ ਵਿੱਚ ਨੇਪਾਲ ਸਰਹੱਦ ਨਾਲ ਲੱਗਦੇ ਸੋਨੌਲੀ ਖੇਤਰ ਵਿੱਚ ਇੱਕ ਥਾਈ ਔਰਤ ਨੂੰ ਜਾਅਲੀ ਦਸਤਾਵੇਜ਼ ਰੱਖਣ ਦੇ ਦੋਸ਼ ਵਿੱਚ ਹਿਰਾਸਤ ਵਿੱਚ ਲਿਆ ਗਿਆ ਹੈ। ਪੁਲਸ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ। ਸੂਤਰਾਂ ਨੇ ਮੰਗਲਵਾਰ ਨੂੰ ਦੱਸਿਆ ਕਿ ਸੋਨੌਲੀ ਸਰਹੱਦ 'ਤੇ ਇੱਕ ਨਿਯਮਤ ਨਿਰੀਖਣ ਦੌਰਾਨ, 32 ਸਾਲਾ ਚੋਨ ਯੂਥੀਚਿਰਾਪ, ਇੱਕ ਥਾਈ ਔਰਤ ਨੂੰ ਨੇਪਾਲ ਤੋਂ ਭਾਰਤ ਵਿੱਚ ਦਾਖਲ ਹੁੰਦੇ ਸਮੇਂ ਰੋਕਿਆ ਗਿਆ। ਪੁੱਛਗਿੱਛ ਕਰਨ 'ਤੇ ਉਸਦੇ ਇਮੀਗ੍ਰੇਸ਼ਨ ਦਸਤਾਵੇਜ਼ਾਂ ਦੀ ਜਾਂਚ ਕੀਤੀ ਗਈ, ਜੋ ਕਿ ਜਾਅਲੀ ਪਾਏ ਗਏ। ਉਨ੍ਹਾਂ ਕਿਹਾ ਕਿ ਥਾਈ ਔਰਤ ਨੂੰ ਬਾਅਦ ਵਿੱਚ ਹਿਰਾਸਤ ਵਿੱਚ ਲਿਆ ਗਿਆ ਸੀ, ਅਤੇ ਪੁੱਛਗਿੱਛ ਦੌਰਾਨ ਉਸਨੇ ਖੁਲਾਸਾ ਕੀਤਾ ਕਿ ਉਹ ਪਹਿਲਾਂ ਕਈ ਵਾਰ ਮਥੁਰਾ ਅਤੇ ਵ੍ਰਿੰਦਾਵਨ ਗਈ ਸੀ। ਸੋਨੌਲੀ ਪੁਲਸ ਸਟੇਸ਼ਨ ਦੇ ਮੁਖੀ ਮਹਿੰਦਰ ਕੁਮਾਰ ਮਿਸ਼ਰਾ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਨਾਜਾਇਜ਼ ਸ਼ਰਾਬ ਸਮੇਤ ਇਕ ਕਾਬੂ, ਪੰਜਾਬ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ

ਕੌਮੀ ਪਤ੍ਰਿਕਾ

ਫ਼ਰੀਦਕੋਟ 19 ਅਗਸਤ। ਗੈਰ-ਕਾਨੂੰਨੀ ਸ਼ਰਾਬ ਦੇ ਕਾਰੋਬਾਰ ਖ਼?ਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਸਿਟੀ-2 ਫ਼ਰੀਦਕੋਟ ਪੁਲਸ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਇਕ ਵਿਅਕਤੀ ਨੂੰ 50 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਪੁਲਸ ਨੇ ਬਰਾਮਦ ਕੀਤੀ ਸ਼ਰਾਬ ਕਬਜ਼ੇ ਵਿਚ ਲੈ ਕੇ ਮੁਲਜ਼ਮ ਖ਼?ਲਾਫ਼ ਪੰਜਾਬ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਨਿਸ਼ਾਨ ਸਿੰਘ ਵਾਸੀ ਨਾਨਕਸਰ ਬਸਤੀ, ਫ਼ਰੀਦਕੋਟ ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਥਾਣਾ ਸਿਟੀ-2 ਫ਼ਰੀਦਕੋਟ ਦੇ ਸਹਾਇਕ ਥਾਣੇਦਾਰ ਸਰਬਜੀਤ ਸਿੰਘ ਪੁਲਸ ਪਾਰਟੀ ਸਮੇਤ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਅਤੇ ਗਸ਼ਤ ਕਰ ਰਹੇ ਸਨ। ਇਸ ਦੌਰਾਨ ਜਦੋਂ ਪੁਲਸ ਪਾਰਟੀ ਸਾਦਿਕ ਚੌਕ ਇਲਾਕੇ ਵਿਚ ਮੌਜੂਦ ਸੀ ਤਾਂ ਇਕ ਭਰੋਸੇਯੋਗ ਮੁਖ਼ਬਰ ਨੇ ਸੂਚਨਾ ਦਿੱਤੀ ਕਿ ਉਕਤ ਵਿਅਕਤੀ ਫਿਰੋਜ਼ਪੁਰ ਰੋਡ ਨੇੜੇ ਸਥਿਤ ਦੇਹ ਸੰਭਾਲ ਕੇਂਦਰ ਕੋਲ ਕੱਚੇ ਰਸਤੇ 'ਤੇ ਨਾਜਾਇਜ਼ ਸ਼ਰਾਬ ਵੇਚ ਰਿਹਾ ਹੈ। ਸੂਚਨਾ ਮਿਲਦੇ ਹੀ ਪੁਲਸ ਨੇ ਮੁਲਜ਼ਮ ਖ਼?ਲਾਫ਼ ਥਾਣਾ ਸਿਟੀ-2 ਫ਼ਰੀਦਕੋਟ ਵਿਚ ਪੰਜਾਬ ਆਬਕਾਰੀ ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਮੁਕੱਦਮਾ ਦਰਜ




ਪੁਲਸ ਨੇ ਤੁਰੰਤ ਛਾਪੇਮਾਰੀ ਕਰਕੇ ਮੁਲਜ਼ਮ ਨੂੰ ਮੌਕੇ ਤੋਂ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ 50 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਹੋਈ, ਜਿਸ ਨੂੰ ਪੁਲਸ ਨੇ ਕਬਜ਼ੇ ਵਿੱਚ ਲੈ ਲਿਆ। ਇਸ ਉਪਰੰਤ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਕਰ ਲਿਆ ਹੈ। ਪੁਲਸ ਵੱਲੋਂ ਇਹ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਮੁਲਜ਼ਮ ਇਹ ਨਾਜਾਇਜ਼ ਸ਼ਰਾਬ ਕਿੱਥੋਂ ਲਿਆਉਂਦਾ ਸੀ ਅਤੇ ਇਸ ਧੰਦੇ ਨਾਲ ਹੋਰ ਕੌਣ-ਕੌਣ ਵਿਅਕਤੀ ਜੁੜੇ ਹੋਏ ਹਨ। ਮਾਮਲੇ ਦੀ ਅਗਲੇਰੀ ਕਾਨੂੰਨੀ ਕਾਰਵਾਈ ਜਾਰੀ ਹੈ।

## ਜਲੰਧਰ 'ਚ ਤੇਜ਼ ਰ਼ਫਤਾਰ ਕਾਰ ਦਾ ਕਹਿਰ ! ਸੜਕ ਕਿਨਾਰੇ ਬੈਠੇ ਮਜ਼ਦੂਰਾਂ ਨੂੰ ਕੁਚਲਿਆ

ਜਲੰਧਰ 19 ਅਗਸਤ। ਜਲੰਧਰ ਸ਼ਹਿਰ ਦੇ ਕਪੂਰਥਲਾ ਰੋਡ 'ਤੇ ਇਕ ਤੇਜ਼ ਰਫ਼ਤਾਰ ਬੇਕਾਬੂ ਕਾਰ ਨੇ ਸੜਕ ਕਿਨਾਰੇ ਬੈਠੇ ਮਜ਼ਦੂਰਾਂ ਨੂੰ ਟੱਕਰ ਮਾਰ



ਦਿੱਤੀ। ਹਾਦਸਾ ਇੰਨਾ ਭਿਆਨਕ ਸੀ ਕਿ ਕਾਰ ਦੇ ਏਅਰਬੈਗ ਤੱਕ ਖੁੱਲ੍ਹ ਗਏ। ਹਾਦਸੇ 'ਚ ਤਿੰਨ ਮਜ਼ਦੂਰ ਗੰਭੀਰ ਜ਼ਖ਼ਮੀ ਹੋ ਗਏ ਅਤੇ ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਘਟਨਾ ਮਗਰੋਂ ਮੌਕੇ 'ਤੇ ਵੱਡੀ ਭੀੜ ਇਕੱਠੀ ਹੋ ਗਈ ਅਤੇ ਲੋਕਾਂ ਨੇ ਹੰਗਾਮਾ ਕੀਤਾ। ਸਥਾਨਕ ਲੋਕਾਂ ਮੁਤਾਬਕ ਕਾਰ ਤੇਜ਼ ਰਫ਼ਤਾਰ ਨਾਲ ਚੱਲ ਰਹੀ ਸੀ। ਅਚਾਨਕ ਡਰਾਈਵਰ ਨੇ ਆਪਣਾ ਕੰਟਰੋਲ ਗੁਆ ਦਿੱਤਾ ਅਤੇ ਸੜਕ ਕਿਨਾਰੇ ਬਣੇ ਗਟਰ ਅਤੇ ਇਕ ਦਰੱਖ਼ਤ ਵਿੱਚ ਜਾ ਵੱਜੀ, ਜਿਸ ਨਾਲ ਉੱਥੇ ਮੌਜੂਦ ਮਜ਼ਦੂਰਾਂ ਨੂੰ ਟੱਕਰ ਮਾਰੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਏਅਰਬੈਗ ਤੱਕ ਖੁੱਲ੍ਹ ਗਏ। ਹਾਦਸੇ ਤੋਂ ਬਾਅਦ ਡਰਾਈਵਰ ਨੇ ਦਾਅਵਾ ਕੀਤਾ ਕਿ ਉਹ ਆਮ ਰਫ਼ਤਾਰ ਨਾਲ ਗੱਡੀ ਚਲਾ ਰਿਹਾ ਸੀ। ਉਸ ਦੇ ਮੁਤਾਬਕ ਸੜਕ 'ਤੇ ਟੁੱਟੇ ਹੋਏ ਗਟਰ ਜਾਂ ਬਾਹਰ ਨਿਕਲੇ ਹੋਏ ਲੋਹੇ ਦੇ ਸਰੀਏ ਨਾਲ ਟਕਰਾਉਣ ਤੋਂ ਬਾਅਦ ਕਾਰ ਦਾ ਟਾਇਰ ਅਚਾਨਕ ਫਟ ਗਿਆ, ਜਿਸ ਕਾਰਨ ਕਾਰ ਕੰਟਰੋਲ ਤੋਂ ਬਾਹਰ ਹੋ ਗਈ ਅਤੇ ਮਜ਼ਦੂਰਾਂ ਨਾਲ ਟੱਕਰ ਹੋ ਗਈ। ਡਰਾਈਵਰ ਨੇ ਇਸ ਨੂੰ ਅਚਾਨਕ ਹਾਦਸਾ ਦੱਸਿਆ। ਸੂਚਨਾ ਮਿਲਣ 'ਤੇ ਬਸਤੀ ਬਾਵਾ ਖੇਲ ਪੁਲਸ ਸਟੇਸ਼ਨ ਦੇ ਨਵ-ਨਿਯੁਕਤ ਜਾਂਚ ਅਧਿਕਾਰੀ ਏ. ਐੱਸ. ਆਈ. ਜਗਤਾਰ ਸਿੰਘ ਪੁਲਸ ਟੀਮ ਨਾਲ ਮੌਕੇ 'ਤੇ ਪਹੁੰਚੇ। ਉਨ੍ਹਾਂ ਨੇ ਨੁਕਸਾਨੀ ਗਈ ਕਾਰ ਨੂੰ ਕਬਜ਼ੇ 'ਚ ਲੈ ਲਿਆ ਹੈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਹਾਦਸੇ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਸਾਰੇ ਪਹਿਲੂਆਂ ਦੀ ਜਾਂਚ ਕੀਤੀ ਜਾ ਰਹੀ ਹੈ।

## ਤਪਾ ਪੁਲਸ ਦੀ ਵੱਡੀ ਕਾਰਵਾਈ, ਹਰਿਆਣਾ ਤੇ ਰਾਜਸਥਾਨ ਦੇ 3 ਨੌਜਵਾਨਾਂ ਨੂੰ 1 ਕਿਲੋ ਅਫੀਮ ਸਣੇ ਦਬੋਚਿਆ

ਕੌਮੀ ਪਤ੍ਰਿਕਾ

ਤਪਾ ਮੰਡੀ 19 ਅਗਸਤ। ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਤਪਾ ਪੁਲਸ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਪੁਲਸ ਨੇ ਵੱਡੀ ਕਾਰਵਾਈ ਕਰਦਿਆਂ ਇੱਕ ਸਵਿਫਟ ਡਿਜ਼ਾਇਰ ਕਾਰ ਸਵਾਰ ਤਿੰਨ ਵਿਅਕਤੀਆਂ ਨੂੰ 1 ਕਿਲੋਗ੍ਰਾਮ ਅਫੀਮ ਸਮੇਤ ਕਾਬੂ ਕੀਤਾ ਹੈ। ਪੁਲਸ ਵੱਲੋਂ ਮੁਲਜ਼ਮਾਂ ਖ਼ਿਲਾਫ਼ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਥਾਣਾ ਤਪਾ ਦੇ ਮੁਖੀ ਅਮਰੀਕ ਸਿੰਘ ਗਰੇਵਾਲ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਬਰਨਾਲਾ ਮੁਹੰਮਦ ਸਰਫਰਾਜ਼ ਆਲਮ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡੀ.ਐੱਸ.ਪੀ. ਤਪਾ ਜਸਕਰਨ ਸਿੰਘ ਬਰਾੜ ਦੀ ਅਗਵਾਈ ਹੇਠ ਪੁਲਿਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਤਹਿਤ ਸਹਾਇਕ ਥਾਣੇਦਾਰ ਮਨਜਿੰਦਰ ਸਿੰਘ ਪੁਲਿਸ ਪਾਰਟੀ ਸਮੇਤ ਤਾਜੋਕੇ ਰੋਡ ਨੇੜੇ ਅਨਾਜ ਮੰਡੀ ਤਪਾ ਵਿਖੇ ਨਾਕਾਬੰਦੀ ਕਰਕੇ ਸ਼ੱਕੀ ਵਾਹਨਾਂ ਦੀ ਜਾਂਚ ਕਰ ਰਹੇ ਸਨ। ਇਸ ਦੌਰਾਨ ਪਿੰਡ ਤਾਜੋਕੇ ਵੱਲੋਂ ਇੱਕ ਸਵਿਫਟ ਡਿਜ਼ਾਇਰ ਕਾਰ ਤੇਜ਼ ਰਫ਼ਤਾਰ ਨਾਲ ਤਪਾ ਵੱਲ ਆਉਂਦੀ ਦਿਖਾਈ ਦਿੱਤੀ। ਪੁਲਸ ਨਾਕਾ ਦੇਖ ਕੇ ਕਾਰ ਸਵਾਰਾਂ ਨੇ ਘਬਰਾ ਕੇ ਅਚਾਨਕ ਬਰੇਕ ਲਗਾ ਦਿੱਤੀ ਅਤੇ ਕਾਰ ਨੂੰ ਪਿੱਛੇ ਮੋੜਨ ਦੀ ਕੋਸ਼ਿਸ਼ ਕੀਤੀ। ਪੁਲਸ ਮੁਲਾਜ਼ਮਾਂ ਨੇ ਸ਼ੱਕ ਦੇ ਆਧਾਰ 'ਤੇ ਕਾਰ ਨੂੰ ਰੋਕ ਕੇ ਉਸ ਵਿੱਚ ਸਵਾਰ ਤਿੰਨ ਵਿਅਕਤੀਆਂ ਨੂੰ ਕਾਬੂ ਕਰ ਲਿਆ। ਪੁੱਛਗਿੱਛ ਦੌਰਾਨ ਮੁਲਜ਼ਮਾਂ ਦੀ ਪਛਾਣ ਨਰਿੰਦਰ ਬਿਸ਼ਨੋਈ ਪੁੱਤਰ ਮਨੀ ਰਾਮ ਬਿਸ਼ਨੋਈ ਵਾਸੀ ਘਟੂ, ਜ਼ਿਲ੍ਹਾ



ਬੀਕਾਨੇਰ (ਰਾਜਸਥਾਨ), ਗਣੇਸ਼ ਮੁੰਡੀਆ ਪੁੱਤਰ ਅਮੀ ਲਾਲ ਵਾਸੀ ਨੀਮਲਾ, ਜ਼ਿਲ੍ਹਾ ਸਿਰਸਾ (ਹਰਿਆਣਾ) ਅਤੇ ਅੰਕਿਤ ਕੁਮਾਰ ਪੁੱਤਰ ਰਘੁਵੀਰ ਮਾਚਰਾ ਵਾਸੀ ਰਾਵਤਸਰ, ਜ਼ਿਲ੍ਹਾ ਹਨੂੰਮਾਨਗੜ੍ਹ (ਰਾਜਸਥਾਨ) ਵਜੋਂ ਹੋਈ। ਪੁਲਸ ਵੱਲੋਂ ਕਾਰ ਦੀ ਤਲਾਸ਼ੀ ਲੈਣ 'ਤੇ ਡੈਸ਼ਬੋਰਡ ਵਿੱਚੋਂ ਲਿਫ਼ਾਫ਼ੇ ਵਿੱਚ ਲਪੇਟੀ ਹੋਈ ਅਫੀਮ ਬਰਾਮਦ ਹੋਈ। ਵਜ਼ਨ ਕਰਨ 'ਤੇ ਅਫੀਮ ਦੀ ਮਾਤਰਾ 1 ਕਿਲੋਗ੍ਰਾਮ ਨਿਕਲੀ। ਪੁਲਸ ਨੇ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਉਨ੍ਹਾਂ ਨੂੰ ਪੁੱਛਗਿੱਛ ਲਈ ਦੋ ਦਿਨ ਦੇ ਪੁਲਸ ਰਿਮਾਂਡ 'ਤੇ ਲਿਆ ਹੈ। ਪੁਲਸ ਵੱਲੋਂ ਇਹ ਪਤਾ ਲਗਾਉਣ ਲਈ ਪੁੱਛਗਿੱਛ ਕੀਤੀ ਜਾ ਰਹੀ ਹੈ ਕਿ ਅਫੀਮ ਕਿੱਥੋਂ ਲਿਆਂਦੀ ਗਈ ਸੀ ਅਤੇ ਇਸ ਦੀ ਸਪਲਾਈ ਕਿੱਥੇ ਕੀਤੀ ਜਾਣੀ ਸੀ। ਇਸ ਮੌਕੇ ਸਹਾਇਕ ਥਾਣੇਦਾਰ ਜਗਪਾਲ ਸਿੰਘ, ਹੌਲਦਾਰ ਸੁਪਿੰਦਰਜੀਤ ਸਿੰਘ ਸਮੇਤ ਹੋਰ ਪੁਲਸ ਮੁਲਾਜ਼ਮ ਮੌਜੂਦ ਸਨ।

### ਪੰਜਾਬ ਦੀ ਇਸ ਕੇਂਦਰੀ ਜੇਲ੍ਹ ਦਾ ਸਹਾਇਕ ਸੁਪਰੀਡੈਂਟ ਗ੍ਰਿਫ਼ਤਾਰ, ਪੂਰਾ ਮਾਮਲਾ ਕਰੇਗਾ ਹੈਰਾਨ

ਫਿਰੋਜ਼ਪੁਰ 19 ਅਗਸਤ। ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ 'ਚ ਹਵਾਲਾਤੀਆਂ ਤੱਕ ਮੋਬਾਇਲ ਪਹੁੰਚਾਉਣ ਦੇ ਮਾਮਲੇ 'ਚ ਪੁਲਸ ਨੇ ਵੱਡੀ ਕਾਰਵਾਈ ਕਰਦਿਆਂ ਅਸਿਸਟੈਂਟ ਜੇਲ੍ਹ ਸੁਪਰੀਡੈਂਟ ਬਿੰਨੀ ਟਾਂਗ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਦਰਜ ਕੀਤਾ ਗਿਆ ਹੈ। ਜਾਣਕਾਰੀ ਮੁਤਾਬਕ 28 ਜੁਲਾਈ ਨੂੰ ਹਵਾਲਾਤੀ ਸੰਦੀਪ ਸਿੰਘ ਕੋਲੋਂ ਇਕਸੂਚਨਾ ਮਿਲੀ ਕਿ ਇਹ ਮੋਬਾਇਲ ਉਸੇ ਦਿਨ ਸਵੇਰੇ ਡਿਊਟੀ 'ਤੇ ਤਾਇਨਾਤ ਵਾਰਡਰ ਰਾਹੁਲ ਨੇ ਪਹਿਲਾਂ ਹੀ ਬਰਾਮਦ




ਉਨ੍ਹਾਂ 'ਤੇ ਦੋਸ਼ ਹੈ ਕਿ ਉਹ ਹਵਾਲਾਤੀਆਂ ਤੋਂ ਪੈਸੇ ਲੈ ਕੇ ਜੇਲ੍ਹ ਅੰਦਰ ਮੋਬਾਇਲ ਮੁਹੱਈਆ ਕਰਵਾਉਂਦੇ ਸਨ। ਇਸ ਦੇ ਨਾਲ ਹੀ ਜੇਲ੍ਹ ਅੰਦਰੋਂ ਬਰਾਮਦ ਹੋਏ 6 ਮੋਬਾਇਲ ਫੋਨਾਂ ਦੇ ਮਾਮਲੇ 'ਚ 7 ਹਵਾਲਾਤੀਆਂ ਖ਼?ਲਾਫ਼ ਵੀ ਕੇਸ ਦਰਜ ਕੀਤਾ ਗਿਆ ਹੈ। ਜਾਣਕਾਰੀ ਮੁਤਾਬਕ 28 ਜੁਲਾਈ ਨੂੰ ਹਵਾਲਾਤੀ ਸੰਦੀਪ ਸਿੰਘ ਕੋਲੋਂ ਇਕ ਮੋਬਾਇਲ ਫੋਨ ਬਰਾਮਦ ਹੋਇਆ ਸੀ। ਪੁੱਛਗਿੱਛ ਦੌਰਾਨ ਉਸ ਨੇ ਦੱਸਿਆ ਕਿ ਇਹ ਫੋਨ ਹਵਾਲਾਤੀ ਪਰਮਪ੍ਰੀਤ ਸਿੰਘ ਉਰਫ਼ ਜੱਸਾ ਸ਼ੈਰੀ ਵੀ ਵਰਤਦਾ ਸੀ। ਜਾਂਚ ਦੌਰਾਨ ਗੁਪਤ ਮੋਬਾਇਲ ਮੁਹੱਈਆ ਕਰਵਾਉਂਦੇ ਸਨ। ਇਸ ਦੇ ਨਾਲ ਹੀ ਜੇਲ੍ਹ ਅੰਦਰੋਂ ਬਰਾਮਦ ਹੋਏ 6 ਮੋਬਾਇਲ ਫੋਨਾਂ ਦੇ ਮਾਮਲੇ 'ਚ 7 ਹਵਾਲਾਤੀਆਂ ਖ਼?ਲਾਫ਼ ਵੀ ਕੇਸ ਕਰ ਲਿਆ ਸੀ ਪਰ ਜੇਲ੍ਹ ਪ੍ਰਸ਼ਾਸਨ ਨੂੰ ਸੌਂਪਣ ਦੀ ਬਜਾਏ ਬੰਦੀਆਂ ਨੂੰ ਵਾਪਸ ਕਰ ਦਿੱਤਾ। ਰਾਹੁਲ ਨੇ ਮੋਬਾਇਲ ਵਾਪਸ ਕਰਨ ਦੇ ਬਦਲੇ 20 ਹਜ਼ਾਰ ਰੁਪਏ ਦੀ ਰਿਸ਼ਵਤ ਲਈ ਸੀ। ਇਸ ਮਾਮਲੇ ਦੀ ਅੱਗੇ ਦੀ ਜਾਂਚ ਦੌਰਾਨ ਸਾਹਮਣੇ ਆਏ ਤੱਥਾਂ ਦੇ ਆਧਾਰ 'ਤੇ ਅਸਿਸਟੈਂਟ ਜੇਲ੍ਹ ਸੁਪਰੀਡੈਂਟ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਐੱਸ. ਪੀ. (ਡੀ) ਮਨਜੀਤ ਸਿੰਘ ਨੇ ਦੱਸਿਆ ਕਿ ਮੁਲਜ਼ਮ ਨੂੰ ਅਦਾਲਤ 'ਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ। ਪੁਲਸ ਇਸ ਗੱਲ ਦੀ ਜਾਂਚ ਕਰ ਰਹੀ ਹੈ ਕਿ ਜੇਲ੍ਹ ਅੰਦਰ ਮੋਬਾਇਲ ਪਹੁੰਚਾਉਣ ਦੇ ਇਸ ਨੈੱਟਵਰਕ 'ਚ ਹੋਰ ਕੌਣ-ਕੌਣ ਸ਼ਾਮਲ ਹੈ। ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

## ਲਾਇਬ੍ਰੇਰੀ ਦੇ ਬਾਥਰੂਮ 'ਚ ਆ ਗਿਆ ਕਰੰਟ ! ਵਿਦਿਆਰਥਣ ਦੀ ਹੋਈ ਦਰਦਨਾਕ ਮੌਤ

ਭਦੋਹੀ 19 ਅਗਸਤ। ਉੱਤਰ ਪ੍ਰਦੇਸ਼ ਦੇ ਭਦੋਹੀ ਜ਼ਿਲ੍ਹੇ 'ਚ ਇਕ ਲਾਇਬ੍ਰੇਰੀ ਦੇ ਟਾਇਲਟ 'ਚ ਜ਼ਮੀਨ 'ਤੇ ਪਈ ਬਿਜਲੀ ਦੀ ਤਾਰ ਦੇ ਸੰਪਰਕ 'ਚ ਆਉਣ ਤੋਂ ਬਾਅਦ ਇਕ ਵਿਦਿਆਰਥਣ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਪੁਲਸ ਨੇ ਮੰਗਲਵਾਰ ਨੂੰ ਇਹ ਐਲਾਨ ਕੀਤਾ। ਪੁਲਸ ਨੇ ਕਿਹਾ ਕਿ ਇਸ ਸਬੰਧ 'ਚ ਇਕ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਦੋਸ਼ੀ ਦੀ ਭਾਲ ਕੀਤੀ ਜਾ ਰਹੀ ਹੈ। ਪੁਲਸ ਸਰਕਲ ਅਫਸਰ ਸੁਮਿਤ ਤ੍ਰਿਪਾਠੀ ਨੇ ਦੱਸਿਆ ਕਿ ਸੋਮਵਾਰ ਦੁਪਹਿਰ ਸੂਰੀਆਵਾਨ ਥਾਣਾ ਖੇਤਰ ਦੇ ਬੈਰੀ ਪਰਵਾ 'ਚ ਸਥਿਤ ਇਕ ਲਾਇਬ੍ਰੇਰੀ ਦੇ ਟਾਇਲਟ 'ਚ ਜ਼ਮੀਨ 'ਤੇ ਪਈ ਬਿਜਲੀ ਦੀ ਤਾਰ ਦੇ ਸੰਪਰਕ 'ਚ ਆਉਣ ਤੋਂ ਬਾਅਦ ਕਾਜਲ ਬਿੰਦ (18) ਨਾਮੀ ਇਕ ਵਿਦਿਆਰਥਣ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ 'ਚ ਵਿਦਿਆਰਥਣ ਦੇ ਪਿਤਾ ਅਵਧੇਸ਼ ਕੁਮਾਰ ਬਿੰਦ ਦੀ ਸ਼ਿਕਾਇਤ 'ਤੇ ਲਾਇਬ੍ਰੇਰੀ ਦੇ ਸੰਚਾਲਕ ਨਾਗੇਂਦਰ ਕੁਮਾਰ ਬਿੰਦ ਵਿਰੁੱਧ ਸੋਮਵਾਰ ਰਾਤ ਮਾਮਲਾ ਦਰਜ ਕੀਤਾ ਗਿਆ ਸੀ ਅਤੇ ਦੋਸ਼ੀ ਦੀ ਭਾਲ ਕੀਤੀ ਜਾ ਰਹੀ ਹੈ। ਪੁਲਸ ਅਨੁਸਾਰ, ਵਿਦਿਆਰਥੀ ਦੇ ਪਿਤਾ ਨੇ ਦੋਸ਼ ਲਗਾਇਆ ਕਿ ਬਿਨਾਂ ਰਜਿਸਟਰੇਸ਼ਨ ਦੇ ਚੱਲ ਰਹੀ ਲਾਇਬ੍ਰੇਰੀ ਦੇ ਟਾਇਲਟ 'ਚ ਬਿਜਲੀ ਦੀਆਂ ਤਾਰਾਂ ਲਾਪਰਵਾਹੀ ਨਾਲ ਫੈਲੀਆਂ ਹੋਈਆਂ ਸਨ, ਜਿਨ੍ਹਾਂ 'ਚ ਕਰੰਟ ਆਉਣ ਕਾਰਨ ਉਨ੍ਹਾਂ ਦੀ ਧੀ ਦੀ ਮੌਤ ਹੋਈ। ਪੁਲਸ ਖੇਤਰ ਅਧਿਕਾਰੀ ਨੇ ਦੱਸਿਆ ਕਿ ਪੁਲਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਭਿਜਵਾਇਆ ਹੈ ਅਤੇ ਪੋਸਟਮਾਰਟਮ ਰਿਪੋਰਟ ਤੋਂ ਬਾਅਦ ਕਾਜਲ ਬਿੰਦ ਦੀ ਮੌਤ ਦੇ ਅਸਲ ਕਾਰਨ ਦਾ ਪਤਾ ਲੱਗ ਸਕੇਗਾ।

## ਵਪਾਰੀ ਦੇ ਘਰੋਂ 15 ਲੱਖ ਰੁਪਏ ਤੇ ਸੋਨੇ ਦੇ ਗਹਿਣੇ ਚੋਰੀ ਮਾਮਲੇ 'ਚ ਪੁਲਸ ਦੀ ਵੱਡੀ ਕਾਰਵਾਈ

ਮਾਛੀਵਾੜਾ ਸਾਹਿਬ 19 ਅਗਸਤ। ਮਾਛੀਵਾੜਾ ਦੀ ਸੰਘਣੀ ਅਬਾਦੀ 'ਚੋਂ ਇਕ ਵਪਾਰੀ ਦੇ ਘਰ 15 ਲੱਖ ਰੁਪਏ ਨਕਦੀ ਅਤੇ ਸੋਨੇ ਦੇ ਗਹਿਣੇ ਉਸਦੇ ਗੁਪਤ ਲਾਕਰ 'ਚੋਂ ਭੇਤਭਰੇ ਢੰਗ ਨਾਲ ਚੋਰੀ ਹੋਣ ਦੇ ਮਾਮਲੇ ਵਿਚ ਪੁਲਸ ਨੇ ਇਹ ਮਾਮਲਾ ਸੁਲਝਾਉਂਦਿਆਂ ਚੋਰੀ ਦੀ ਹੀ ਸ਼ਿਕਾਇਤ ਕਰਨ ਵਾਲੇ ਵਪਾਰੀ ਅਭੈ ਕੁਮਾਰ ਅਤੇ ਉਸਦੇ ਨਾਬਾਲਗ ਪੁੱਤਰ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਅੱਜ ਡੀ.ਐੱਸ.ਪੀ. ਸਮਰਾਲਾ ਪ੍ਰਿਤਪਾਲ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਘਰ 'ਚ ਚੋਰੀ ਹੋਣ ਸਬੰਧੀ ਸ਼ਿਕਾਇਤਕਰਤਾ ਅਭੈ ਕੁਮਾਰ ਨੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਕਿ ਉਸਦੇ ਘਰੋਂ 15 ਲੱਖ ਰੁਪਏ ਦੇ ਗਹਿਣੇ ਚੋਰੀ ਹੋ ਗਏ ਹਨ ਜਿਸ ਸਬੰਧੀ ਉਸ ਨੂੰ ਸ਼ਹਿਰ ਦੇ ਹੀ ਇਕ ਵਿਅਕਤੀ ਉੱਪਰ ਸ਼ੱਕ ਹੈ।




ਡੀ.ਐੱਸ.ਪੀ. ਨੇ ਕਿਹਾ ਕਿ ਪੁਲਸ ਵਲੋਂ ਜਦੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਤਾਂ ਇਹ ਸਾਹਮਣੇ ਆਇਆ ਕਿ ਵਪਾਰੀ ਅਭੈ ਕੁਮਾਰ ਦਾ ਨਾਬਾਲਗ ਪੁੱਤਰ ਘਰ 'ਚੋਂ ਹੀ ਲੱਖਾਂ ਰੁਪਏ ਚੋਰੀ ਕਰਕੇ ਮੋਟਰਸਾਈਕਲ, ਮਹਿੰਗੇ ਫੋਨ, ਸੋਨੇ ਦਾ ਬਰੈਸਲੈੱਟ ਅਤੇ ਹੋਰ ਐਸ਼ਪ੍ਰਸਤੀ ਦਾ ਸਮਾਨ ਖਰੀਦ ਕਰ ਗਿਆ। ਡੀ.ਐੱਸ.ਪੀ. ਨੇ ਦੱਸਿਆ ਕਿ ਪੁਲਸ ਕੋਲ ਅਭੈ ਕੁਮਾਰ ਨੇ ਗੁੰਮਰਾਹ ਕਰਨ ਵਾਲੀ ਝੂਠੀ ਸ਼ਿਕਾਇਤ ਦਰਜ ਕਰਵਾਈ ਜਦਕਿ ਉਸਦਾ ਨਾਬਾਲਗ ਪੁੱਤਰ ਹੀ ਲੱਖਾਂ ਰੁਪਏ ਚੋਰੀ ਕਰਕੇ ਮਹਿੰਗੇ ਸਮਾਨ ਖਰੀਦ ਰਿਹਾ ਸੀ। ਡੀ.ਐੱਸ.ਪੀ. ਨੇ ਕਿਹਾ ਕਿ ਦੋਵੇਂ ਪਿਓ-ਪੁੱਤਰ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ ਅਤੇ ਜਲਦ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

### ਵਿਆਹੁਤਾ ਨੂੰ ਦਾਜ ਲਈ ਤੰਗ ਪ੍ਰੇਸ਼ਾਨ ਕਰਨ ਦੇ ਮਾਮਲੇ 'ਚ ਪਤੀ ਸਮੇਤ 4 ਲੋਕਾਂ ਖਿਲਾਫ ਮਾਮਲਾ ਦਰਜ

ਗੁਰਦਾਸਪੁਰ 19 ਅਗਸਤ। ਦਾਜ ਦੇ ਕਾਰਨ ਇਕ ਵਿਆਹੁਤਾ ਨੂੰ ਤੰਗ-ਪ੍ਰੇਸ਼ਾਨ ਕਰਨ ਅਤੇ ਦਾਜ 'ਚ ਕਾਰ ਦੀ ਮੰਗ ਕਰਨ ਦੇ ਦੋਸ਼ 'ਚ ਕਾਹਨੂੰਵਾਨ ਪੁਲਸ ਨੇ ਪਤੀ ਸਮੇਤ ਚਾਰ ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ।ਏ.ਐੱਸ.ਆਈ. ਨਿਰਮਲ ਸਿੰਘ ਨੇ ਦੱਸਿਆ ਕਿ ਕਾਹਨੂੰਵਾਨ ਦੀ ਰਹਿਣ ਵਾਲੀ ਸਾਦਗੀ ਪੁੱਤਰੀ ਸੰਜੀਵ ਕੁਮਾਰ ਦਾ ਵਿਆਹ ਸਾਲ 2025 'ਚ ਸਤੀਸ਼ ਕੁਮਾਰ ਉਰਫ ਨਿਤੀਸ਼ ਕੁਮਾਰ ਪੁੱਤਰ ਰਵਿੰਦਰ ਕੁਮਾਰ ਵਾਸੀ ਆਰ-847, ਰਘੁਬੀਰ ਨਗਰ, ਨਵੀਂ ਦਿੱਲੀ ਨਾਲ ਹੋਇਆ ਸੀ। ਵਿਆਹ ਤੋਂ ਬਾਅਦ ਸਹੁਰਾ ਪਰਿਵਾਰ ਉਸ ਨੂੰ ਘੱਟ ਦਾਜ ਲਿਆਉਣ ਦੇ ਤਾਅਨੇ ਮਾਰਦਾ ਸੀ ਅਤੇ ਦਾਜ 'ਚ ਹੋਂਡਾ ਸਿਟੀ ਕਾਰ ਦੀ ਮੰਗ ਕਰਦਾ ਸੀ। ਪੀੜਤਾ ਨੇ ਦੋਸ਼ ਲਾਇਆ ਕਿ ਉਸ ਦੇ ਮਾਪਿਆਂ ਵੱਲੋਂ ਦਿੱਤਾ ਗਿਆ ਇਸਤਰੀ ਧਨ ਵੀ ਦੋਸ਼ੀਆਂ ਵੱਲੋਂ ਖੁਰਦ ਬੁਰਦ ਕਰ ਦਿੱਤਾ ਗਿਆ। ਸਾਦਗੀ ਨੇ ਦੱਸਿਆ ਕਿ 15 ਫਰਵਰੀ 2026 ਨੂੰ ਉਸ ਦਾ ਪਤੀ ਸਤੀਸ਼ ਕੁਮਾਰ ਉਸ ਨੂੰ ਅੰਮ੍ਰਿਤਸਰ ਬੱਸ ਸਟੈਂਡ 'ਤੇ ਛੱਡ ਕੇ ਖੁਦ ਦਿੱਲੀ ਵਾਪਸ ਚਲਾ ਗਿਆ। ਉਦੋਂ ਤੋਂ ਉਹ ਆਪਣੇ ਪੇਕੇ ਘਰ ਰਹਿ ਰਹੀ ਹੈ।ਪੁਲਸ ਅਧਿਕਾਰੀ ਨੇ ਦੱਸਿਆ ਕਿ ਜਾਂਚ ਤੋਂ ਬਾਅਦ ਪਤੀ ਸਤੀਸ਼ ਕੁਮਾਰ, ਸਹੁਰਾ ਰਵਿੰਦਰ ਕੁਮਾਰ, ਸੱਸ ਸੰਤੋਸ਼ ਰਾਣੀ ਅਤੇ ਸੋਫੀਆ ਉਰਫ ਭਾਵਨਾ ਪਤਨੀ ਅਭਿਸ਼ੇਕ ਸ਼ਰਮਾ ਵਾਸੀ ਨਵੀਂ ਦਿੱਲੀ ਖਿਲਾਫ ਕੇਸ ਦਰਜ ਕਰ ਲਿਆ ਗਿਆ ਹੈ।

## ਗਾਂ ਨਾਲ ਕਥਿਤ ਦੁਰਵਿਵਹਾਰ ਕਰਨ ਦੇ ਦੋਸ਼ ਹੇਠ ਇਕ ਗ੍ਰਿਫ਼ਤਾਰ

ਕੌਮੀ ਪਤ੍ਰਿਕਾ

ਜ਼ੀਰਕਪੁਰ 19 ਅਗਸਤ। ਬਲਟਾਣਾ ਖੇਤਰ 'ਚ ਗਾਂ ਨਾਲ ਕਥਿਤ ਤੌਰ 'ਤੇ ਦੁਰਵਿਵਹਾਰ ਕਰਨ ਦੇ ਦੋਸ਼ ਹੇਠ ਪੁਲਸ ਨੇ ਇਕ ਵਿਅਕਤੀ ਖ਼?ਲਾਫ਼ ਕੇਸ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਮੁਲਜ਼ਮ ਦੀ ਪਛਾਣ 30 ਸਾਲਾ ਸ਼ਿਵ ਰਾਮ ਵਜੋਂ ਹੋਈ ਹੈ, ਜੋ ਮੂਲ ਰੂਪ 'ਚ ਜ਼ਿਲ੍ਹਾ ਗੋਂਡਾ (ਉੱਤਰ ਪ੍ਰਦੇਸ਼) ਦਾ ਰਹਿਣ ਵਾਲਾ ਹੈ ਤੇ ਬਾਪੂਧਾਮ ਕਾਲੋਨੀ, ਸੈਕਟਰ-26, ਚੰਡੀਗੜ੍ਹ 'ਚ ਰਹਿੰਦਾ ਹੈ। ਪੁਲਸ ਅਨੁਸਾਰ ਸੈਣੀ ਵਿਹਾਰ ਬਲਟਾਣਾ ਦੇ ਵਸਨੀਕ ਤੇ ਗਊ ਰੱਖਿਆ ਦਲ ਨਾਲ ਜੁੜੇ ਰਵਿੰਦਰ ਕੁਮਾਰ ਨੇ ਸ਼ਿਕਾਇਤ ਦਿੱਤੀ ਕਿ 31 ਜੁਲਾਈ ਨੂੰ ਤੜਕੇ ਕਰੀਬ 1:30 ਵਜੇ ਉਨ੍ਹਾਂ ਨੂੰ ਦੀਪਕ ਨਾਮਕ ਨੌਜਵਾਨ ਦਾ ਫੋਨ ਆਇਆ। ਫੋਨ ਕਰਨ ਵਾਲੇ ਨੇ ਦੱਸਿਆ ਕਿ ਸੋਹੀ ਕੰਪਲੈਕਸ ਹੈ। ਸ਼ਿਕਾਇਤਕਰਤਾ ਮੁਤਾਬਕ



ਮਾਰਕੀਟ ਦੇ ਸਾਹਮਣੇ ਇਕ ਵਿਅਕਤੀ ਸੜਕ ਕਿਨਾਰੇ ਬੈਠੀ ਗਾਂ ਨਾਲ ਕਥਿਤ ਤੌਰ 'ਤੇ ਅਸ਼ਲੀਲ ਹਰਕਤ ਕਰ ਰਿਹਾ ਹੈ ਤੇ ਉਸ ਨਾਲ ਮਾਰਕੁੱਟ ਵੀ ਕਰ ਰਿਹਾ ਉਹ ਮੌਕੇ 'ਤੇ ਪਹੁੰਚੇ ਤਾਂ ਉਨ੍ਹਾਂ ਨੇ ਮੁਲਜ਼ਮ ਨੂੰ ਰਾਮ ਵਜੋਂ ਹੋਈ ਹੈ, ਜੋ ਮੂਲ ਰੂਪ 'ਚ ਜ਼ਿਲ੍ਹਾ ਗੋਂਡਾ (ਉੱਤਰ ਪ੍ਰਦੇਸ਼) ਦਾ ਰਹਿਣ ਵਾਲਾ ਹੈ ਤੇ ਬਾਪੂਧਾਮ ਕਾਲੋਨੀ, ਸੈਕਟਰ-26, ਚੰਡੀਗੜ੍ਹ 'ਚ ਰਹਿੰਦਾ ਹੈ। ਪੁਲਸ ਅਨੁਸਾਰਕਥਿਤ ਤੌਰ 'ਤੇ ਗਾਂ ਨਾਲ ਦੁਰਵਿਵਹਾਰ ਕਰਦੇ ਦੇਖਿਆ। ਉਨ੍ਹਾਂ ਨੇ ਇਸ ਦੀ ਵੀਡੀਓ ਵੀ ਬਣਾਈ ਤਾਂ ਜੋ ਘਟਨਾ ਦੇ ਸਬੂਤ ਸੁਰੱਖਿਅਤ ਰਹਿ ਸਕਣ। ਇਸ ਤੋਂ ਬਾਅਦ ਹੋਰ ਸਾਥੀਆਂ ਦੀ ਮਦਦ ਨਾਲ ਮੁਲਜ਼ਮ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ ਗਿਆ। ਸ਼ਿਕਾਇਤ 'ਚ ਦੋਸ਼ ਲਗਾਇਆ ਗਿਆ ਹੈ ਕਿ ਮੁਲਜ਼ਮ ਦੀ ਇਸ ਕਥਿਤ ਹਰਕਤ ਨਾਲ ਹਿੰਦੂ ਸਮਾਜ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਸ਼ਿਕਾਇਤਕਰਤਾ ਨੇ ਮੰਗ ਕੀਤੀ ਕਿ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਮੁਲਜ਼ਮ ਖ਼?ਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਪੁਲਸ ਨੇ ਵਿਅਕਤੀ ਨੂੰ ਕਾਬੂ ਕਰਕੇ ਕੇਸ ਦਰਜ ਕਰ ਲਿਆ ਹੈ।

## ਪੰਜਾਬ 'ਚ 10,00,00,000 ਰੁਪਏ ਦੀ ਵੱਡੀ ਹੇਰਾਫ਼ੇਰੀ ! ਹੋਸ਼ ਉਡਾ ਦੇਵੇਗਾ ਪੂਰਾ ਮਾਮਲਾ

ਕੌਮੀ ਪਤ੍ਰਿਕਾ

ਲੁਧਿਆਣਾ 19 ਅਗਸਤ। ਮਹਾਨਗਰ ਵਿਚ ਫਰਜ਼ੀ ਦਸਤਾਵੇਜ਼ ਤਿਆਰ ਕਰਕੇ ਕਰੋੜਾਂ ਰੁਪਏ ਦੀ ਅਚੱਲ ਜਾਇਦਾਦ ਹੜੱਪਣ ਅਤੇ ਉਸ 'ਤੇ ਭਾਰੀ ਲੋਨ ਲੈਣ ਦਾ ਇਕ ਬੇਹੱਦ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਸ਼ਾਤਰ ਮੁਲਜ਼ਮਾਂ ਨੇ ਇਕ ਔਰਤ ਦੀ ਕੀਮਤੀ ਜਾਇਦਾਦ ਨੂੰ ਫਰਜ਼ੀ 'ਟਰਾਂਸਫਰ ਡੀਡ' ਰਾਹੀਂ ਆਪਣੇ ਨਾਂ ਟਰਾਂਸਫਰ ਕਰਵਾਇਆ ਅਤੇ ਉਸ 'ਤੇ 'ਟਾਟਾ ਕੈਪੀਟਲ' ਤੋਂ 10 ਕਰੋੜ ਰੁਪਏ ਦਾ ਲੋਨ ਲੈ ਲਿਆ। ਪੀੜਤਾ ਨੈਨਸੀ ਜਿੰਦਲ ਦੀ ਸ਼ਿਕਾਇਤ ਦੀ ਜਾਂਚ ਤੋਂ ਬਾਅਦ ਪੁਲਸ ਨੇ ਮੁਲਜ਼ਮ ਸੰਜੀਵ ਕੁਮਾਰ, ਹੇਮੰਤ ਕੁਮਾਰ, ਸੰਜੀਵ ਕੌਸ਼ਲ ਅਤੇ ਕਵਿਤਾ ਗੁਪਤਾ ਖਿਲਾਫ ਧੋਖਾਧੜੀ ਅਤੇ ਜਾਲਸਾਜ਼ੀ ਦਾ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਪੀੜਤਾ ਨੈਨਸੀ ਜਿੰਦਲ ਨੇ ਦੋਸ਼ ਲਾਇਆ ਕਿ ਮੁਲਜ਼ਮ ਸੰਜੀਵ ਕੁਮਾਰ ਅਤੇ ਉਸਦੀ ਪਤਨੀ ਕਵਿਤਾ ਗੁਪਤਾ ਨੇ ਆਪਸੀ ਮਿਲੀਭੁਗਤ ਅਤੇ ਸਾਜ਼ਿਸ਼ ਤਹਿਤ ਉਸਦੀ ਜਾਇਦਾਦ ਹੜੱਪਣ ਦਾ ਜਾਲ ਬੁਣਿਆ। ਸੰਜੀਵ ਕੁਮਾਰ ਨੇ ਇਕ ਪੂਰੀ ਤਰ੍ਹਾਂ ਫਰਜ਼ੀ ਅਤੇ ਜਾਲੀ 'ਟਰਾਂਸਫਰ ਡੀਡ' ਤਿਆਰ ਕੀਤੀ, ਜਿਸ ਰਾਹੀਂ ਉਸ ਨੇ ਪੀੜਤਾ ਦੀ ਜਾਇਦਾਦ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਆਪਣੀ ਪਤਨੀ ਕਵਿਤਾ ਗੁਪਤਾ ਦੇ ਨਾਂ ਟਰਾਂਸਫਰ ਕਰਵਾ ਲਿਆ। ਇੰਨਾ ਹੀ ਨਹੀਂ, ਫਰਜ਼ੀ ਦਸਤਾਵੇਜ਼ਾਂ ਦੇ ਆਧਾਰ 'ਤੇ ਮੁਲਜ਼ਮਾਂ ਨੇ ਮਾਲ ਵਿਭਾਗ ਤੋਂ




ਇੰਤਕਾਲ ਨੰਬਰ 18069 (ਮਿਤੀ: 09 ਫਰਵਰੀ 2022) ਵੀ ਆਪਣੇ ਪੱਖ ਵਿਚ ਮਨਜ਼ੂਰ ਕਰਵਾ ਲਿਆ। ਜਾਇਦਾਦ ਨੂੰ ਕਾਗਜ਼ਾਂ ਵਿਚ ਆਪਣੀ ਪਤਨੀ ਦੇ ਨਾਂ ਕਰਵਾਉਣ ਤੋਂ ਬਾਅਦ ਮੁਲਜ਼ਮ ਸੰਜੀਵ ਕੁਮਾਰ ਨੇ ਉਸ ਜਾਇਦਾਦ ਨੂੰ Tata Capital Financial Services Ltd. ਕੋਲ ਗਿਰਵੀ ਰੱਖ ਦਿੱਤਾ ਅਤੇ ਉਸ 'ਤੇ 10 ਕਰੋੜ ਰੁਪਏ ਦਾ ਭਾਰੀ-ਭਰਕਮ ਲੋਨ ਲੈ ਕੇ ਰਕਮ ਹੜੱਪ ਲਈ। ਜਦੋਂ ਪੀੜਤਾ ਨੂੰ ਇਸ ਪੂਰੀ ਜਾਲਸਾਜ਼ੀ ਅਤੇ ਧੋਖਾਧੜੀ ਦਾ ਪਤਾ ਲੱਗਾ ਤਾਂ ਉਸ ਦੇ ਹੋਸ਼ ਉੱਡ ਗਏ। ਪੀੜਤਾ ਵੱਲੋਂ ਉੱਚ ਅਧਿਕਾਰੀਆਂ ਨੂੰ ਦਿੱਤੀ ਗਈ ਸ਼ਿਕਾਇਤ ਦੀ ਡੂੰਘਾਈ ਨਾਲ ਜਾਂਚ ਤੋਂ ਬਾਅਦ ਦੋਸ਼ਾਂ ਨੂੰ ਸਹੀ ਪਾਇਆ ਗਿਆ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮੁਲਜ਼ਮ ਸੰਜੀਵ ਕੁਮਾਰ, ਉਸ ਦੀ ਪਤਨੀ ਕਵਿਤਾ ਗੁਪਤਾ ਅਤੇ ਇਸ ਸਾਜ਼ਿਸ਼ ਵਿੱਚ ਸ਼ਾਮਲ ਹੋਰਨਾਂ ਖ਼?ਲਾਫ਼ ਧੋਖਾਧੜੀ, ਜਾਲੀ ਦਸਤਾਵੇਜ਼ ਤਿਆਰ ਕਰਨ ਅਤੇ ਅਪਰਾਧਿਕ ਸਾਜ਼ਿਸ਼ ਰਚਣ ਦੀਆਂ ਗੰਭੀਰ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ। ਪੁਲਸ ਮਾਮਲੇ ਦੀ ਅਗਲੀ ਜਾਂਚ ਕਰ ਰਹੀ

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814
Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਪੈਸਿਆਂ ਦੇ ਵਿਵਾਦ 'ਚ ਚੱਲੀਆਂ ਗੋਲੀਆਂ: 15 ਲੱਖ ਮੰਗਣ ਗਏ ਫਾਈਨਾਂਸਰ 'ਤੇ ਤਾਬੜਤੋੜ ਫਾਇਰਿੰਗ

ਕੌਮੀ ਪਤ੍ਰਿਕਾ

ਲੁਧਿਆਣਾ 19 ਅਗਸਤ। ਸ਼ਹਿਰ ਵਿੱਚ ਵਿੱਤੀ ਲੈਣ-ਦੇਣ ਨੂੰ ਲੈ ਕੇ ਖ਼ੂਨੀ ਝਗੜੇ ਦਾ ਇੱਕ ਹੋਰ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਆਪਣੇ 15 ਲੱਖ ਰੁਪਏ ਵਾਪਸ ਮੰਗਣ ਗਏ ਇੱਕ ਵਿੱਤ ਕਾਰੋਬਾਰੀ 'ਤੇ ਮੁਲਜ਼ਮਾਂ ਨੇ ਪਹਿਲਾਂ ਪੱਥਰਾਂ ਨਾਲ ਹਮਲਾ ਕੀਤਾ ਅਤੇ ਫਿਰ ਪਿਸਤੌਲ/ਰਿਵਾਲਵਰ ਤੋਂ ਤਿੰਨ ਗੋਲੀਆਂ ਚਲਾਈਆਂ। ਪੀੜਤ ਦੇ ਪੈਰਾਂ ਵਿੱਚ ਦੋ ਗੋਲੀਆਂ ਲੱਗੀਆਂ, ਜਿਸ ਕਾਰਨ ਉਹ ਗੰਭੀਰ ਜ਼ਖਮੀ ਹੋ ਗਿਆ। ਪੁਲਸ ਨੂੰ ਦਿੱਤੇ ਆਪਣੇ ਬਿਆਨ ਵਿੱਚ ਸ਼ਿਕਾਇਤਕਰਤਾ ਵਰਿੰਦਰਪਾਲ ਸਿੰਘ ਨੇ ਦੱਸਿਆ ਕਿ ਉਹ ਅਤੇ ਉਸਦਾ ਦੋਸਤ ਵਿੱਤ ਕਾਰੋਬਾਰ ਵਿੱਚ ਸਨ। ਉਸਨੇ ਮੁਲਜ਼ਮ ਗੁਰਜੀਤ ਸਿੰਘ ਨੂੰ 15,00,000 ਰੁਪਏ ਉਧਾਰ ਦਿੱਤੇ ਸਨ, ਪਰ ਗੁਰਜੀਤ ਲੰਬੇ ਸਮੇਂ ਤੋਂ



ਇਸਨੂੰ ਵਾਪਸ ਨਹੀਂ ਕਰ ਰਿਹਾ ਸੀ। 27 ਜੁਲਾਈ ਨੂੰ ਪੀੜਤ ਅਤੇ ਉਸਦੇ ਦੋਸਤ ਆਪਣੇ ਪੈਸੇ ਵਾਪਸ ਲੈਣ ਲਈ ਫੇਜ਼ 1, ਦੁੱਗਰੀ ਵਿੱਚ ਮੁਲਜ਼ਮ ਦੇ ਘਰ ਗਏ। ਪੀੜਤ ਦੇ ਅਨੁਸਾਰ ਜਦੋਂ ਉਸਨੇ ਆਪਣੇ ਪੈਸੇ ਮੰਗੇ, ਤਾਂ ਗੁਰਜੀਤ ਸਿੰਘ, ਉਸਦਾ ਸਾਥੀ ਗਗਨਦੀਪ ਸਿੰਘ ਅਤੇ ਦੋ ਹੋਰ ਅਣਪਛਾਤੇ ਨੌਜਵਾਨ ਮੌਕੇ 'ਤੇ ਪਹੁੰਚੇ। ਬਹਿਸ ਦੌਰਾਨ ਮੁਲਜ਼ਮ ਨੇ ਪੀੜਤ ਅਤੇ ਉਸਦੇ ਸਾਥੀਆਂ 'ਤੇ ਪੱਥਰਾਂ ਨਾਲ ਹਮਲਾ ਕਰ ਦਿੱਤਾ। ਇਸ ਤੋਂ ਤੁਰੰਤ ਬਾਅਦ ਗਗਨਦੀਪ ਸਿੰਘ ਨੇ ਪੀੜਤ 'ਤੇ ਆਪਣੇ ਹੱਥ ਵਿੱਚ ਫੜੀ ਹੋਈ ਰਿਵਾਲਵਰ ਤੋਂ ਤਿੰਨ ਗੋਲੀਆਂ ਚਲਾਈਆਂ। ਦੋ ਗੋਲੀਆਂ ਪੀੜਤ ਦੇ ਪੈਰਾਂ ਵਿੱਚ ਲੱਗੀਆਂ, ਜਿਸ ਕਾਰਨ ਉਹ ਡਿੱਗ ਪਿਆ, ਬਹੁਤ ਜ਼ਿਆਦਾ ਖ਼ੂਨ ਵਹਿ ਰਿਹਾ ਸੀ। ਜਦੋਂ ਪੀੜਤ ਅਤੇ ਉਸਦੇ ਦੋਸਤਾਂ ਨੇ ਗੋਲੀ ਦੀ ਆਵਾਜ਼ ਸੁਣੀ ਅਤੇ ਉੱਚੀ-ਉੱਚੀ ਚੀਕਣ ਲੱਗੇ, ਤਾਂ ਮੁਲਜ਼ਮ ਉਨ੍ਹਾਂ ਨੂੰ ਜਾਨੋਂ ਮਾਰਨ ਦੀ ਧਮਕੀ ਦਿੰਦੇ ਹੋਏ ਮੌਕੇ ਤੋਂ ਭੱਜ ਗਏ। ਜ਼ਖ਼ਮੀ ਵਪਾਰੀ ਨੂੰ ਤੁਰੰਤ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਪੀੜਤ ਦੇ ਬਿਆਨਾਂ ਦੇ ਆਧਾਰ 'ਤੇ ਗੁਰਜੀਤ ਸਿੰਘ, ਗਗਨਦੀਪ ਸਿੰਘ ਅਤੇ ਦੋ ਅਣਪਛਾਤੇ ਨੌਜਵਾਨਾਂ ਵਿਰੁੱਧ ਕਤਲ ਦੀ ਕੋਸ਼ਿਸ਼, ਅਸਲਾ ਐਕਟ ਅਤੇ ਅਪਰਾਧਿਕ ਸਾਜ਼ਿਸ਼ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਸ ਟੀਮਾਂ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਲਈ ਸੰਭਾਵਿਤ ਟਿਕਾਣਿਆਂ 'ਤੇ ਛਾਪੇਮਾਰੀ ਕਰ ਰਹੀਆਂ ਹਨ।

## ਬਰਨਾਲਾ ਪੁਲਿਸ ਦਾ ਨਸ਼ਾ ਤਸਕਰਾਂ 'ਤੇ ਸ਼ਿਕੰਜਾ: ਤਪਾ ਮੰਡੀ 'ਚੋਂ 1 ਕਿੱਲੋ 200 ਗ੍ਰਾਮ ਗਾਂਜਾ ਬਰਾਮਦ, ਮਾਮਲਾ ਦਰਜ

ਤਪਾ ਮੰਡੀ 19 ਅਗਸਤ। ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਚਲਦਿਆਂ ਤਪਾ ਪੁਲਿਸ ਵੱਲੋਂ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ 'ਚੋਂ 1 ਕਿੱਲੋ 200 ਗ੍ਰਾਮ ਗਾਂਜਾ ਬਰਾਮਦ ਕਰਨ ਦਾ ਦਾਅਵਾ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਚੌਂਕੀ ਇੰਚਾਰਜ ਕੁਲਵੰਤ ਸਿੰਘ ਨੇ ਦੱਸਿਆ ਕਿ ਐੱਸਐੱਸਪੀ ਬਰਨਾਲਾ ਮੁਹੰਮਦ ਸਰਫ਼ਰਾਜ਼ ਆਲਮ ਦੇ ਨਿਰਦੇਸ਼ਾਂ 'ਤੇ ਤੇ ਡੀਐੱਸਪੀ ਤਪਾ ਜਸਕਰਨ ਸਿੰਘ ਬਰਾੜ ਦੀ ਅਗਵਾਈ ਹੇਠ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਬਲਰਾਮ ਪਾਸਵਾਨ ਪੁੱਤਰ ਜਾਗਰ ਪਾਸਵਾਨ, ਵਾਸੀ ਨੇੜੇ ਦਰਾਜ਼ ਫਾਟਕ, ਗਲੀ ਨੰਬਰ 1, ਤਪਾ, ਕਥਿਤ ਤੌਰ 'ਤੇ ਗਾਂਜਾ ਵੇਚਣ ਦਾ ਕੰਮ ਕਰ ਰਿਹਾ ਹੈ। ਸੂਚਨਾ ਮਿਲਦੇ ਹੀ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਏਐੱਸਆਈ ਦਵਿੰਦਰ ਸਿੰਘ ਦੀ ਅਗਵਾਈ ਹੇਠ ਪੁਲਿਸ ਨੇ ਨਾਕਾਬੰਦੀ ਕਰਕੇ ਆਲੀਕੇ ਰੋਡ ਸਥਿਤ ਗੰਦੇ ਨਾਲੇ ਕੋਲ ਇੱਕ ਵਿਅਕਤੀ ਨੂੰ ਕਾਬੂ ਕੀਤਾ, ਜਿਸ ਦੇ ਕਬਜ਼ੇ 'ਚੋਂ 1 ਕਿੱਲੋ 200 ਗ੍ਰਾਮ ਗਾਂਜਾ ਬਰਾਮਦ ਕਰਕੇ ਐਨਡੀਪੀਐੱਸ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮੁਤਾਬਕ ਮੂਲਾਂਕ 5 ਵਾਲੇ ਲੋਕ ਤੇਜ਼ ਦਿਮਾਗ, ਸਮਝਦਾਰ ਤੇ ਵਿਹਾਰਕ ਸੁਭਾਅ ਦੇ ਹੁੰਦੇ ਹਨ। ਕਿਹਾ ਜਾਂਦਾ ਹੈ ਕਿ ਇਹ ਲੋਕ ਜੀਵਨ 'ਚ ਆਪਣੀਆਂ ਜ਼ਿੰਮੇਵਾਰੀਆਂ ਨੂੰ ਚੰਗੀ ਤਰ੍ਹਾਂ ਸਮਝਦੇ ਹਨ ਅਤੇ ਉਨ੍ਹਾਂ ਨੂੰ ਸਮੇਂ ਸਿਰ ਪੂਰਾ ਕਰਨ ਦੀ ਕੋਸ਼ਿਸ਼ ਕਰਦੇ ਹਨ। ਇਸੇ ਕਾਰਨ 55 ਸਾਲ ਦੀ ਉਮਰ ਤਕ ਇਹ ਲੋਕ ਆਪਣੀਆਂ ਜ਼ਿੰਦਗੀ ਦੀਆਂ ਲਗਪਗ 90 ਫ਼ੀਸਦੀ ਵੱਡੀਆਂ ਜ਼ਿੰਮੇਵਾਰੀਆਂ ਪੂਰੀਆਂ ਕਰ ਲੈਂਦੇ ਹਨ।

## ਦੁਕਾਨ ਦੇ ਵਿਵਾਦ ਤੋਂ ਤੰਗ ਆ ਕੇ ਪਤੀ-ਪਤਨੀ ਨੇ ਚੁੱਕਿਆ ਖ਼ੌਫ਼ਨਾਕ ਕਦਮ, ਪੈਟਰੋਲ ਛਿੜਕ ਕੇ ਖ਼ੁਦਕੁਸ਼ੀ ਦੀ ਕੋਸ਼ਿਸ਼

ਅੰਮ੍ਰਿਤਸਰ 19 ਅਗਸਤ। ਭੰਡਾਰੀ ਪੁਲ 'ਤੇ ਸੋਮਵਾਰ ਨੂੰ ਇੱਕ ਜੋੜੇ ਨੇ ਰਿਸ਼ਤੇਦਾਰਾਂ ਨਾਲ ਚੱਲ ਰਹੇ ਦੁਕਾਨ ਦੇ ਵਿਵਾਦ ਤੋਂ ਦੁਖੀ ਹੋ ਕੇ ਪੈਟਰੋਲ ਛਿੜਕ ਕੇ ਖ਼ੁਦਕੁਸ਼ੀ ਦੀ ਕੋਸ਼ਿਸ਼ ਕੀਤੀ। ਮੌਕੇ 'ਤੇ ਮੌਜੂਦ ਰਾਹਗੀਰਾਂ ਅਤੇ ਪੁਲਿਸ ਮੁਲਾਜ਼ਮਾਂ ਨੇ ਉਨ੍ਹਾਂ ਤੋਂ ਪੈਟਰੋਲ ਦੀਆਂ ਬੋਤਲਾਂ ਖੋਹ ਕੇ ਸਮਝਾਇਆ ਅਤੇ ਘਰ ਭੇਜ ਦਿੱਤਾ। ਪੀੜਤ ਗੋਕੁਲ ਪ੍ਰਸਾਦ ਨੇ ਦੱਸਿਆ ਕਿ ਉਹ ਲਖਨਊ ਦੇ ਰਹਿਣ ਵਾਲੇ ਹਨ ਅਤੇ ਉਨ੍ਹਾਂ ਦੀ ਬੀ-ਡਿਵੀਜ਼ਨ ਥਾਣੇ ਅਧੀਨ ਗਲੀ ਛੱਜੂ ਮਿਸ਼ਰ ਵਿੱਚ ਦੁਕਾਨ ਹੈ। ਉਨ੍ਹਾਂ ਅਨੁਸਾਰ 2009 ਵਿੱਚ ਖਰੀਦੀ ਇਸ ਦੁਕਾਨ ਦੀ ਰਜਿਸਟਰੀ ਉਨ੍ਹਾਂ ਦੇ ਨਾਂ ਹੈ ਪਰ ਰਿਸ਼ਤੇਦਾਰ ਕਬਜ਼ਾ ਕਰਨਾ ਚਾਹੁੰਦੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਰਿਸ਼ਤੇਦਾਰਾਂ ਨੇ ਵਿਵਾਦ ਤੋਂ ਬਾਅਦ ਉਨ੍ਹਾਂ ਦੇ ਪੁੱਤਰ ਖ਼ਿਲਾਫ਼ ਸ਼ਿਕਾਇਤ ਕਰਕੇ ਉਸ ਨੂੰ ਜੇਲ੍ਹ ਭਿਜਵਾ ਦਿੱਤਾ। ਪੁੱਤਰ ਦੀ ਜ਼ਮਾਨਤ ਲਈ ਉਹ ਅੰਮ੍ਰਿਤਸਰ ਆਏ ਸਨ। ਇਨਸਾਫ਼ ਨਾ ਮਿਲਣ ਤੋਂ ਦੁਖੀ ਹੋ ਕੇ ਉਹ ਪਤਨੀ ਉਰਮਿਲਾ ਨਾਲ ਭੰਡਾਰੀ ਪੁਲ ਪਹੁੰਚੇ। ਬੀ-ਡਿਵੀਜ਼ਨ ਥਾਣੇ ਦੇ ਐੱਸਐੱਚਓ ਇੰਸਪੈਕਟਰ ਕਿਰਨਦੀਪ ਸਿੰਘ ਨੇ ਕਿਹਾ ਕਿ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਨਹੀਂ ਹੈ ਅਤੇ ਸ਼ਿਕਾਇਤ ਮਿਲਣ 'ਤੇ ਜਾਂਚ ਕਰਵਾਈ ਜਾਵੇਗੀ।

## ਸ਼ਰਮਨਾਕ ! ਸ਼ਰਾਬ ਪੀਣ ਤੋਂ ਰੋਕਣ 'ਤੇ ਪੁੱਤਰ ਨੇ ਕੁੱਟ-ਕੁੱਟ ਕੇ ਮਾਰ ਦਿੱਤੀ ਬਜ਼ੁਰਗ ਮਾਂ

ਸੀਤਾਪੁਰ, 19 ਅਗਸਤ। ਉੱਤਰ ਪ੍ਰਦੇਸ਼ ਦੇ ਸੀਤਾਪੁਰ ਜ਼ਿਲ੍ਹੇ 'ਚ ਸ਼ਰਾਬ ਦੀ ਲਤ ਨੇ ਇਕ ਪਰਿਵਾਰ ਨੂੰ ਉਜਾੜ ਦਿੱਤਾ। ਇਮਲੀਆ ਸੁਲਤਾਨਪੁਰ ਥਾਣਾ ਖੇਤਰ ਦੇ ਬੇਨੀਆਪੁਰ ਪਿੰਡ 'ਚ ਸ਼ਰਾਬ ਪੀਣ ਤੋਂ ਰੋਕਣ 'ਤੇ ਭੜਕੇ ਇਕ ਨੌਜਵਾਨ ਨੇ ਆਪਣੀ 65 ਸਾਲਾ ਮਾਂ ਦੀ ਡੰਡੇ ਨਾਲ ਕੁੱਟ-ਕੁੱਟ ਕੇ ਹੱਤਿਆ ਕਰ ਦਿੱਤੀ। ਘਟਨਾ ਤੋਂ ਬਾਅਦ ਪਿੰਡ 'ਚ ਸਨਸਨੀ ਫੈਲ ਗਈ। ਪੁਲਸ ਅਨੁਸਾਰ ਸਾਵਿੱਤਰੀ ਦੇਵੀ (65) ਵਿਧਵਾ ਸੀ ਅਤੇ ਆਪਣੇ ਪੁੱਤਰ ਤ੍ਰਿਭੁਵਨ ਨਾਲ ਰਹਿੰਦੀ ਸੀ। ਤ੍ਰਿਭੁਵਨ ਸ਼ਰਾਬ ਦਾ ਆਦੀ ਸੀ ਅਤੇ ਕੋਈ ਕੰਮ ਨਹੀਂ ਕਰਦਾ ਸੀ। ਇਸੇ ਕਾਰਨ ਉਹ ਅਕਸਰ ਆਪਣੀ ਮਾਂ ਨਾਲ ਝਗੜਾ ਕਰਦਾ ਰਹਿੰਦਾ ਸੀ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਉਹ ਪਹਿਲਾਂ ਵੀ ਕਈ ਵਾਰ ਆਪਣੀ ਮਾਂ ਨਾਲ ਕੁੱਟਮਾਰ ਕਰ ਚੁੱਕਾ ਸੀ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.


### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.


### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
ਇਸ ਅਵਸਰ ’ਤੇ ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ; ਭਾਰਤ ਸਰਕਾਰ ਦੇ ਖੁਰਾਕ ਅਤੇ ਜਨਤਕ ਵੰਡ ਵਿਭਾਗ ਦੇ ਸਕੱਤਰ ਸ਼੍ਰੀ ਸੰਜੀਵ ਚੋਪੜਾ; ਯੂ.ਟੀ. ਚੰਡੀਗੜ੍ਹ ਦੇ ਸਕੱਤਰ ਖੁਰਾਕ ਅਤੇ ਸਪਲਾਈ ਸ਼੍ਰੀ ਮੁਹੰਮਦ ਮਨਸੂਰ ਐੱਲ.; ਭਾਰਤੀ ਰਿਜ਼ਰਵ ਬੈਂਕ ਦੇ ਕਾਰਜਕਾਰੀ ਡਾਇਰੈਕਟਰ ਸ਼੍ਰੀ ਪੀ. ਵਾਸੂਦੇਵਨ ਅਤੇ ਪੰਜਾਬ ਨੈਸ਼ਨਲ ਬੈਂਕ ਦੇ ਕਾਰਜਕਾਰੀ ਡਾਇਰੈਕਟਰ ਸ਼੍ਰੀ ਡੀ. ਸੁਰੇਂਦਰਨ ਸਹਿਤ ਭਾਰਤ ਸਰਕਾਰ, ਚੰਡੀਗੜ੍ਹ ਪ੍ਰਸ਼ਾਸਨ, ਆਰਬੀਆਈ, ਪੀਐੱਨਬੀ ਅਤੇ ਹੋਰ ਸਹਿਯੋਗੀ ਸੰਸਥਾਵਾਂ ਦੇ ਸੀਨੀਅਰ ਅਧਿਕਾਰੀ ਅਤੇ ਹਿਤਧਾਰਕ ਵੀ ਉਪਸਥਿਤ ਰਹੇ।

ਸ਼੍ਰੀ ਚੌਹਾਨ ਨੇ ਕਿਹਾ ਕਿ ਇਹ ਪਹਿਲ ਜਨਤਕ ਵੰਡ ਪ੍ਰਣਾਲੀ (ਪੀਡੀਐੱਸ) ਵਿੱਚ ਅਧਿਕ ਪਾਰਦਰਸ਼ਤਾ, ਸੁਰੱਖਿਆ ਅਤੇ ਸਮਾਂਬੱਧਤਾ ਲਿਆਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਅਤੇ ਮਾਰਗਦਰਸ਼ਨ ਵਿੱਚ ਕਿਸਾਨਾਂ ਅਤੇ ਗ਼ਰੀਬਾਂ ਦੇ ਹਿਤਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।

**ਪਾਰਦਰਸ਼ਤਾ ਅਤੇ ਵਿਸ਼ਵਾਸ ਲਈ ਨਵੀਂ ਵਿਵਸਥਾ**

ਸ਼੍ਰੀ ਚੌਹਾਨ ਨੇ ਕਿਹਾ ਕਿ ਸੀਬੀਡੀਸੀ ਅਧਾਰਿਤ ਡੀਬੀਟੀ ਪ੍ਰਣਾਲੀ ਰਾਸ਼ਨ ਅਤੇ ਅਨਾਜ ਲਈ ਨਿਰਧਾਰਿਤ ਰਾਸ਼ੀ ਸਿੱਧੇ, ਸੁਰੱਖਿਅਤ ਅਤੇ ਪਾਰਦਰਸ਼ੀ ਤਰੀਕੇ ਨਾਲ ਲਾਭਾਰਥੀਆਂ ਤੱਕ ਪਹੁੰਚੇਗੀ। ਚੰਡੀਗੜ੍ਹ ਵਿੱਚ ਸ਼ੁਰੂ ਕੀਤਾ ਗਿਆ ਇਹ ਪਾਇਲਟ ਦੇਸ਼ ਭਰ ਵਿੱਚ ਅਪਣਾਏ ਜਾਣ ਲਈ ਇੱਕ ਮਾਡਲ ਦੇ ਰੂਪ ਵਿੱਚ ਕਾਰਜ ਕਰੇਗਾ।

ਨਵੀਂ ਵਿਵਸਥਾ ਵਿੱਚ ਤਕਨੀਕੀ ਸੁਰੱਖਿਆ ਉਪਾਅ ਸ਼ਾਮਲ ਕੀਤੇ ਗਏ ਹਨ ਤਾਕਿ ਲਾਭਾਰਥੀ ਪ੍ਰਾਪਤ ਰਾਸ਼ੀ ਦਾ ਉਪਯੋਗ ਕੇਵਲ ਅਨਾਜ ਅਤੇ ਹੋਰ ਜ਼ਰੂਰੀ ਖੁਰਾਕੀ ਵਸਤੂਆਂ ਦੀ ਖਰੀਦ ਲਈ ਕਰ ਸਕਣ ਅਤੇ ਰਾਸ਼ੀ ਦਾ ਹੋਰ ਉਦੇਸ਼ਾਂ ਲਈ ਉਪਯੋਗ ਨਾ ਹੋਵੇ। ਨਾਲ ਹੀ, ਲਾਭਾਰਥੀਆਂ ਨੂੰ ਅਧਿਕ ਵਿਕਲਪ ਵੀ ਮਿਲਣਗੇ। ਕਣਕ ਅਤੇ ਚਾਵਲ ਤੋਂ ਇਲਾਵਾ ਉਹ ਦਾਲਾਂ ਜਾਂ ਹੋਰ ਜ਼ਰੂਰੀ ਖੁਰਾਕੀ ਵਸਤੂਆਂ ਦਾ ਵਿਕਲਪ ਵੀ ਚੁਣ ਸਕਣਗੇ।

ਸ਼੍ਰੀ ਚੌਹਾਨ ਨੇ ਇਸ ਸਿਸਟਮ ਨੂੰ ਵਿਕਸਿਤ ਕਰਨ ਲਈ ਵਿਭਾਗੀ ਟੀਮ ਅਤੇ ਅਧਿਕਾਰੀਆਂ ਦੀ ਸ਼ਲਾਘਾ ਕਰਦੇ ਹੋਏ ਇਸ ਪਹਿਲ ਨੂੰ ਇੱਕ ਮਹੱਤਵਪੂਰਨ ਤਕਨੀਕੀ ਇਨੋਵੇਸ਼ਨ ਦੱਸਿਆ।

**ਕਿਸਾਨਾਂ ਦੇ ਹਿਤਾਂ ਪ੍ਰਤੀ ਪ੍ਰਤੀਬੱਧਤਾ**

ਸ਼੍ਰੀ ਚੌਹਾਨ ਨੇ ਸਪਸ਼ਟ ਕੀਤਾ ਕਿ ਖੇਤੀਬਾੜੀ ਨੀਤੀ ਅਤੇ ਖੁਰਾਕ ਸੁਰੱਖਿਆ ਨਾਲ ਜੁੜੇ ਮਾਮਲਿਆਂ ਵਿੱਚ ਕਿਸਾਨਾਂ ਦੇ ਹਿਤਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਦੁਨੀਆ ਦੇ ਵਿਭਿੰਨ ਦੇਸ਼ਾਂ ਨਾਲ ਕਿਸਾਨਾਂ ਨਾਲ ਸਬੰਧਿਤ ਸਾਰੇ ਸਮਝੌਤੇ ਇਸ ਸਿਧਾਂਤ ’ਤੇ ਅਧਾਰਿਤ ਰਹੇ ਹਨ ਕਿ ਰਾਸ਼ਟਰੀ ਹਿਤ, ਕਿਸਾਨ ਹਿਤ ਅਤੇ ਜਨ ਹਿਤ ਸਰਬਉੱਚ ਰਹੇ ਹਨ। ਉਨ੍ਹਾਂ ਨੇ ਕਿਹਾ, ਦੁੱਖ ਦੀ ਗੱਲ ਹੈ ਕਿ ਵਿਰੋਧੀ ਧਿਰ ਨੂੰ ਇਸ ਨਾਲ ਵੀ ਸਮੱਸਿਆ ਹੈ। ਦੇਸ਼ ਦੇ ਕਣਕ ਅਤੇ ਚਾਵਲ ਦੇ ਮਜ਼ਬੂਤ ਭੰਡਾਰ ਦਾ ਹਵਾਲਾ ਦਿੰਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਭਾਰਤ ਹੁਣ ਆਪਣੀਆਂ ਘਰੇਲੂ ਜ਼ਰੂਰਤਾਂ ਨੂੰ ਪੂਰਾ ਕਰਨ ਅਤੇ ਜ਼ਰੂਰਤ ਪੈਣ ’ਤੇ ਨਿਰਯਾਤ ਕਰਨ ਦੇ ਸਮਰੱਥ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਅਗਵਾਈ ਵਿੱਚ, ਪ੍ਰਧਾਨ ਮੰਤਰੀ-ਕਿਸਾਨ ਸਨਮਾਨ ਨਿਧੀ ਅਤੇ ਹੋਰ ਲਾਭਾਂ ਦੀ ਪਾਰਦਰਸ਼ੀ ਸਪੁਰਦਗੀ ਜਾਰੀ ਰਹੇਗੀ, ਕਿਸਾਨਾਂ ਦੀ ਸੁਰੱਖਿਆ ਅਤੇ ਭਲਾਈ ਸਰਕਾਰ ਦੀ ਸਭ ਤੋਂ ਬੜੀ ਤਰਜੀਹ ਰਹੇਗੀ।

ਇਸ ਸਮਾਗਮ ਵਿੱਚ ਸ਼੍ਰੀ ਚੌਹਾਨ ਨੇ ਸੰਸਦ ਵਿੱਚ ਵਿਘਨਾਂ ਅਤੇ ਵਿਰੋਧੀ ਧਿਰ ਦੇ ਆਚਰਣ ਦੀ ਵੀ ਸਖ਼ਤ ਆਲੋਚਨਾ ਕੀਤੀ, ਇਸ ਗੱਲ ’ਤੇ ਜ਼ੋਰ ਦਿੱਤਾ ਕਿ ਲੋਕਤੰਤਰ ਦੀ ਸ਼ਾਨ ਨੂੰ ਬਰਕਰਾਰ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਅਜਿਹੇ ਵਿਘਨ ਸੰਵਿਧਾਨ ਅਤੇ ਲੋਕਤੰਤਰੀ ਪ੍ਰਕਿਰਿਆ ਦਾ ਅਪਮਾਨ ਹਨ, ਅਤੇ ਜ਼ਰੂਰੀ ਫ਼ੈਸਲੇ ਰਾਸ਼ਟਰੀ ਹਿਤ ਵਿੱਚ ਲਏ ਜਾਣਗੇ। ਸ਼੍ਰੀ ਚੌਹਾਨ ਨੇ ਕਿਹਾ ਕਿ ਲੋਕਤੰਤਰ ਵਿੱਚ ਬਹਿਸ ਅਤੇ ਚਰਚਾ ਜ਼ਰੂਰੀ ਹੈ ਲੇਕਿਨ ਵਿਘਨ ਸਵੀਕਾਰਯੋਗ ਨਹੀਂ ਹੈ।

ਕੇਂਦਰੀ ਮੰਤਰੀ ਸ਼੍ਰੀ ਚੌਹਾਨ ਨੇ ਪ੍ਰਧਾਨ ਮੰਤਰੀ ਗ਼ਰੀਬ ਕਲਿਆਣ ਅੰਨ ਯੋਜਨਾ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ 80 ਕਰੋੜ ਤੋਂ ਅਧਿਕ ਲੋਕਾਂ ਨੂੰ ਮੁਫ਼ਤ ਅਨਾਜ ਉਪਲਬਧ ਕਰਵਾਉਣਾ ਦੇਸ਼ ਦੇ ਪ੍ਰਮੁੱਖ ਸਮਾਜਿਕ ਸੁਰੱਖਿਆ ਉਪਾਵਾਂ ਵਿੱਚੋਂ ਇੱਕ ਹੈ।

ਉਨ੍ਹਾਂ ਨੇ ਕਿਹਾ ਕਿ ਇਹ ਯੋਜਨਾ ਕੇਵਲ ਲੋਕਾਂ ਦੀ ਖੁਰਾਕੀ ਜ਼ਰੂਰਤ ਪੂਰੀ ਕਰਨ ਤੱਕ ਸੀਮਿਤ ਨਹੀਂ ਹੈ ਬਲਕਿ ਪਰਿਵਾਰਾਂ ਦੀ ਆਰਥਿਕ ਸਥਿਤੀ ਨੂੰ ਵੀ ਮਜ਼ਬੂਤ ਕਰਦੀ ਹੈ। ਘਰੇਲੂ ਖਰਚ ਘੱਟ ਹੋਣ ਨਾਲ ਪਰਿਵਾਰ ਆਪਣੀ ਬੱਚਤ ਦਾ ਉਪਯੋਗ ਬੱਚਿਆਂ ਦੀ ਸਿੱਖਿਆ ਅਤੇ ਹੋਰ ਜ਼ਰੂਰੀ ਜ਼ਰੂਰਤਾਂ ਲਈ ਕਰ ਸਕਦੇ ਹਨ।

ਸ਼੍ਰੀ ਚੌਹਾਨ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਇਹ ਸੁਨਿਸ਼ਚਿਤ ਕਰਨਾ ਹੈ ਕਿ ਕੋਈ ਵੀ ਗ਼ਰੀਬ ਵਿਅਕਤੀ ਭੁੱਖਾ ਨਾ ਰਹੇ ਅਤੇ ਕਿਸੇ ਵੀ ਪਰਿਵਾਰ ਦੀ ਥਾਲੀ ਵਿੱਚ ਅਨਾਜ ਦੀ ਕਮੀ ਨਾ ਹੋਵੇ।

**ਡੀਬੀਟੀ ਦੇ ਲਾਭ ਅਤੇ ਨਵੀਂ ਤਕਨੀਕੀ ਸੁਰੱਖਿਆ ਵਿਵਸਥਾ**

ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਡੀਬੀਟੀ ਨੇ ਇਹ ਸੁਨਿਸ਼ਚਿਤ ਕੀਤਾ ਹੈ ਕਿ ਲਾਭ ਸਿੱਧੇ ਖਾਤਾ ਧਾਰਕਾਂ ਤੱਕ ਪਹੁੰਚੇ ਜਿਸ ਨਾਲ ਵਿਚੋਲਿਆਂ ਅਤੇ ਅਨਿਯਮਿਤਤਾਵਾਂ ਦੀ ਸੰਭਾਵਨਾ ਘੱਟ ਹੋਈ ਹੈ।

ਉਨ੍ਹਾਂ ਨੇ ਕਿਹਾ ਕਿ ਦੂਸਰੀ ਤਰਫ਼ ਜਦੋਂ ਰਾਸ਼ੀ ਨਕਦ ਰੂਪ ਵਿੱਚ ਤਬਦੀਲ ਹੁੰਦੀ ਹੈ ਤਾਂ ਉਸ ਨੂੰ ਉਦੇਸ਼ਾਂ ਤੋਂ ਇਲਾਵਾ ਹੋਰ ਉਦੇਸ਼ਾਂ ਲਈ ਵਰਤੇ ਜਾਣ ਦਾ ਜੋਖਮ ਹੋ ਸਕਦਾ ਹੈ। ਇਹੀ ਕਾਰਨ ਹੈ ਕਿ ਸੀਬੀਡੀਸੀ ਅਧਾਰਿਤ ਪ੍ਰਣਾਲੀ ਨੂੰ ਤਕਨੀਕੀ ਸੁਰੱਖਿਆ ਉਪਾਵਾਂ ਨਾਲ ਤਿਆਰ ਕੀਤਾ ਗਿਆ ਹੈ ਜੋ ਇਹ ਸੁਨਿਸ਼ਚਿਤ ਕਰਦੇ ਹਨ ਕਿ ਲਾਭ ਸਿੱਧੇ ਰਾਸ਼ਨ ਅਤੇ ਹੋਰ ਖਾਣ-ਪੀਣ ਦੀਆਂ ਚੀਜ਼ਾਂ ’ਤੇ ਖਰਚ ਕੀਤਾ ਜਾਵੇ, ਜਿਸ ਨਾਲ ਦੁਰਵਰਤੋਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਨੇ ਇੱਕ ਵਾਰ ਫਿਰ ਇਸ ਤਕਨੀਕੀ ਇਨੋਵੇਸ਼ਨ ਨੂੰ ਵਿਕਸਿਤ ਕਰਨ ਲਈ ਵਿਭਾਗ ਦੀ ਸ਼ਲਾਘਾ ਕੀਤੀ।

ਚੰਡੀਗੜ੍ਹ ਇੱਕ ਮਾਡਲ ਸ਼ਹਿਰ ਦੇ ਰੂਪ ਵਿੱਚ ਸੇਵਾ ਕਰੇਗਾ ਚੰਡੀਗੜ੍ਹ ਦੇ ਵਿਲੱਖਣ ਚਰਿੱਤਰ ਅਤੇ ਨਾਗਰਿਕ ਚੇਤਨਾ ਨੂੰ ਉਜਾਗਰ ਕਰਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਸ਼ਹਿਰ ਵਿੱਚ ਸ਼ੁਰੂ ਕੀਤਾ ਗਿਆ ਪ੍ਰਯੋਗ, ਜੇਕਰ ਸਫ਼ਲ ਹੁੰਦਾ ਹੈ, ਤਾਂ ਹੌਲ਼ੀ-ਹੌਲ਼ੀ ਦੇਸ਼ ਭਰ ਵਿੱਚ ਫੈਲਾਇਆ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਸਥਾਨਕ ਚੁਣੌਤੀਆਂ ਦਾ ਹੱਲ ਕਰਨ ਅਤੇ ਪ੍ਰਣਾਲੀ ਦਾ ਵਿਸਤਾਰ ਸੁਨਿਸ਼ਚਿਤ ਕਰਨ ਦੀ ਅਪੀਲ ਕੀਤੀ ਤਾਕਿ ਇਸ ਦੇ ਲਾਭ ਹਰ ਪਰਿਵਾਰ ਤੱਕ ਪਹੁੰਚ ਸਕਣ। ਚੰਡੀਗੜ੍ਹ ਦੀ ਪ੍ਰਸ਼ੰਸਾ ਕਰਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਇਹ ਸ਼ਹਿਰ ਅਨੁਸ਼ਾਸਨ, ਸਫ਼ਾਈ ਅਤੇ ਨਾਗਰਿਕ ਜ਼ਿੰਮੇਵਾਰੀ ਦੀ ਮਜ਼ਬੂਤ ਭਾਵਨਾ ਨੂੰ ਦਰਸਾਉਂਦਾ ਹੈ।

**ਭਾਵਨਾਤਮਕ ਅਪੀਲ**

ਸੁਤੰਤਰਤਾ ਸੈਨਾਨੀਆਂ ਨੂੰ ਸ਼ਰਧਾਂਜਲੀ ਅਰਪਿਤ ਕਰਦੇ ਹੋਏ, ਕੇਂਦਰੀ ਮੰਤਰੀ ਸ਼੍ਰੀ ਚੌਹਾਨ ਨੇ ਕਿਹਾ ਕਿ ਨਾਗਰਿਕਾਂ ਨੂੰ ਦੇਸ਼ ਲਈ ਜੀਣ ਦਾ ਪ੍ਰਣ ਕਰਨਾ ਚਾਹੀਦਾ ਹੈ ਅਤੇ ਆਪਣੇ ਨਾਗਰਿਕ ਕਰਤੱਵਾਂ ਨੂੰ ਇਮਾਨਦਾਰੀ ਨਾਲ ਨਿਭਾਉਣਾ ਚਾਹੀਦਾ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਹਰ ਘਰ ਤਿਰੰਗਾ ਮੁਹਿੰਮ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਬਿਹਤਰੀਨ ਤਰੀਕਾ ਇਮਾਨਦਾਰੀ ਨਾਲ ਕੰਮ ਕਰਨਾ ਅਤੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਦੇਣਾ ਹੈ। ਸ਼੍ਰੀ ਚੌਹਾਨ ਨੇ ਨਾਗਰਿਕਾਂ ਨੂੰ ਵਾਤਾਵਰਣ ਦੇ ਹਿਤ ਵਿੱਚ ਗਤੀਵਿਧੀਆਂ ਕਰਨ ਦੀ ਅਪੀਲ ਵੀ ਕੀਤੀ, ਜਿਸ ਵਿੱਚ ਰੁੱਖ ਲਗਾਉਣਾ ਵੀ ਸ਼ਾਮਲ ਹੈ।

**ਸਰਕਾਰ ਲੋਕਾਂ ਦੇ ਜੀਵਨ ਵਿੱਚ ਦਿਖਾਈ ਦੇਣੀ ਚਾਹੀਦੀ ਹੈ**

ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਇਸ ਸੰਕਲਪ ਨੂੰ ਦੁਹਰਾਇਆ ਕਿ ਸਰਕਾਰ ਕੇਵਲ ਫਾਇਲਾਂ ਵਿੱਚ ਨਹੀਂ, ਬਲਕਿ ਲੋਕਾਂ ਦੇ ਜੀਵਨ ਵਿੱਚ ਦਿਖਾਈ ਦੇਣੀ ਚਾਹੀਦੀ ਹੈ। ਉਨ੍ਹਾਂ ਨੇ ਕਿਹਾ ਕਿ ਚੰਡੀਗੜ੍ਹ ਪ੍ਰੋਗਰਾਮ ਇਸ ਪਹੁੰਚ ਦਾ ਪ੍ਰਤੀਬਿੰਬ ਹੈ, ਜਿੱਥੇ ਟੈਕਨੋਲੋਜੀ ਅਤੇ ਸਰਕਾਰੀ ਨੀਤੀਆਂ ਦਾ ਉਪਯੋਗ ਆਮ ਨਾਗਰਿਕਾਂ ਦੇ ਰੋਜ਼ਾਨਾ ਜੀਵਨ ਵਿੱਚ ਠੋਸ ਸੁਧਾਰ ਲਿਆਉਣ ਲਈ ਕੀਤਾ ਜਾ ਰਿਹਾ ਹੈ। ਸ਼੍ਰੀ ਚੌਹਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ, ਸਰਕਾਰ ਲੋਕਾਂ ਦੀ ਸੇਵਾ ਲਈ ਹਰ ਸੰਭਵ ਪ੍ਰਯਾਸ ਕਰ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਬੜੇ ਲਕਸ਼ ਪ੍ਰਾਪਤ ਕਰੇਗੀ। ਇਨ੍ਹਾਂ ਵਿੱਚ ਲਖਪਤੀ ਦੀਦੀ ਲਕਸ਼ ਸ਼ਾਮਲ ਹੈ, ਜਿਸ ਦੇ ਤਹਿਤ ਸਰਕਾਰ ਨੇ 2029 ਤੱਕ 60 ਮਿਲੀਅਨ ਗ੍ਰਾਮੀਣ ਮਹਿਲਾਵਾਂ ਨੂੰ ਵਿੱਤੀ ਤੌਰ ’ਤੇ ਖੁਸ਼ਹਾਲ ਬਣਾਉਣ ਦਾ ਸੰਕਲਪ ਲਿਆ ਹੈ।

## ਝਾੜ ਸਾਹਿਬ ਕਾਲਜ ਵਿਖੇ ਖੂਨਦਾਨ ਕੈਂਪ ਵਿੱਚ 100 ਤੋਂ ਵੱਧ ਯੂਨਿਟ ਇਕੱਤਰਤਾ ਹੋਈਆਂ

**ਮਾਛੀਵਾੜਾ ਸਾਹਿਬ, 19 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ(ਲੁਧਿ.) ਵਿਖੇ ਪ੍ਰਿੰਸੀਪਲ ਡਾ.ਰਜਿੰਦਰ ਕੌਰ ਦੀ ਰਹਿਨੁਮਾਈ ਹੇਠ ਸੰਤ ਬਾਬਾ ਪਿਆਰਾ ਸਿੰਘ ਜੀ ਦੀ ਬਰਸੀ ਸਮਾਗਮ ਦੇ ਪਵਿੱਤਰ ਮੌਕੇ ’ਤੇ ਕਾਲਜ ਦੇ ਐਨ.ਐਸ.ਐਸ.ਯੂਨਿਟ, ਰੈੱਡ ਕਰਾਸ, ਸੋਸ਼ਲ ਸ਼ੈਲਫ਼-ਹੈਲਪ ਗਰੁੱਪ ਅਤੇ ਰੈੱਡ ਰਿਬਨ ਕਲੱਬ ਵਲੋਂ ਸਰਕਾਰੀ ਹਸਪਤਾਲ ਸਮਰਾਲਾ ਅਤੇ ਸਰਕਾਰੀ ਹਸਪਤਾਲ ਲੁਧਿਆਣਾ ਅਤੇ ਡਾ.ਕਿਰਪਾਲ ਸਿੰਘ, ਡਿਪਟੀ ਡਾਇਰੈਕਟਰ, ਖੇਤੀਬਾੜੀ ਅਤੇ ਸਟੇਟ ਐਵਾਰਡੀ, ਵਿਭਾਗ ਯੁਵਕ ਸੇਵਾਵਾਂ, ਪੰਜਾਬ ਦੇ ਸਾਂਝੇ ਯਤਨਾਂ ਨਾਲ ਕਰਵਾਇਆ ਗਿਆ। ਇਸ ਖੂਨਦਾਨ ਕੈਂਪ ਨੂੰ ਇਲਾਕਾ ਨਿਵਾਸੀਆਂ ਵੱਲੋਂ ਹੀ ਉਤਸ਼ਾਹਜਨਕ ਹੁੰਗਾਰਾ ਮਿਲਿਆ ਅਤੇ ਸੌ ਤੋਂ ਵੱਧ ਯੂਨਿਟ ਖੂਨਦਾਨ ਕੀਤਾ ਗਿਆ। ਨੌਜਵਾਨਾਂ, ਐਨ.ਐਸ.ਐਸ. ਵਲੰਟੀਅਰਾਂ ਅਤੇ ਕਾਲਜ ਸਟਾਫ਼ ਨੇ ਇਸ ਨੇਕ ਕਾਰਜ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਖੂਨਦਾਨੀ ਲਈ ਅੱਗੇ ਆਏ।



ਲੋਕਾਂ ਦੀ ਇਸ ਉਤਸ਼ਾਹਪੂਰਨ ਭਾਗੀਦਾਰੀ ਨੇ ਸਮਾਜਿਕ ਜ਼ਿੰਮੇਵਾਰੀ, ਭਾਈਚਾਰਕ ਸੇਵਾ ਅਤੇ ਮਨੁੱਖਤਾ ਪ੍ਰਤੀ ਚਿੰਤਾ ਦੀ ਮਜ਼ਬੂਤ ਭਾਵਨਾ ਨੂੰ ਦਰਸਾਇਆ। ਸਰਕਾਰੀ ਹਸਪਤਾਲ, ਸਮਰਾਲਾ ਅਤੇ ਸਰਕਾਰੀ ਹਸਪਤਾਲ, ਲੁਧਿਆਣਾ ਦੀਆਂ ਮੈਡੀਕਲ ਟੀਮਾਂ ਨੇ ਖੂਨਦਾਨ ਦੀ ਪ੍ਰਕਿਰਿਆ ਨੂੰ ਸੁਚਾਰੂ ਅਤੇ ਸੁਰੱਖਿਅਤ ਢੰਗ ਨਾਲ ਨੇਪਰੇ ਚਾੜ੍ਹਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਨੇ ਐਨ.ਐਸ.ਐਸ. ਯੂਨਿਟ, ਰੈੱਡ ਕਰਾਸ, ਰੈੱਡ ਰਿਬਨ ਕਲੱਬ, ਸੋਸ਼ਲ ਸੈਲਫ਼-ਹੈਪਲ ਗਰੁੱਪ, ਪੰਚਾਇਤ ਮੈਂਬਰਾਂ ਅਤੇ ਵਲੰਟੀਅਰਾਂ ਦੇ ਸੁਚੇਜ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਅਤੇ ਲੋਕਾਂ ਨੂੰ ਖੂਨਦਾਨ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਇਹ ਕੈਂਪ ਸੰਤ ਬਾਬਾ ਪਿਆਰਾ ਸਿੰਘ ਜੀ ਦੀ ਯਾਦ ਅਤੇ ਵਿਰਾਸਤ ਨੂੰ ਸਮਰਪਿਤ ਇੱਕ ਸਾਰਥਕ ਉਪਰਾਲਾ ਹੈ ਅਤੇ ਉਹਨਾਂ ਸਵੈ-ਇੱਛਕ ਖੂਨਦਾਨ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਤੇ ਕਿਹਾ ਕਿ 100 ਤੋਂ ਵੱਧ ਯੂਨਿਟ ਖੂਨ ਇਕੱਠਾ ਹੋਣਾ ਕਾਲਜ ਅਤੇ ਆਸ-ਪਾਸ ਦੇ ਭਾਈਚਾਰੇ ਦੀ ਜੀਵਨ ਬਚਾਉਣ ਅਤੇ ਮਨੁੱਖਤਾ ਦੀ ਸੇਵਾ ਕਰਨ ਪ੍ਰਤੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਮੌਕੇ ਹਰਦੀਪ ਸਿੰਘ ਬਹਿਲੋਲਪੁਰ ਮੀਤ ਪ੍ਰਧਾਨ ਕਾਲਜ ਲੋਕਲ ਕਮੇਟੀ, ਹਰਜਤਿੰਦਰ ਸਿੰਘ ਬਾਜਵਾ ਅਡੀ.ਆਨ ਸਕੱਤਰ ਮੈਂਬਰ ਕਾਲਜ ਕਮੇਟੀ ਅਤੇ ਸਰਪੰਚ, ਪੰਚਾਇਤ ਝਾੜ ਸਾਹਿਬ, ਐਨ.ਐਸ.ਐਸ.ਪ੍ਰੋਗਰਾਮ ਅਫ਼ਸਰ ਡਾ.ਮਨਦੀਪ ਕੌਰ, ਸੁਖਨਪ੍ਰੀਤ ਕੌਰ, ਰੈੱਡ ਕਰਾਸ ਇੰਚਾਰਜ ਮਿਸ ਆਰਤੀ ਰਾਣੀ ਅਤੇ ਰੈੱਡ ਰਿਬਨ ਕਲੱਬ ਇੰਚਾਰਜ ਮਿਸ ਅਮਨਦੀਪ ਕੌਰ, ਕਾਲਜ ਸਟਾਫ਼ ਵਿੱਚੋਂ ਰਣਬੀਰ ਸਿੰਘ, ਸੁਖਬੀਰ ਸਿੰਘ, ਰਜਿੰਦਰ ਸਿੰਘ, ਸਰਬਜੀਤ ਕੌਰ, ਜਗਜੀਤ ਸਿੰਘ, ਹਰਕਮਲ ਸਿੰਘ ਅਤੇ ਬਬੀਤਾ ਰਾਣੀ ਸਮਾਗਮ ਦੌਰਾਨ ਮੌਜੂਦ ਰਹੇ। ਕਾਲਜ ਦੀ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਸਮੁੱਚੀ ਪ੍ਰਬੰਧਕੀ ਟੀਮ, ਐਲ.ਐਮ.ਸੀ. ਮੈਂਬਰਾਂ, ਮੈਡੀਕਲ ਅਤੇ ਹਸਪਤਾਲ ਸਟਾਫ਼, ਸਮਾਜ ਸੇਵੀਆਂ, ਖੂਨਦਾਨੀਆਂ, ਐਨ.ਐਸ.ਐਸ. ਵਲੰਟੀਅਰਾਂ, ਪਿੰਡ ਦੇ ਨੌਜਵਾਨਾਂ ਅਤੇ ਸੰਗਤ ਦੇ ਮੈਂਬਰਾਂ ਵੱਲੋਂ ਦਿੱਤੇ ਮੁੱਲਵਾਨ ਸਹਿਯੋਗ ਅਤੇ ਨਿਸ਼ਕਾਮ ਸੇਵਾ ਲਈ ਦਿਲੋਂ ਧੰਨਵਾਦ ਪ੍ਰਗਟ ਕੀਤਾ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੱਖ-ਵੱਖ ਖੇਤਰਾਂ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ 29 ਉੱਘੀਆਂ ਸ਼ਖਸੀਅਤਾਂ ਨੂੰ ਸਟੇਟ ਐਵਾਰਡ ਨਾਲ ਕੀਤਾ ਸਨਮਾਨਿਤ

**➢ 5 ਪੁਲਿਸ ਮੁਲਾਜ਼ਮਾਂ ਨੂੰ ਬਹਾਦਰੀ ਅਤੇ ਵਿਲੱਖਣ ਸੇਵਾਵਾਂ ਲਈ 'ਮੁੱਖ ਮੰਤਰੀ ਰਕਸ਼ਕ ਪਦਕ' ਕੀਤਾ ਪ੍ਰਦਾਨ ➢ 20 ਪੁਲਿਸ ਮੁਲਾਜ਼ਮਾਂ ਨੂੰ ਸ਼ਾਨਦਾਰ ਸੇਵਾਵਾਂ ਲਈ 'ਮੁੱਖ ਮੰਤਰੀ ਮੈਡਲ' ਨਾਲ ਕੀਤਾ ਸਨਮਾਨਿਤ**

**ਫਿਰੋਜ਼ਪੁਰ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 80ਵੇਂ ਆਜ਼ਾਦੀ ਦਿਵਸ ਮੌਕੇ ਵੱਖ-ਵੱਖ ਖੇਤਰਾਂ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ 29 ਉੱਘੀਆਂ ਸ਼ਖਸੀਅਤਾਂ ਨੂੰ ਸਟੇਟ ਅਵਾਰਡ ਨਾਲ ਸਨਮਾਨਿਤ ਕੀਤਾ। ਉਨ੍ਹਾਂ ਨੇ ਅੱਜ ਇੱਥੇ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਦੌਰਾਨ ਪੁਲਿਸ ਮੁਲਾਜ਼ਮਾਂ ਨੂੰ ਵੱਕਾਰੀ 'ਮੁੱਖ ਮੰਤਰੀ ਰਕਸ਼ਕ ਪਦਕ' ਅਤੇ ਸ਼ਾਨਦਾਰ ਸੇਵਾਵਾਂ ਲਈ 'ਮੁੱਖ ਮੰਤਰੀ ਮੈਡਲ' ਨਾਲ ਸਨਮਾਨਿਤ ਕੀਤਾ।

ਪੁਰਸਕਾਰ ਜੇਤੂਆਂ ਨੂੰ ਵਧਾਈ ਦਿੰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਸਟੇਟ ਅਵਾਰਡ ਉਨ੍ਹਾਂ ਉੱਘੀਆਂ ਸ਼ਖਸੀਅਤਾਂ ਦੀਆਂ ਸਮਰਪਿਤ ਸੇਵਾਵਾਂ ਅਤੇ ਵੱਡਮੁੱਲੇ ਯੋਗਦਾਨ ਨੂੰ ਮਾਨਤਾ ਦਿੰਦੇ ਹਨ, ਜਿਨ੍ਹਾਂ ਨੇ ਜਨਤਕ ਹਿੱਤ ਵਿੱਚ ਆਪੋ-ਆਪਣੇ ਖੇਤਰਾਂ ਵਿੱਚ ਅਣਥੱਕ ਮਿਹਨਤ ਕੀਤੀ ਹੈ। ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਵਿੱਚ ਸਮਾਜਿਕ ਕਾਰਕੁਨ, ਕਲਾਕਾਰ, ਸਾਹਿਤਕਾਰ, ਕਵੀ, ਵਾਤਾਵਰਣ ਪ੍ਰੇਮੀ, ਮਾਹਰ, ਸਰਕਾਰੀ ਅਧਿਕਾਰੀ ਅਤੇ ਹੋਰ ਸ਼ਖਸੀਅਤਾਂ ਸ਼ਾਮਲ ਹਨ, ਜਿਨ੍ਹਾਂ ਨੇ ਸਮਾਜ ਭਲਾਈ ਵਿੱਚ ਸਾਰਥਕ ਯੋਗਦਾਨ ਪਾਇਆ ਹੈ।



ਮੁੱਖ ਮੰਤਰੀ ਨੇ ਬਹਾਦਰੀ ਲਈ ਬਠਿੰਡਾ ਦੇ ਜਗਦੇਵ ਸਿੰਘ ਨੂੰ ਸਰਟੀਫਿਕੇਟ ਅਤੇ ਐਵਾਰਡ ਪ੍ਰਦਾਨ ਕੀਤੇ ਜਦਕਿ ਮਲੇਰਕੋਟਲਾ ਤੋਂ ਇੰਦਰਜੀਤ ਸਿੰਘ, ਜਲੰਧਰ ਤੋਂ ਸੁਰਿੰਦਰ ਜਗਤ, ਜਲੰਧਰ ਤੋਂ ਸੁਨੀਤਾ ਕਪੂਰ, ਬਠਿੰਡਾ ਤੋਂ ਸੁਖਦੀਪ ਸਿੰਘ ਢਿੱਲੋਂ, ਬਠਿੰਡਾ ਤੋਂ ਅਵਤਾਰ ਸਿੰਘ ਮਾਨ, ਜਲੰਧਰ ਤੋਂ ਉਪਿੰਦਰ ਸਿੰਘ ਘਈ, ਸ਼ਹੀਦ ਭਗਤ ਸਿੰਘ ਨਗਰ ਤੋਂ ਜਸਵੀਰ ਸਿੰਘ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਤੋਂ ਜਤਿੰਦਰ ਸਿੰਘ, ਅੰਮ੍ਰਿਤਸਰ ਤੋਂ ਵਿਨੋਦ ਕੁਮਾਰ, ਅੰਮ੍ਰਿਤਸਰ ਤੋਂ ਅਵਤਾਰ ਸਿੰਘ ਅਤੇ ਸੰਗਰੂਰ ਤੋਂ ਅਵਤਾਰ ਸਿੰਘ ਨੂੰ ਸਮਾਜ ਸੇਵੀ ਲਈ; ਪਟਿਆਲਾ ਤੋਂ ਸਤਵੀਰ ਕੌਰ ਨੂੰ ਕਲਾ ਲਈ; ਅੰਮ੍ਰਿਤਸਰ ਤੋਂ ਨਿਰਮਲ ਸਿੰਘ ਨੂੰ ਸਮਾਜ ਸੇਵਾ ਲਈ; ਜਲੰਧਰ ਤੋਂ ਮੇਹਰ ਮਲਿਕ, ਬਰਨਾਲਾ ਤੋਂ ਬੇਅੰਤ ਸਿੰਘ ਬਾਜਵਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਤੋਂ ਸੰਜੀਵ ਸੈਣੀ, ਪਟਿਆਲਾ ਤੋਂ ਬਾਜ ਸਿੰਘ, ਮਾਲੇਰਕੋਟਲਾ ਤੋਂ ਡਾ. ਮੁਹੰਮਦ ਅਯੂਬ ਖਾਨ, ਸੰਗਰੂਰ ਤੋਂ ਪ੍ਰੇਮਲਤਾ ਅਤੇ ਅੰਮ੍ਰਿਤਸਰ ਤੋਂ ਪਰਮਜੀਤ ਕੌਰ ਨੂੰ ਸਾਹਿਤ ਲਈ; ਅੰਮ੍ਰਿਤਸਰ ਤੋਂ ਡਾ. ਪਰਮਿੰਦਰ ਸਿੰਘ ਨੂੰ ਸਿਹਤ ਸੇਵਾਵਾਂ ਲਈ; ਕਪੂਰਥਲਾ ਤੋਂ ਤਲਵਿੰਦਰ ਸਿੰਘ ਅਤੇ ਲੁਧਿਆਣਾ ਤੋਂ ਸੁਖਰਾਜ ਭੁੱਲਰ ਨੂੰ ਸਾਇੰਸ ਅਤੇ ਤਕਨਾਲੋਜੀ ਲਈ ਅਤੇ ਲੁਧਿਆਣਾ ਤੋਂ ਕਮਲਜੀਤ ਸਿੰਘ, ਅੰਮ੍ਰਿਤਸਰ ਤੋਂ ਕਾਂਤਾ ਅਤੇ ਐਸਏਐਸ ਨਗਰ ਤੋਂ ਅਸ਼ੋਕ ਕੁਮਾਰ ਨੂੰ ਸ਼ਾਨਦਾਰ ਸੇਵਾਵਾਂ ਲਈ ਸਰਟੀਫਿਕੇਟ ਅਤੇ ਐਵਾਰਡ ਪ੍ਰਦਾਨ ਕੀਤੇ।

ਇਸ ਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੈੱਡ ਕਾਂਸਟੇਬਲ ਲਵਪ੍ਰੀਤ ਸਿੰਘ, ਕਾਂਸਟੇਬਲ ਬੇਬੀ ਕੁਮਾਰ, ਲੇਡੀ ਕਾਂਸਟੇਬਲ ਚਰਨਜੀਤ, ਲੇਡੀ ਕਾਂਸਟੇਬਲ ਮਮਤਾ ਰਾਣੀ ਅਤੇ ਸੀਨੀਅਰ ਕਾਂਸਟੇਬਲ ਅੰਗਰੇਜ ਸਿੰਘ ਨੂੰ 'ਮੁੱਖ ਮੰਤਰੀ ਰਕਸ਼ਕ ਪਦਕ' ਨਾਲ ਸਨਮਾਨਿਤ ਵੀ ਕੀਤਾ।

ਇਸੇ ਤਰ੍ਹਾਂ ਮੁੱਖ ਮੰਤਰੀ ਨੇ ਪਵਨਪ੍ਰੀਤ ਪੀ.ਪੀ.ਐਸ., ਸੁਰਿੰਦਰਾ ਸਿੰਘ ਪੀ.ਪੀ.ਐਸ., ਅਸ਼ਵਨੀ ਕੁਮਾਰ ਪੀ.ਪੀ.ਐਸ., ਇੰਸਪੈਕਟਰ ਰਾਜੇਸ਼ ਕੁਮਾਰ, ਇੰਸਪੈਕਟਰ ਗੁਰਮੀਤ ਸਿੰਘ, ਇੰਸਪੈਕਟਰ ਦਵਿੰਦਰ ਸਿੰਘ, ਇੰਸਪੈਕਟਰ ਸਤਪਾਲ, ਸਬ-ਇੰਸਪੈਕਟਰ ਇੰਦਰਜੀਤ ਕੌਰ, ਸਬ-ਇੰਸਪੈਕਟਰ ਸੰਦੀਪ ਕੁਮਾਰ, ਸਬ-ਇੰਸਪੈਕਟਰ ਕਰਮਜੀਤ ਸਿੰਘ, ਸਬ ਇੰਸਪੈਕਟਰ ਬਲਦੇਵ ਸਿੰਘ, ਸਬ ਇੰਸਪੈਕਟਰ ਸੁਖਵਿੰਦਰ ਸਿੰਘ, ਏ.ਐਸ.ਆਈ. ਯਾਦਵਿੰਦਰ ਸਿੰਘ, ਏ.ਐਸ.ਆਈ ਨਰਿੰਦਰ ਸਿੱਧੂ, ਏ.ਐਸ.ਆਈ.ਨਵਤੇਜ ਸਿੰਘ ਬਰਾੜ, ਏ.ਐਸ.ਆਈ ਜਤਿੰਦਰ ਸਿੰਘ, ਸੀਨੀਅਰ ਕਾਂਸਟੇਬਲ ਅਮਨਪ੍ਰੀਤ ਸਿੰਘ, ਸੀਨੀਅਰ ਕਾਂਸਟੇਬਲ ਰਮਨਪ੍ਰੀਤ ਸਿੰਘ, ਇੰਸਪੈਕਟਰ ਹਰਜੋਤ ਕੌਰ ਅਤੇ ਸੀਨੀਅਰ ਕਾਂਸਟੇਬਲ ਅਮਰਦੀਪ ਸਿੰਘ ਨੂੰ ਸ਼ਾਨਦਾਰ ਸੇਵਾਵਾਂ ਲਈ 'ਮੁੱਖ ਮੰਤਰੀ ਮੈਡਲ' ਨਾਲ ਵੀ ਸਨਮਾਨਿਤ ਕੀਤਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰੇ ਪੁਰਸਕਾਰ ਜੇਤੂਆਂ ਦੀ ਉਨ੍ਹਾਂ ਦੀ ਸਮਰਪਿਤ ਭਾਵਨਾ ਅਤੇ ਸੇਵਾਵਾਂ ਲਈ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਯੋਗਦਾਨ ਲੋਕ ਭਲਾਈ ਅਤੇ ਪੰਜਾਬ ਦੀ ਤਰੱਕੀ ਲਈ ਸਮਰਪਣ ਅਤੇ ਇਮਾਨਦਾਰੀ ਨਾਲ ਕੰਮ ਕਰਨ ਲਈ ਦੂਜਿਆਂ ਨੂੰ ਪ੍ਰੇਰਿਤ ਕਰਦਾ ਰਹੇਗਾ।

# ਸੁਤੰਤਰਤਾ ਦਿਵਸ ਮੌਕੇ ਆਜ਼ਾਦ ਪ੍ਰੈੱਸ ਵੈਲਫੇਅਰ ਕਲੱਬ ਮੂਨਕ ਦੇ ਸਾਥੀਆਂ ਦਾ ਸਨਮਾਨ

**ਮੂਨਕ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਤੰਤਰਤਾ ਦਿਵਸ ਮੌਕੇ ਮੂਨਕ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਐਸ.ਡੀ.ਐਮ. ਮੂਨਕ ਸ੍ਰ. ਰਾਕੇਸ਼ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਆਜ਼ਾਦ ਪ੍ਰੈੱਸ ਵੈਲਫੇਅਰ ਕਲੱਬ ਮੂਨਕ ਦੇ ਸਾਥੀਆਂ ਨੂੰ ਸ਼ਾਨਦਾਰ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।

ਮੁੱਖ ਮਹਿਮਾਨ ਵੱਲੋਂ ਕਲੱਬ ਦੇ ਸਾਥੀਆਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਉਨ੍ਹਾਂ ਦੀ ਪੱਤਰਕਾਰੀ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਹਾਜ਼ਰ ਪਤਵੰਤੇ ਸੱਜਣਾਂ ਅਤੇ ਪੱਤਰਕਾਰ ਭਾਈਚਾਰੇ ਨੇ ਵੀ ਸੁਤੰਤਰਤਾ ਦਿਵਸ ਦੀਆਂ ਵਧਾਈਆਂ ਸਾਂਝੀਆਂ ਕੀਤੀਆਂ।



# PSPCL ਤੇ PSTCL ਦੇ ਸੀ.ਐਮ.ਡੀ. ਵੱਲੋਂ ਆਜ਼ਾਦੀ ਦਿਵਸ ਮੌਕੇ ਅਧਿਕਾਰੀਆਂ ਤੇ ਕਰਮਚਾਰੀਆਂ ਦਾ ਸਨਮਾਨ

**ਪਟਿਆਲਾ, 19 ਅਗਸਤ**
**-ਅਮਰਜੀਤ ਸਿੰਘ-**

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (PSPCL) ਅਤੇ ਪੰਜਾਬ ਸਟੇਟ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (PSTCL) ਵੱਲੋਂ ਆਜ਼ਾਦੀ ਦਿਵਸ ਸਮਾਗਮ ਸ਼ਾਨੋ-ਸ਼ੌਕਤ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸੀ.ਐਮ.ਡੀ. ਡਾ. ਬਸੰਤ ਗਰਗ ਵੱਲੋਂ ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆਂ ਸੇਵਾਵਾਂ ਅਤੇ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਜ਼ਿੰਮੇਵਾਰੀਆਂ ਨੂੰ ਮਾਨਤਾ ਦਿੰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ।



ਸਮਾਗਮ ਦੇ ਨਿਰਧਾਰਤ ਪ੍ਰੋਗਰਾਮ ਅਨੁਸਾਰ ਸਵੇਰੇ 8:50 ਵਜੇ ਮੁੱਖ ਮਹਿਮਾਨ ਦੀ ਆਮਦ ਅਤੇ ਸਵਾਗਤ ਹੋਇਆ। ਇਸ ਉਪਰੰਤ ਸਵੇਰੇ 8:55 ਵਜੇ ਮੁੱਖ ਮਹਿਮਾਨ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ ਅਤੇ ਸਲਾਮੀ ਲਈ ਗਈ। PSPCL ਦੇ ਸਮਾਗਮ ਦੌਰਾਨ ਵਿਸ਼ੇਸ਼ ਮਹਿਮਾਨ ਸ਼੍ਰੀਮਤੀ ਵੀਨਸ ਗਰਗ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਪਰੇਡ ਦਾ ਨਿਰੀਖਣ, ਸੰਦੇਸ਼/ਸੰਬੋਧਨ ਅਤੇ ਹੋਰ ਵੱਖ-ਵੱਖ ਪ੍ਰੋਗਰਾਮ ਕਰਵਾਏ ਗਏ। ਸਨਮਾਨ ਸਮਾਰੋਹ ਦੌਰਾਨ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਉਨ੍ਹਾਂ ਦੀਆਂ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਗਿੱਧਾ, ਕਰਮਚਾਰੀਆਂ ਵੱਲੋਂ ਦੇਸ਼ਭਗਤੀ ਦੇ ਗੀਤ ਅਤੇ ਭੰਗੜੇ ਦੀਆਂ ਪੇਸ਼ਕਾਰੀਆਂ ਵੀ ਹੋਈਆਂ। ਮੁੱਖ ਮਹਿਮਾਨ ਵੱਲੋਂ ਕਲਾਕਾਰਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਕਾਨਫਰੰਸ ਹਾਲ ਵਿਖੇ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ।

# ਚੀਮਾ ਧਰਮੇੜੀ ਨੂੰ ਯੂਥ ਅਕਾਲੀ ਦਲ ਨੂੰ ਕੋਰ ਕਮੇਟੀ ਦਾ ਮੈਂਬਰ ਥਾਪਿਆ



**ਪਟਿਆਲਾ, 19 ਅਗਸਤ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਨੇ ਪਾਰਟੀ ਦੀ ਮਜਬੂਤੀ ਲਈ ਗਰਾਊਂਡ ਪੱਧਰ ਤੇ ਤਿਆਰੀ ਵਿਢ ਲਈ ਹੈ ਜਿਸ ਤਹਿਤ ਹੁਣ ਯੂਥ ਅਕਾਲੀ ਦਲ ਲਈ ਕੰਮ ਕਰਨ ਵਾਲੇ ਮਿਹਨਤੀ ਵਰਕਰ ਮਲਕੀਤ ਸਿੰਘ ਲਾਡੀ ਚੀਮਾ ਨੂੰ ਯੂਥ ਅਕਾਲੀ ਦਲ ਦੀ ਕੋਰ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ ਇਸੇ ਤਰ੍ਹਾਂ ਹੋਰ ਨੌਜਵਾਨਾਂ ਨੂੰ ਵੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਨਵੀਆਂ ਅਹੁਦੇਦਾਰੀਆਂ ਦੇ ਕੇ ਨਿਵਾਜਿਆ ਜਾ ਰਿਹਾ ਮਲਕੀਤ ਸਿੰਘ ਲਾਡੀ ਚੀਮਾ ਦੇ ਕੋਰ ਕਮੇਟੀ ਮੈਂਬਰ ਬਣਨ ਦਾ ਐਲਾਨ ਸਮਾਣਾ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਨੇ ਇੱਕ ਸਮਾਗਮ ਦਾ ਦੌਰਾਨ ਸਟੇਜ ਤੋਂ ਸੰਬੋਧਨ ਕਰਨ ਸਮੇਂ ਚੀਮਾ ਦੀਆਂ ਸੇਵਵਾਂ ਦੇਖਦੇ ਹੋਏ ਪਾਰਟੀ ਕੋਰ ਕਮੇਟੀ ਮੈਂਬਰ ਨਿਯੁਕਤ ਕਰਨ ਦਾ ਐਲਾਨ ਕੀਤਾ ਇਸ ਮੌਕੇ ਸਮਾਣਾ ਹਲਕਾ ਚਾਰਜ ਤੇ ਯੂਥ ਅਕਾਲੀ ਦਲ ਦੇ ਜਿਲ੍ਹਾ ਦਿਹਾਤੀ ਪ੍ਰਧਾਨ ਜਗਮੀਤ ਸਿੰਘ ਹਰਿਆਊ ਨੇ ਪਾਰਟੀ ਸੁਪਰੀਮੋ ਬਾਦਲ ਤੇ ਹੋਏ ਹਮਲੇ ਦੀ ਨਿਖੇਧੀ ਕਰਦੇ ਹੋਏ ਕਿਹਾ ਕਿ ਕੇਂਦਰ ਸਰਕਾਰ ਨੂੰ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਉਣੀ ਚਾਹੀਦੀ ਹੈ ਤਾਂ ਜੋ ਇਸ ਸਮੇਂ ਵਿੱਚ ਹਮਲਾ ਕਰਾਉਣ ਪਿੱਛੇ ਕਿਸ ਪਾਰਟੀ ਦੀ ਸ਼ਮੂਲੀਅਤ ਹੈ ਉਸ ਦਾ ਪਤਾ ਚੱਲ ਸਕੇ ਦਫਤਰ ਸ਼੍ਰੋਮਣੀ ਅਕਾਲੀ ਦਲ ਸਮਾਣਾ ਵਿਖੇ ਪਹੁੰਚਣ ਤੇ ਮਲਕੀਤ ਸਿੰਘ ਚੀਮਾ ਕੋਰ ਕਮੇਟੀ ਮੈਂਬਰ ਯੂਥ ਅਕਾਲੀ ਦਲ ਦਾ ਜਥੇਦਾਰ ਜਗਮੀਤ ਸਿੰਘ ਹਰਿਆਊ ਵੱਲੋਂ ਸਮਾਨਿਤ ਕੀਤਾ ਗਿਆ ਇਸ ਮੌਕੇ ਤੇ ਮਲਕੀਤ ਸਿੰਘ ਚੀਮਾ ਨੇ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਦਾ ਧੰਨਵਾਦ ਕੀਤਾ ਉਹਨਾਂ ਨੇ ਕਿਹਾ ਪਾਰਟੀ ਨੇ ਜੋ ਸੇਵਾ ਲਾਈ ਹੈ ਪੂਰੀ ਮਿਹਨਤ ਨਾਲ ਨਿਭਾਵਾਂਗਾ ਅਤੇ ਪਿੰਡ ਪਿੰਡ ਜਾ ਕੇ ਯੂਥ ਅਕਾਲੀ ਦਲ ਨੂੰ ਮਜਬੂਤ ਕਰਾਂਗਾ ਇਸ ਮੌਕੇ ਤੇ ਜਥੇਦਾਰ ਭਪਿੰਦਰ ਸਿੰਘ ਘਿਓਰਾ, ਕਸ਼ਮੀਰ ਸਿੰਘ ਸਰਪੰਚ, ਸੋਨੂ ਰੰਧਾਵਾ, ਗੁਰਜੰਟ ਸਿੰਘ ਮਵੀ ,ਹੁਸ਼ਿਆਰ ਸਿੰਘ ਚੀਮਾ ,ਗੁਰਸੇਵਕ ਸਿੰਘ ਘੁਮਾਣ, ਗੁਰਵਿੰਦਰ ਸਿੰਘ ਘੁਮਾਣ, ਹਰਮਨ ਸਿੰਘ ਬੱਲ, ਵਰਿੰਦਰ ਸਿੰਘ ਖੇੜਕੀ, ਸੋਨੂ ਰੰਧਾਵਾ, ਸਹਿਜ ਦਿਓਲ, ਅਮਨਦੀਪ ਸਿੰਘ ਮਵੀ, ਰਾਜਵਿੰਦਰ ਸਿੰਘ ਰਾਜੂ , ਚਰਨਜੀਤ ਸਿੰਘ ਸਰਪੰਚ, ਗੁਰਜਿੰਦਰ ਸਿੰਘ ਚਤਹਿਰਾ, ਹਰਜੀਤ ਸਿੰਘ ਬਠੋਈ, ਰਸ਼ਪਿੰਦਰ ਸਿੰਘ ਦਿਓਲ, ਨਾਜਰ ਗਿੱਲ, ਬੂਟਾ ਸਿੰਘ ,ਹਰਦੀਪ ਸਿੰਘ ਚੀਮਾ, ਗੁਰਪ੍ਰੀਤ ਸਿੰਘ ਵੜੈਚ, ਰਮਨ ਸੰਧੂ, ਭੱਪੁਰ ਸਿੰਘ ਡਕਾਲਾ ਹਾਜ਼ਰ ਸਨ।

# ਚੰਡੀਗੜ੍ਹ ਜੁਡੀਸ਼ਲ ਅਕੈਡਮੀ ਵਿਖੇ 40 ਘੰਟੇ ਦਾ ਕਮਿਊਨਿਟੀ ਵਿਚੋਲਗੀ ਟ੍ਰੇਨਿੰਗ ਪ੍ਰੋਗਰਾਮ ਸੰਪੰਨ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ, ਯੂ.ਟੀ. ਚੰਡੀਗੜ੍ਹ ਦੁਆਰਾ ਆਯੋਜਿਤ 40 ਘੰਟੇ ਦਾ ਕਮਿਊਨਿਟੀ ਵਿਚੋਲਗੀ ਟ੍ਰੇਨਿੰਗ ਪ੍ਰੋਗਰਾਮ ਅੱਜ ਚੰਡੀਗੜ੍ਹ ਜੁਡੀਸ਼ਲ ਅਕੈਡਮੀ, ਸੈਕਟਰ-43, ਚੰਡੀਗੜ੍ਹ ਵਿਖੇ ਸੰਪੰਨ ਹੋਇਆ। ਇਸ ਪ੍ਰੋਗਰਾਮ ਦੇ ਦੌਰਾਨ ਕੁੱਲ 16 ਕਮਿਊਨਿਟੀ ਵਿਚੋਲਿਆਂ ਨੂੰ ਟ੍ਰੇਨਿੰਗ ਦਿੱਤੀ ਗਈ।

ਟ੍ਰੇਨਿੰਗ ਦਾ ਉਦੇਸ਼ ਪਿੰਡਾਂ ਅਤੇ ਭਾਈਚਾਰਿਆਂ ਦੇ ਪੱਧਰ 'ਤੇ ਵਿਚੋਲਗੀ ਪ੍ਰਕਿਰਿਆ ਨੂੰ ਮਜ਼ਬੂਤ ??ਕਰਨਾ ਸੀ ਤਾਕਿ ਸਥਾਨਕ ਵਿਵਾਦਾਂ ਦਾ ਸਮਾਧਾਨ ਜ਼ਮੀਨੀ ਪੱਧਰ 'ਤੇ ਹੀ ਕੀਤਾ ਜਾ ਸਕੇ।

ਸਮਾਪਨ ਸੈਸ਼ਨ ਵਿੱਚ ਐਡੀਸ਼ਨਲ ਜ਼ਿਲ੍ਹਾ ਅਤੇ ਸੈਸ਼ਨ ਜੱਜ-ਅਤੇ-ਮੈਂਬਰ ਸਕੱਤਰ, ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ, ਯੂ.ਟੀ. ਚੰਡੀਗੜ੍ਹ, ਸ਼੍ਰੀ ਅਰੁਣ ਕੁਮਾਰ ਅਗਰਵਾਲ, ਮੁੱਖ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ।

ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਅਰੁਣ ਕੁਮਾਰ ਅਗਰਵਾਲ ਨੇ ਕਿਹਾ ਕਿ ਇਹ ਕਮਿਊਨਿਟੀ ਵਿਚੋਲਗੀ ਟ੍ਰੇਨਿੰਗ ਦਾ ਦੂਸਰਾ ਪੜਾਅ ਸੀ। ਉਨ੍ਹਾਂ ਨੇ ਕਿਹਾ ਕਿ 16 ਕਮਿਊਨਿਟੀ ਵਿਚੋਲਿਆਂ ਨੂੰ ਟ੍ਰੇਨਿੰਗ ਦੇਣ ਨਾਲ ਪਿੰਡਾਂ ਅਤੇ ਭਾਈਚਾਰਿਆਂ ਵਿੱਚ ਵਿਚੋਲਗੀ ਵਿਵਸਥਾ ਹੋਰ ਮਜ਼ਬੂਤ ??ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਇਹ ਪਹਿਲ ਲੋਕਾਂ ਦੀਆਂ ਸਮੱਸਿਆਵਾਂ ਦਾ ਸਮਾਧਾਨ ਜ਼ਮੀਨੀ ਪੱਧਰ 'ਤੇ ਕਰਨ ਵਿੱਚ ਮਦਦ ਕਰੇਗੀ ਅਤੇ ਸਮਾਜ ਵਿੱਚ ਸਦਭਾਵ ਅਤੇ ਸ਼ਾਂਤੀਪੂਰਨ ਵਿਵਾਦ ਸਮਾਧਾਨ ਨੂੰ ਹੁਲਾਰਾ ਦੇਵੇਗੀ। ਉਨ੍ਹਾਂ ਨੇ ਇਸ ਪਹਿਲ ਨੂੰ ਅਦਾਲਤਾਂ 'ਤੇ ਲੰਬਿਤ ਮਾਮਲਿਆਂ ਦੇ ਬੋਝ ਨੂੰ ਘੱਟ ਕਰਨ ਅਤੇ ਭਾਈਚਾਰਿਆਂ ਨੂੰ ਸਸ਼ਕਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਦੱਸਿਆ।

ਟ੍ਰੇਨਿੰਗ ਐਡਵੋਕੇਟ ਮਨਜੀਤ ਕੌਰ ਕੋਟੀਆ ਅਤੇ ਐਡਵੋਕੇਟ ਸੀਮਾ ਪਸਰੀਚਾ ਦੁਆਰਾ ਦਿੱਤੀ ਗਈ। ਇਹ ਦੋਵੇਂ ਟ੍ਰੇਨਰ ਐੱਮਸੀਪੀਸੀ, ਦਿੱਲੀ ਨਾਲ ਸਬੰਧਿਤ ਸਰਟੀਫਾਇਡ ਮਾਸਟਰ ਟ੍ਰੇਨਰ ਹਨ। ਟ੍ਰੇਨਿੰਗ ਦੇ ਦੌਰਾਨ ਸੰਚਾਰ ਕੌਸ਼ਲ, ਗੱਲਬਾਤ ਅਤੇ ਸਮਝੌਤਾ ਤਕਨੀਕ, ਨੈਤਿਕਤਾ ਅਤੇ ਵਿਵਾਦ ਸਮਾਧਾਨ ਦੇ ਵਿਵਹਾਰਿਕ ਪਹਿਲੂਆਂ ਸਹਿਤ ਵਿਚੋਲਗੀ ਦੇ ਵਿਭਿੰਨ ਪਹਿਲੂਆਂ 'ਤੇ ਟ੍ਰੇਨਿੰਗ ਦਿੱਤੀ ਗਈ।

ਟ੍ਰੇਨਿੰਗ ਪ੍ਰੋਗਰਾਮ ਦੇ ਸਮਾਪਨ 'ਤੇ ਸਾਰੇ ਪ੍ਰਤੀਭਾਗੀ ਕਮਿਊਨਿਟੀ ਵਿਚੋਲਿਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ।

ਐੱਸਐੱਲਐੱਸਏ, ਚੰਡੀਗੜ੍ਹ, ਯੂ.ਟੀ. ਚੰਡੀਗੜ੍ਹ ਵਿੱਚ ਟ੍ਰੇਨਿੰਗ ਪ੍ਰਾਪਤ ਕਮਿਊਨਿਟੀ ਵਿਚੋਲਿਆਂ ਦੇ ਨੈੱਟਵਰਕ ਦਾ ਵਿਸਤਾਰ ਕਰਨ ਲਈ ਪ੍ਰਤੀਬੱਧ ਹੈ ਤਾਕਿ ਕਮਿਊਨਿਟੀ ਪੱਧਰ 'ਤੇ ਲੋਕਾਂ ਨੂੰ ਸੁਲਭ ਅਤੇ ਤੇਜ਼ ਨਿਆਂ ਉਪਲਬਧ ਕਰਵਾਇਆ ਜਾ ਸਕੇ।

# ਪੁਲਿਸ ਨੇ ਘਰ 'ਤੇ ਰੇਡ ਮਾਰਕੇ 80 ਲੀਟਰ ਲਾਹਣ ਬਰਾਮਦ ਕੀਤੀ

**ਸਮਾਣਾ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਘੱਗਾ ਪੁਲਿਸ ਨੇ ਇੱਕ ਵਿਅਕਤੀ ਦੇ ਘਰ ਰੇਡ ਮਾਰਕੇ 80 ਲੀਟਰ ਲਾਹਣ ਬਰਾਮਦ ਕੀਤੀ ਹੈ ।

ਜਾਣਕਾਰੀ ਅਨੁਸਾਰ ਥਾਣਾ ਘੱਗਾ ਦੇ ਇੰਚਾਰਜ ਜੈਦੀਪ ਸ਼ਰਮਾ ਦੀ ਅਗਵਾਈ ਹੇਠ ਸਹਾਇਕ ਥਾਣੇਦਾਰ ਬੂਟਾ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਾਬੂ ਕਰਨ ਦੇ ਮਕਸਦ ਨਾਲ ਪਿੰਡ ਬਰਾਸ ਨੇੜੇ ਜੰਮੂ ਕਟੜਾ ਪੁਲ 'ਤੇ ਮੌਜੂਦ ਸਨ । ਜਿਥੇ ਉਨ੍ਹਾਂ ਨੂੰ ਖਾਸ ਮੁਖਬਰ ਦੀ ਇਤਲਾਹ ਮਿਲੀ ਕਿ ਦੋਸ਼ੀ ਨਜਾਇਜ਼ ਸ਼ਰਾਬ ਕੱਢ ਕੇ ਵੇਚਣ ਦਾ ਆਦੀ ਹੈ । ਜੋ ਆਪਣੇ ਮਕਾਨ ਦੇ ਅੰਦਰ ਸ਼ਰਾਬ ਰੱਖ ਕੇ ਵੇਚਦਾ ਹੈ । ਪੁਲਸ ਨੇ ਕਥਿਤ ਦੋਸ਼ੀ ਪ੍ਰਭਜੋਤ ਸਿੰਘ ਵਾਸੀ ਪਿੰਡ ਬਰਾਸ ਥਾਣਾ ਘੱਗਾ ਦੇ ਘਰ ਤੁਰੰਤ ਰੇਡ ਕਰਕੇ ਉਥੋਂ 80 ਲੀਟਰ ਲਾਹਣ ਬਰਾਮਦ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ ।

ਜਦ ਕਿ ਦੋਸ਼ੀ ਮੌਕੇ ਤੋ ਫ਼ਰਾਰ ਹੋਣ ਵਿੱਚ ਸਫਲ ਹੋ ਗਿਆ। ਪੁਲਿਸ ਨੇ ਦੋਸ਼ੀ ਖਿਲਾਫ ਮੁਕੱਦਮਾ ਨੰਬਰ 84, ਮਿਤੀ 13-8-2026, ਐਕਸਾਈਜ਼ ਐਕਟ ਦੀ ਧਾਰਾ 61/1/14 ਅਧੀਨ ਥਾਣਾ ਘੱਗਾ ਵਿਖੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਚਿਲਡਰਨ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਆਜ਼ਾਦੀ ਦਿਵਸ ਸਮਾਗਮ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ



**ਪਟਿਆਲਾ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਚਿਲਡਰਨ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰੀਮਿਸਿਸ ਵਿੱਚ 15 ਅਗਸਤ 2026, ਸ਼ਨੀਵਾਰ ਨੂੰ ਆਜ਼ਾਦੀ ਦਿਵਸ ਬੜੇ ਉਤਸ਼ਾਹ, ਦੇਸ਼-ਭਗਤੀ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦਾ ਸਮੁੱਚਾ ਮਾਹੌਲ ਦੇਸ਼-ਪ੍ਰੇਮ ਦੀ ਭਾਵਨਾ ਨਾਲ ਭਰਪੂਰ ਰਿਹਾ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸਰਦਾਰ ਹਰਚੰਦ ਸਿੰਘ ਬਰਸਟ ਜੀ, ਚੇਅਰਮੈਨ ਮੰਡੀ ਬੋਰਡ ਅਤੇ ਜਨਰਲ ਸਕੱਤਰ, ਆਮ ਆਦਮੀ ਪਾਰਟੀ ਪੰਜਾਬ, ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੁੱਖ ਮਹਿਮਾਨ ਨੇ ਸਕੂਲ ਪਹੁੰਚ ਕੇ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਉਪਰੰਤ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮਿਹਨਤ, ਅਨੁਸ਼ਾਸਨ, ਇਮਾਨਦਾਰੀ ਅਤੇ ਦੇਸ਼ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਹਮੇਸ਼ਾ ਕੰਮ ਆਉਣ ਵਾਲੀਆਂ ਮਹੱਤਵਪੂਰਨ ਗੱਲਾਂ ਵੀ ਸਮਝਾਈਆਂ। ਇਸ ਦੇ ਨਾਲ ਹੀ ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਮਹਾਨ ਕੁਰਬਾਨੀਆਂ ਦੇਣ ਵਾਲੇ ਆਜ਼ਾਦੀ ਘੁਲਾਟੀਆਂ ਅਤੇ ਦੇਸ਼-ਭਗਤਾਂ ਨੂੰ ਸ਼ਰਧਾ ਨਾਲ ਯਾਦ ਕੀਤਾ। ਇਸ ਮੌਕੇ ਸ੍ਰੀ ਸੋਨਮ ਬਾਂਸਲ ਜੀ, ਸੋਸ਼ਲ ਵਰਕਰ, ਸਰਦਾਰ ਸੰਦੀਪ ਸਿੰਘ ਰਾਜਾ ਤੂੜ ਜੀ, ਸ਼੍ਰੀਮਤੀ ਗੀਤਾਂਜਲੀ ਜੀ ਅਤੇ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਜੀ ਕਰਨਲ ਸਾਹਿਬ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਸਮਾਗਮ ਦੀ ਸ਼ੋਭਾ ਵਧਾਈ। ਇਸ ਤੋਂ ਇਲਾਵਾ ਰਾਸ਼ਟਰੀ ਜੋਤੀ ਕਲ ਮੰਚ ਦੇ ਡਾਇਰੈਕਟਰ ਸ੍ਰੀ ਰਾਕੇਸ਼ ਠਾਕੁਰ ਜੀ ਵੀ ਇਸ ਵਿਸ਼ੇਸ਼ ਸਮਾਗਮ ਦਾ ਹਿੱਸਾ ਬਣੇ। ਆਜ਼ਾਦੀ ਦਿਵਸ ਦੀ ਖੁਸ਼ੀ ਨੂੰ ਹੋਰ ਯਾਦਗਾਰ ਬਣਾਉਣ ਲਈ ਸਕੂਲ ਦੇ ਵਿਦਿਆਰਥੀਆਂ ਵੱਲੋ ਇੱਕ ਸ਼ਾਨਦਾਰ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤ ਗਿਆ। ਵਿਦਿਆਰਥੀਆਂ ਨੇ ਦੇਸ਼-ਭਗਤੀ ਦੇ ਗੀਤਾਂ, ਕਵਿਤਾਵਾਂ, ਨਾਟ ਅਤੇ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਆਪਣੀ ਪ੍ਰਤਿਭ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਤਿਰੰਗੇ ਦੇ ਰੰਗਾਂ ਨਾਲ ਸਜੇ ਬੱਚਿਅ ਦੀਆਂ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਵਿਸ਼ੇਸ਼ ਆਕਰਸ਼ਣ ਪੈਦਾ ਕੀਤ ਅਤੇ ਹਾਜ਼ਰੀਨ ਵੱਲੋਂ ਖੂਬ ਸਰਾਹਨ ਪ੍ਰਾਪਤ ਕੀਤੀ।

# ਰਾਸ਼ਟਰੀਆ ਜਯੋਤੀ ਕਲਾ ਮੰਚ ਨੇ ਮਨਾਇਆ ਅਜ਼ਾਦੀ ਦਿਹਾੜਾ



**ਪਟਿਆਲਾ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀਆ ਜਯੋਤੀ ਕਲਾ ਮੰਚ ( ਰਜਿ) ਪਟਿਆਲਾ ਵੱਲੋਂ ਡਾਇਰੈਕਟਰ ਰਾਕੇਸ਼ ਠਾਕੁਰ ਦੀ ਨਿਰਦੇਸ਼ਨਾ ਹੇਠ ਆਲ ਇੰਡੀਆ ਪਿੰਗਲਾ ਆਸ਼ਰਮ ਵਿਖੇ ਸੁਤੰਤਰਤਾ ਦਿਵਸ ਮਨਾਇਆ ਗਿਆ। ਇਸ ਦੌਰਾਨ ਆਸ਼ਰਮ ਦੇ ਸੰਚਾਲਕ ਬਾਬਾ ਬਲਵੀਰ ਸਿੰਘ ਦੀ ਅਗਵਾਈ ਵਿੱਚ ਕਰਵਾਏ ਗਏ ਸਮਾਗਮ ਵਿੱਚ ਸਮਾਜ ਸੇਵੀ ਕਰੁਨ ਕੌੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ 'ਤੇ ਕਰਨ ਕੌੜਾ, ਬਾਬਾ ਬਲਵੀਰ ਸਿੰਘ, ਮੰਚ ਦੇ ਕੌਮੀ ਪ੍ਰਧਾਨ ਬੀਰਚੰਦ ਖੁਰਮੀ, ਸੀਨੀਅਰ ਪ੍ਰਧਾਨ ਇੰਜ. ਨਰਿੰਦਰ ਸਿੰਘ, ਪ੍ਰਧਾਨ ਸੋਨਮ ਬਾਂਸਲ, ਮੰਚ ਦੇ ਅਹੁਦੇਦਾਰਾਂ ਸੁਰਿੰਦਰ ਮੋਹਨ ਸਿੰਗਲਾ, ਹਰਕੇਸ਼ ਮਿੱਤਲ, ਡਾ. ਸਤਿਆਪਾਲ ਸਲੂਜਾ, ਹਰਮੇਸ਼ ਸਿੰਗਲਾ, ਦਰਸ਼ਨ ਜਿੰਦਲ, ਧਰਮਪਾਲ ਗਰਗ, ਬਰਿੰਦਰ ਵਰਮਾ, ਕੇ. ਵੀ. ਪੁਰੀ, ਧੀਰਜ ਗੋਇਲ, ਲਲਿਤਾ ਰਾਓ, ਰਵਿੰਦਰ ਸਿੰਗਲਾ, ਤਰਲੋਕ ਜੈਨ ਚੇਅਰਮੈਨ ਨੇ ਸਾਂਝੇ ਰੂਪ ਵਿੱਚ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।

ਇਸ ਮੌਕੇ ਚੇਅਰਮੈਨ ਸੰਜੇ ਗੋਇਲ, ਪ੍ਰਧਾਨ ਸੋਨਮ ਬਾਂਸਲ ਅਤੇ ਧੀਰਜ ਗੋਇਲ ਅਤੇ ਮੰਚ ਦੇ ਮੈਂਬਰਾ ਦਾ ਵਿਸ਼ੇਸ਼ ਸਹਿਯੋਗ ਰਿਹਾ।

ਇਸ ਤੋਂ ਇਲਾਵਾ ਲਕਸ਼ਿਆ ਗੋਇਲ, ਮਮਤਾ ਠਾਕੁਰ, ਨਿਰਮਲ ਜੈਨ, ਸੁਸ਼ਮਾ ਗਿਰੀ, ਬਿਲੀਅਮਜੀਤ ਸਿੰਘ, ਸ੍ਰੀਮਤੀ ਰਾਜ ਕੌਰ ਅਤੇ ਮੰਚ ਸੰਚਾਲਨ ਦੀ ਜਿੰਮੇਵਾਰੀ ਡਾਕਟਰ ਧਰਮਿੰਦਰ ਸੰਧੂ ਨੇ ਬਾਖੂਬੀ ਨਿਭਾਈ ਇਸ ਦੇ ਨਾਲ ਮੰਚ ਦੇ ਹੋਰ ਮੈਂਬਰ ਹਾਜ਼ਰ ਰਹੇ।

# ਪੰਜਾਬੀ ਪ੍ਰਬੋਧ ਦੀ ਪ੍ਰੀਖਿਆ 13 ਸਤੰਬਰ ਨੂੰ

**ਪਟਿਆਲਾ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਭਰੀਆਂ ਜਾਣ ਵਾਲੀਆਂ ਗਰੁੱਪ ਸੀ ਅਤੇ ਇਸ ਤੋਂ ਉੱਪਰ ਦੀਆਂ ਅਸਾਮੀਆਂ ਲਈ ਨਿਰਧਾਰਤ ਯੋਗਤਾਵਾਂ ਵਿੱਚੋਂ ਇਕ ਯੋਗਤਾ ਉਮੀਦਵਾਰਾਂ ਲਈ ਮੈਟ੍ਰਿਕ ਪੱਧਰ ਦੀ ਪੰਜਾਬੀ ਦਾ ਵਿਸ਼ਾ ਪਾਸ ਕੀਤਾ ਹੋਣਾ ਲਾਜ਼ਮੀ ਹੈ। ਜਿਨ੍ਹਾਂ ਉਮੀਦਵਾਰਾਂ ਪਾਸ ਮੈਟ੍ਰਿਕ ਪੱਧਰ ਦੀ ਪੰਜਾਬੀ ਭਾਸ਼ਾ ਦੀ ਯੋਗਤਾ ਨਹੀਂ ਹੈ, ਭਾਸ਼ਾ ਵਿਭਾਗ ਪੰਜਾਬ ਵੱਲੋਂ ਅਜਿਹੇ ਉਮੀਦਵਾਰਾਂ ਦੀ ਪੰਜਾਬੀ ਪ੍ਰਬੋਧ ਪ੍ਰੀਖਿਆ 13.09.2026 (ਦਿਨ ਐਤਵਾਰ) ਨੂੰ ਲਈ ਜਾਵੇਗੀ। ਦਫ਼ਤਰ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਵੱਲੋਂ ਜਾਰੀ ਸੂਚਨਾ ਮੁਤਾਬਕ ਉਕਤ ਪ੍ਰੀਖਿਆ ਲਈ ਫਾਰਮ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 07.09.2026 ਹੋਵੇਗੀ। ਪਹਿਲਾਂ ਦੀ ਤਰ੍ਹਾਂ ਇਹ ਪ੍ਰੀਖਿਆ ਵਿਭਾਗ ਦੇ ਮੁੱਖ ਦਫਤਰ, ਭਾਸ਼ਾ ਭਵਨ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ ਹੋਵੇਗੀ। ਇਸ ਪ੍ਰੀਖਿਆ ਲਈ ਫੀਸ 3000/- ਰੁਪਏ ਹੋਵੇਗੀ ਜੋ ਕਿ ਨਕਦ ਵਸੂਲ ਕੀਤੀ ਜਾਵੇਗੀ। ਫਾਰਮ ਜਮ੍ਹਾਂ ਕਰਵਾਉਣ ਵਾਲੇ ਉਮੀਦਵਾਰ ਆਪਣੇ ਨਾਲ ਅਧਾਰ ਕਾਰਡ, ਦਸਵੀਂ, ਬਾਰ੍ਹਵੀਂ ਅਤੇ ਗ੍ਰੈਜੂਏਸ਼ਨ ਦੇ ਅਸਲ ਸਰਟੀਫਿਕੇਟ, ਅਤੇ ਇਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ, ਇਕ 30⊘25 ਸੈ.ਮੀ. ਸਾਈਜ਼ ਦਾ ਸਵੈ ਪਤੇ ਵਾਲਾ ਲਿਫਾਫਾ ਜਿਸ ਉਤੇ 56/- ਰੁਪਏ ਦੀਆਂ ਡਾਕ ਟਿਕਟਾਂ ਲੱਗੀਆਂ ਹੋਣ ਅਤੇ ਪੰਜ ਫੋਟੋਆਂ (ਇੱਕੋ ਸਨੈਪ ਦੀਆਂ) ਪਾਸਪੋਰਟ ਸਾਈਜ਼ (ਜਿਨ੍ਹਾਂ ਵਿੱਚੋਂ ਦੋ ਫੋਟੋਆਂ ਗਜ਼ਟਿਡ ਅਫਸਰ ਵੱਲੋਂ ਤਸਦੀਕੀਆਂ ਹੋਣ) ਜਿਨ੍ਹਾਂ ਦੀ ਬੈਕ ਗਰਾਊਂਡ ਅਤੇ ਕੱਪੜੇ ਫਿੱਕੇ (ਲਾਈਟ) ਰੰਗ ਦੇ ਹੋਣ, ਨਾਲ ਲਿਆਉਣ। ਪੰਜਾਬੀ ਪ੍ਰਬੋਧ ਪ੍ਰੀਖਿਆ ਸਬੰਧੀ ਵਧੇਰੇ ਜਾਣਕਾਰੀ ਲਈ ਦਫਤਰ ਦੇ ਫੋਨ ਨੰ. 0175-2214469 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਮਨੀਸ਼ ਤਿਵਾੜੀ ਨੇ ਹਰ ਘਰ ਤਿਰੰਗਾ ਮੁਹਿੰਮ ਤਹਿਤ ਸੁਖਨਾ ਚੋਅ ਵਣ ਖੇਤਰ ਵਿੱਚ ਬੂਟੇ ਲਗਾਏ, ਟਿਕਾਊ ਫੋਰੈਸਟ੍ਰੀ ਅਤੇ ਵਾਤਾਵਰਣਕ ਸੰਭਾਲ਼ ਪਹਿਲਾਂ 'ਤੇ ਦਿੱਤਾ ਜ਼ੋਰ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਂਸਦ ਸ਼੍ਰੀ ਮਨੀਸ਼ ਤਿਵਾੜੀ ਨੇ ਹਰ ਘਰ ਤਿਰੰਗਾ ਮੁਹਿੰਮ ਦੇ ਤਹਿਤ ਦੜੀਆ, ਸੁਖਨਾ ਚੋਅ ਵਣ ਖੇਤਰ, ਚੰਡੀਗੜ੍ਹ ਵਿਖੇ, ਅੰਬ ਦਾ ਪੌਦਾ ਲਗਾਇਆ। ਅੰਬ ਸਟੇਟ ਟ੍ਰੀ ਆਵ ? ਚੰਡੀਗੜ੍ਹ ਹੈ।



ਪੌਦੇ ਲਗਾਉਣ ਦਾ ਇਹ ਕਾਰਜ ਯੂਟੀ ਚੰਡੀਗੜ੍ਹ ਦੇ ਵਣ ਵਿਭਾਗ ਦੀਆਂ ਚਲ ਰਹੀਆਂ ਪੌਦੇ ਲਗਾਉਣ ਅਤੇ ਹਰਿਤ ਖੇਤਰ ਵਿਸਤਾਰ ਮੁਹਿੰਮਾਂ ਦਾ ਹਿੱਸੇ ਹੈ।

ਇਸ ਅਵਸਰ 'ਤੇ ਮਾਣਯੋਗ ਸਾਂਸਦ ਨੂੰ ਚੰਡੀਗੜ੍ਹ ਵਿੱਚ ਗ੍ਰੀਨ ਕਵਰ ਨੂੰ ਮਜ਼ਬੂਤ ਕਰਨ, ਵਾਤਾਵਰਣਕ ਬਹਾਲੀ ਅਤੇ ਵਣ ਖੇਤਰਾਂ ਦੇ ਟਿਕਾਊ ਪ੍ਰਬੰਧਨ ਲਈ ਵਣ ਵਿਭਾਗ ਦੁਆਰਾ ਕੀਤੇ ਜਾ ਰਹੇ ਵਿਭਿੰਨ ਕਾਰਜਾਂ ਬਾਰੇ ਜਾਣੂ ਕਰਵਾਇਆ ਗਿਆ। ਉਨ੍ਹਾਂ ਨੂੰ ਚਲ ਰਹੇ ਫੌਰੈਸਟ੍ਰੀ ਕਾਰਜਾਂ ਅਤੇ ਜੈਵ ਵਿਵਿਧਤਾ ਨੂੰ ਹੁਲਾਰਾ ਦੇਣ ਅਤੇ ਵਾਤਾਵਰਣ ਸੰਭਾਲ਼ ਦੀ ਦਿਸ਼ਾ ਵਿੱਚ ਕੀਤੇ ਜਾ ਰਹੇ ਪ੍ਰਯਾਸਾਂ ਦੀ ਵੀ ਜਾਣਕਾਰੀ ਦਿੱਤੀ ਗਈ।

ਮਾਣਯੋਗ ਸਾਂਸਦ ਨੇ ਇਸ ਤੋਂ ਬਾਅਦ ਵਿੱਚ ਦੜੀਆ ਸਥਿਤ ਹਾਈ-ਟੈੱਕ ਨਰਸਰੀ ਦਾ ਦੌਰਾ ਕੀਤਾ। ਉਨ੍ਹਾਂ ਨੇ ਨਰਸਰੀ ਦੇ ਸੰਚਾਲਨ ਵਿੱਚ ਵਿਸ਼ੇਸ਼ ਰੁਚੀ ਦਿਖਾਈ ਅਤੇ ਗੁਣਵੱਤਾਪੂਰਨ ਪੌਧ ਸਮੱਗਰੀ ਦੇ ਉਤਪਾਦਨ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਪੌਦਿਆਂ ਦੇ ਘੱਟ ਲਾਗਤ ਵਿੱਚ ਉਤਪਾਦਨ ਅਤੇ ਪੌਦੇ ਲਗਾਉਣ ਦੀਆਂ ਜ਼ਰੂਰਤਾਂ ਨੂੰ ਕਿਫ਼ਾਇਤੀ ਅਤੇ ਟਿਕਾਊ ਤਰੀਕੇ ਨਾਲ ਪੂਰਾ ਕਰਨ ਲਈ ਨਰਸਰੀ ਦੇ ਉਪਯੋਗ ਹਿਤ ਵਿਭਾਗ ਦੇ ਪ੍ਰਯਾਸਾਂ ਦੀ ਸ਼ਲਾਘਾ ਕੀਤੀ।

ਪੀਐੱਮ ਸ਼੍ਰੀ ਸਰਕਾਰੀ ਸਕੂਲ, ਧਨਾਸ ਦੇ ਵਿਦਿਆਰਥੀਆਂ ਨੇ ਵੀ ਪੌਦੇ ਲਗਾਉਣ ਦੇ ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਮਾਣਯੋਗ ਸਾਂਸਦ ਦੀ ਮੌਜੂਦਗੀ ਵਿੱਚ ਪੌਦੇ ਲਗਾਏ। ਵਿਦਿਆਰਥੀਆਂ ਦੀ ਭਾਗੀਦਾਰੀ ਨੇ ਵਾਤਾਵਰਣ ਸੰਭਾਲ਼ ਵਿੱਚ ਯੁਵਾ ਪੀੜ੍ਹੀ ਦੀ ਭੂਮਿਕਾ ਅਤੇ ਪ੍ਰਕ੍ਰਿਤੀ ਦੇ ਪ੍ਰਤੀ ਜ਼ਿੰਮੇਦਾਰੀ ਦੀ ਭਾਵਨਾ ਵਿਕਸਿਤ ਕਰਨ ਦੇ ਮਹੱਤਵ ਨੂੰ ਰੇਖਾਂਕਿਤ ਕੀਤਾ।

# ਪੰਜਾਬ ਉੱਤੇ ਬਾਹਰੀ ਤਾਕਤਾਂ ਵੱਲੋਂ ਰਚੀ ਗਈ ਸਿਆਸੀ ਸਾਜ਼ਿਸ਼ : ਕੇਂਦਰੀ ਸ੍ਰੀ ਗੁਰੂ ਸਿੰਘ ਸਭਾ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਾਂਝੇ ਅਤੇ ਬਹੁ-ਰੰਗੇ ਸਮਾਜ ਦੀ ਵੰਡ ਇੱਕ ਸਿਆਸੀ ਚਾਲਾਕੀ ਸੀ, ਜਿਸ ਨੂੰ ਸਾਮਰਾਜਵਾਦੀ ਤਾਕਤਾਂ ਅਤੇ ਉਨ੍ਹਾਂ ਦੇ ਦੇਸੀ ਸਿਆਸੀ ਸਹਿਯੋਗੀਆਂ ਦੇ ਗੱਠਜੋੜ ਰਾਹੀਂ ਅੰਜ਼ਾਮ ਦਿੱਤਾ ਗਿਆ।



ਇਸ ਵੱਡੀ ਤ੍ਰਾਸਦੀ ਨੇ ਲੱਖਾਂ ਲੋਕਾਂ ਨੂੰ ਉਜਾੜ ਦਿੱਤਾ ਅਤੇ ਲੱਖਾਂ ਬੇਕਸੂਰ ਮਰਦਾਂ, ਔਰਤਾਂ ਅਤੇ ਬੱਚਿਆਂ ਦੀ ਜਾਨ ਲੈ ਲਈ। ਇਹ ਦੁਖਾਂਤ ਅੱਜ ਵੀ ਨਾਸੂਰ ਵਾਂਗ ਮੌਜੂਦ ਹੈ। ਵੰਡ ਦੇ ਨਤੀਜੇ ਵਜੋਂ ਦੋ ਵਿਰੋਧੀ ਮੁਲਕ ਹੋਂਦ ਵਿੱਚ ਆਏ, ਜੋ ਲਗਭਗ ਅੱਠ ਦਹਾਕਿਆਂ ਤੋਂ ਟਕਰਾਅ ਅਤੇ ਹਥਿਆਰਬੰਦ ਸੰਘਰਸ਼ ਵਿੱਚ ਉਲਝੇ ਹੋਏ ਹਨ। ਇਸ ਇਤਿਹਾਸਕ ਪਿਛੋਕੜ ਨੂੰ ਧਿਆਨ ਵਿੱਚ ਰੱਖਦਿਆਂ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਨੇ ਅੱਜ 15 ਅਗਸਤ ਨੂੰ 'ਪਛਤਾਵਾ ਦਿਵਸ' ਵਜੋਂ ਮਨਾਇਆ। ਇਸ ਮੌਕੇ ਲਗਭਗ ਇੱਕ ਕਰੋੜ ਲੋਕਾਂ ਦੇ ਉਜਾੜੇ ਅਤੇ ਵੰਡ ਦੀ ਲਕੀਰ ਦੇ ਦੋਹੀਂ ਪਾਸੀਂ ਦਸ ਲੱਖ ਤੋਂ ਵੱਧ ਬੇਕਸੂਰ ਲੋਕਾਂ ਦੇ ਕਤਲ ਨੂੰ ਯਾਦ ਕੀਤਾ ਗਿਆ। ਸਿੰਘ ਸਭਾ ਨੇ ਕਿਹਾ ਕਿ ਇਹ ਵੰਡ ਦੀ ਲਕੀਰ ਬਾਹਰੀ ਤਾਕਤਾਂ ਵੱਲੋਂ ਆਪਣੇ ਸਿਆਸੀ ਹਿੱਤਾਂ ਦੀ ਪੂਰਤੀ ਲਈ ਖਿੱਚੀ ਗਈ ਸੀ।

ਕੇਂਦਰੀ ਸਿੰਘ ਸਭਾ ਪਿਛਲੇ ਅੱਠ ਸਾਲਾਂ ਤੋਂ 15 ਅਗਸਤ ਨੂੰ ਇੱਕ ਦੁਖਦਾਈ ਇਤਿਹਾਸਕ ਮੌਕੇ ਵਜੋਂ ਮਨਾਉਂਦੀ ਆ ਰਹੀ ਹੈ। ਇਸ ਮੌਕੇ ਇਹ ਯਾਦ ਕਰਵਾਇਆ ਜਾਂਦਾ ਹੈ ਕਿ ਸਿਆਸੀ ਅਤੇ ਕੁਲੀਨ ਵਰਗ ਅੱਜ ਵੀ ਕਰੋੜਾਂ ਲੋਕਾਂ ਦੀਆਂ ਆਸਾਂ, ਰੋਜ਼ੀ-ਰੋਟੀ ਅਤੇ ਸਨਮਾਨ ਨੂੰ ਕੁਚਲ ਰਹੇ ਹਨ, ਜਦੋਂਕਿ ਵੱਡੀ ਗਿਣਤੀ ਵਿੱਚ ਲੋਕ ਗਰੀਬੀ ਅਤੇ ਮੁਸ਼ਕਲਾਂ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਹਨ। ਇਸ ਦੇ ਨਾਲ ਹੀ ਮੱਧ ਵਰਗ ਅਕਸਰ ਹਾਸ਼ੀਏ 'ਤੇ ਧੱਕੇ ਗਏ ਲੋਕਾਂ ਦੀ ਦੁਰਦਸ਼ਾ ਪ੍ਰਤੀ ਅੱਖਾਂ ਬੰਦ ਕਰ ਲੈਂਦਾ ਹੈ ਅਤੇ ਕਈ ਵਾਰ ਉਨ੍ਹਾਂ ਤਾਕਤਾਂ ਨੂੰ ਵੀ ਹੱਲਾਸ਼ੇਰੀ ਦਿੰਦਾ ਹੈ ਜੋ ਕੌਮੀ-ਰਾਜਾਂ ਅਤੇ ਸਿਆਸੀ ਸੱਤਾ ਨੂੰ ਮਜ਼ਬੂਤ ਕਰਨ ਵਿੱਚ ਲੱਗੀਆਂ ਹੋਈਆਂ ਹਨ।

ਬੁਲਾਰਿਆਂ ਨੇ ਕਿਹਾ ਕਿ ਬਹੁਗਿਣਤੀ ਲੋਕ ਆਜ਼ਾਦੀ ਦੀ ਉਸ ਭਾਵਨਾ ਨੂੰ ਮੁੜ ਪ੍ਰਾਪਤ ਕਰਨਾ ਚਾਹੁੰਦੇ ਸਨ, ਜਿਸ ਨੂੰ ਬਹੁਗਿਣਤੀਵਾਦੀ ਅੰਧ-ਰਾਸ਼ਟਰਵਾਦ ਤੋਂ ਮੁਕਤ ਕਰਕੇ ਸਰਬ-ਮਾਨਵਵਾਦ 'ਤੇ ਆਧਾਰਿਤ ਸ਼ਮੂਲੀਅਤ ਅਤੇ ਸਾਂਝੀਵਾਲਤਾ ਵਾਲੇ ਕੌਮੀ ਵਿਚਾਰ ਨਾਲ ਜੋੜਿਆ ਜਾਵੇ।

ਵੰਡ ਦੇ ਦੁਖਦਾਈ ਘਟਨਾਕ੍ਰਮ ਨੂੰ ਯਾਦ ਕਰਦਿਆਂ ਇਤਿਹਾਸਕਾਰ ਡਾ. ਕਮਲੇਸ਼ ਮੋਹਨ ਨੇ ਕਿਹਾ ਕਿ ਫਿਰਕੂ ਦੰਗਿਆਂ ਨੇ ਹਜ਼ਾਰਾਂ ਲੋਕਾਂ ਨੂੰ ਇੰਨਾ ਡੂੰਘਾ ਸਦਮਾ ਪਹੁੰਚਾਇਆ ਕਿ ਉਹ ਆਪਣੀ ਬਾਕੀ ਜ਼ਿੰਦਗੀ ਵਿੱਚ ਵੀ ਆਮ ਜੀਵਨ ਵੱਲ ਵਾਪਸ ਨਹੀਂ ਆ ਸਕੇ। ਖ਼ਾਸ ਤੌਰ 'ਤੇ ਲੱਖਾਂ ਹਿੰਦੂ, ਸਿੱਖ ਅਤੇ ਮੁਸਲਿਮ ਔਰਤਾਂ ਨਾਲ ਬਲਾਤਕਾਰ, ਬੇਇਜ਼ਤੀ, ਅਗਵਾ ਅਤੇ ਜਬਰੀ ਵਿਆਹ ਵਰਗੀਆਂ ਵਧੀਕੀਆਂ ਕੀਤੀਆਂ ਗਈਆਂ, ਜਿਸ ਕਾਰਨ ਉਨ੍ਹਾਂ ਨੂੰ ਉਮਰ ਭਰ ਦੇ ਭਾਵਨਾਤਮਕ ਅਤੇ ਮਾਨਸਿਕ ਸਦਮੇ ਦਾ ਸਾਹਮਣਾ ਕਰਨਾ ਪਿਆ।

ਸ੍ਰੀਮਤੀ ਪੂਨਮ ਸਿੰਘ, ਪ੍ਰੀਤਲੜੀ ਦੀ ਸੰਪਾਦਕ, ਜੋ ਪੰਜਾਬੀ ਦੀਆਂ ਸਭ ਤੋਂ ਪੁਰਾਣੀਆਂ ਸਾਹਿਤਕ ਪੱਤਰਿਕਾਵਾਂ ਵਿੱਚੋਂ ਇੱਕ ਹੈ, ਨੇ ਕਿਹਾ ਕਿ ਸਿਆਸਤਦਾਨਾਂ ਨੇ ਧਾਰਮਿਕ ਪਛਾਣਾਂ ਦਾ ਸਿਆਸੀ ਦੁਰਉਪਯੋਗ ਕਰਦਿਆਂ ਨਸਲੀ ਸਫ਼ਾਏ ਨੂੰ ਅੰਜਾਮ ਦਿੱਤਾ ਅਤੇ ਉਨ੍ਹਾਂ ਇਲਾਕਿਆਂ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਿਨ੍ਹਾਂ ਨੂੰ ਉਹ ਆਪਣੇ ਕਬਜ਼ੇ ਵਿੱਚ ਲੈਣਾ ਚਾਹੁੰਦੇ ਸਨ।

ਜੀਵਨ ਸਿੰਘ ਮੱਲਣ, ਜੋ ਤਾਮਿਲ ਆਗੂ ਹਨ ਅਤੇ ਸਿੱਖ ਧਰਮ ਅਪਨਾ ਚੁੱਕੇ ਹਨ, ਨੇ ਕਿਹਾ ਕਿ ਉਨ੍ਹਾਂ ਦੇ ਵਿਚਾਰ ਅਨੁਸਾਰ ਵੰਡ ਬ੍ਰਾਹਮਣਵਾਦੀ ਸਾਜ਼ਿਸ਼ ਦਾ ਨਤੀਜਾ ਸੀ, ਜਿਸ ਦਾ ਉਦੇਸ਼ ਅੰਗਰੇਜ਼ਾਂ ਤੋਂ ਸੱਤਾ ਦੇ ਤਬਾਦਲੇ ਦੌਰਾਨ ਸਿਆਸੀ ਤਾਕਤ ਨੂੰ ਆਪਣੇ ਹੱਥਾਂ ਵਿੱਚ ਕੇਂਦਰਿਤ ਕਰਨਾ ਸੀ।

ਬੁਲਾਰਿਆਂ ਨੇ ਜ਼ੋਰ ਦੇ ਕੇ ਕਿਹਾ ਕਿ ਵੰਡ ਮਨੁੱਖੀ ਦੁਖਾਂਤ ਨੂੰ ਯਾਦ ਕਰਨਾ ਸਿਰਫ਼ ਅਤੀਤ ਦੇ ਸੋਗ ਤੱਕ ਸੀਮਿਤ ਨਹੀਂ ਰਹਿਣਾ ਚਾਹੀਦਾ। ਇਸ ਇਤਿਹਾਸਕ ਦੁਖਾਂਤ ਤੋਂ ਸਬਕ ਲੈਂਦਿਆਂ ਫਿਰਕੂ ਨਫ਼ਰਤ, ਬਹੁਗਿਣਤੀਵਾਦ ਅਤੇ ਧਰਮ ਦੇ ਸਿਆਸੀ ਦੁਰਉਪਯੋਗ ਨੂੰ ਰੱਦ ਕਰਨਾ ਅਤੇ ਬਹੁਲਤਾਵਾਦ, ਸਮਾਨਤਾ ਅਤੇ ਸਰਬ-ਮਾਨਵੀ ਕਦਰਾਂ-ਕੀਮਤਾਂ 'ਤੇ ਆਧਾਰਿਤ ਸਮਾਜ ਦੀ ਉਸਾਰੀ ਲਈ ਕੰਮ ਕਰਨਾ ਚਾਹੀਦਾ ਹੈ।

# ਰਾਜਪੁਰਾ ਬਲਾਕ ਦੇ ਪਿੰਡ ਗੋਪਾਲਪੁਰ ਅਤੇ ਅਬਦੁਲਪੁਰ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਰਾਜਪੁਰਾ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਰਾਜਪੁਰਾ ਬਲਾਕ ਦੇ ਪਿੰਡ ਗੋਪਾਲਪੁਰ ਅਤੇ ਅਬਦੁਲਪੁਰ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਚੰਡੀਗੜ੍ਹ ਵਿੱਚ ਅੰਤਰਰਾਸ਼ਟਰੀ ਯੁਵਾ ਦਿਵਸ 2026 ਮਨਾਇਆ ਗਿਆ; ਯੰਗ ਚੇਂਜਮੇਕਰਸ ਸਨਮਾਨਿਤ ਕੀਤੇ ਗਏ



**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਗਲੋਬਲ ਯੂਥ ਫੈਡਰੇਸ਼ਨ ਦੁਆਰਾ ਅੰਤਰਰਾਸ਼ਟਰੀ ਯੁਵਾ ਦਿਵਸ 2026 ਗੋਸਵਾਮੀ ਗਣੇਸ਼ ਦੱਤ ਸਨਾਤਨ ਧਰਮ ਕਾਲਜ, ਸੈਕਟਰ 32-ਸੀ, ਚੰਡੀਗੜ੍ਹ ਵਿਖੇ ਮਨਾਇਆ ਗਿਆ। ਇਸ ਸਮਾਗਮ ਦਾ ਆਯੋਜਨ ਸਟੇਟ ਐੱਨਐੱਸਐੱਸ ਸੈੱਲ, ਯੂ.ਟੀ. ਚੰਡੀਗੜ੍ਹ; ਮੇਰਾ ਯੁਵਾ ਭਾਰਤ ਚੰਡੀਗੜ੍ਹ, ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ; ਰੋਟਰੀ ਕਲੱਬ ਚੰਡੀਗੜ੍ਹ; ਏਪੀਐੱਸਡਬਲਿਊਡੀਪੀ ਅਤੇ ਮੇਜ਼ਬਾਨ ਕਾਲਜ ਦੇ ਸਹਿਯੋਗ ਨਾਲ ਕੀਤਾ ਗਿਆ।

ਇਸ ਪ੍ਰੋਗਰਾਮ ਵਿੱਚ ਯੂਥ ਲੀਡਰਸ਼ਿਪ, ਵਲੰਟੀਅਰਿਜ਼ਮ, ਮਾਨਵੀ ਸੇਵਾ ਅਤੇ ਕਮਿਊਨਿਟੀ ਡਿਵੈਲਪਮੈਂਟ ਵਿੱਚ ਨੌਜਵਾਨਾਂ ਦੀ ਭੂਮਿਕਾ ਨੂੰ ਰੇਖਾਂਕਿਤ ਕੀਤਾ ਗਿਆ। ਇਸ ਵਿੱਚ ਯੁਵਾ ਨੇਤਾ, ਵਲੰਟੀਅਰ, ਸੋਸ਼ਲ ਵਰਕਰ, ਸਿੱਖਿਆ ਸ਼ਾਸਤਰੀ ਅਤੇ ਵਿਦਿਆਰਥੀ ਸ਼ਾਮਲ ਹੋਏ।

ਚੰਡੀਗੜ੍ਹ ਦੇ ਮੇਅਰ ਸ਼੍ਰੀ ਸੌਰਭ ਜੋਸ਼ੀ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ। ਡਾ. ਅਜੈ ਸ਼ਰਮਾ, ਪ੍ਰਿੰਸੀਪਲ, ਜੀਜੀਡੀਐੱਸਡੀ ਕਾਲਜ; ਡਾ. ਨੇਮੀ ਚੰਦ, ਸਟੇਟ ਸੰਪਰਕ ਅਧਿਕਾਰੀ, ਐੱਨਐੱਸਐੱਸ; ਸੁਸ਼੍ਰੀ ਅਨਾਸਤਾਸੀਆ ਇਲਿਊਸ਼ਿਨਾ, ਰਸ਼ੀਅਨ ਹਾਊਸ, ਨਵੀਂ ਦਿੱਲੀ; ਡਾ. ਵਿਵੇਕ ਤ੍ਰਿਵੇਦੀ, ਨਗਰ ਨਿਗਮ ਚੰਡੀਗੜ੍ਹ ਅਤੇ ਸ਼੍ਰੀ ਵਿਨੈ ਕੁਮਾਰ, ਜ਼ਿਲ੍ਹਾ ਯੁਵਾ ਅਧਿਕਾਰੀ, ਮੇਰਾ ਯੁਵਾ ਭਾਰਤ ਚੰਡੀਗੜ੍ਹ ਸਹਿਤ ਹੋਰ ਪਤਵੰਤੇ ਸੱਜਣ ਉਪਸਥਿਤ ਰਹੇ।

ਆਪਣੇ ਸੰਬੋਧਨ ਵਿੱਚ ਸ਼੍ਰੀ ਸੌਰਭ ਜੋਸ਼ੀ ਨੇ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ ’ਤੇ ਪ੍ਰਕਾਸ਼ ਪਾਉਂਦੇ ਹੋਏ ਉਨ੍ਹਾਂ ਨੂੰ ਵਲੰਟੀਅਰਿਜ਼ਮ ਅਤੇ ਕਮਿਊਨਿਟੀ ਸਰਵਿਸ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕੀਤਾ।

ਪ੍ਰੋਗਰਾਮ ਦਾ ਪ੍ਰਮੁੱਖ ਆਕਰਸ਼ਣ ਪੁਰਸਕਾਰ ਅਤੇ ਸਨਮਾਨ ਸਮਾਰੋਹ ਰਿਹਾ ਜਿਸ ਵਿੱਚ ਮਾਨਵੀ ਸੇਵਾ ਅਤੇ ਸਮੁਦਾਇਕ ਵਿਕਾਸ ਵਿੱਚ ਜ਼ਿਕਰਯੋਗ ਯੋਗਦਾਨ ਦੇਣ ਵਾਲੇ ਵਿਅਕਤੀਆਂ, ਗ਼ੈਰ-ਸਰਕਾਰੀ ਸੰਗਠਨਾਂ, ਸਿੱਖਿਅਕਾਂ, ਸਮਾਜ ਸੇਵਕਾਂ, ਵਲੰਟੀਅਰਾਂ ਅਤੇ ਯੰਗ ਚੇਂਜਮੇਕਰਸ ਨੂੰ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਸੱਭਿਆਚਾਰਕ ਪ੍ਰਸਤੁਤੀਆਂ, ਪ੍ਰੇਰਣਾਦਾਇਕ ਸੈਸ਼ਨ ਅਤੇ ਅੰਤਰਰਾਸ਼ਟਰੀ ਯੁਵਾ ਸੰਦੇਸ਼ ਵੀ ਪ੍ਰਸਤੁਤ ਕੀਤੇ ਗਏ।

ਇਸ ਅਵਸਰ ’ਤੇ ਟੀਬੀ ਮੁਕਤ ਭਾਰਤ ਸਹੁੰ ਅਤੇ ਸਵੱਛਤਾ ਸਹੁੰ ਵੀ ਚੁਕਾਈ ਗਈ। ਸ਼੍ਰੀ ਵਿਨੈ ਕੁਮਾਰ, ਜ਼ਿਲ੍ਹਾ ਯੁਵਾ ਅਧਿਕਾਰੀ, ਮੇਰਾ ਯੁਵਾ ਭਾਰਤ ਚੰਡੀਗੜ੍ਹ ਨੇ ਉਪਸਥਿਤ ਪ੍ਰਤੀਭਾਗੀਆਂ ਨੂੰ ਸਵੱਛਤਾ ਸਹੁੰ ਚੁਕਾਈ। ਪ੍ਰਤੀਭਾਗੀਆਂ ਨੇ ਸਵੱਛਤਾ ਅਤੇ ਤੰਦਰੁਸਤ ਰਾਸ਼ਟਰ ਦੇ ਨਿਰਮਾਣ ਪ੍ਰਤੀ ਆਪਣੀ ਪ੍ਰਤੀਬੱਧਤਾ ਦੁਹਰਾਈ।

ਗਲੋਬਲ ਯੂਥ ਫੈਡਰੇਸ਼ਨ, ਇੰਡੀਆ ਦੇ ਡਾਇਰੈਕਟਰ ਸ਼੍ਰੀ ਰੋਹਿਤ ਕੁਮਾਰ ਨੇ ਕਿਹਾ ਕਿ ਨੌਜਵਾਨਾਂ ਨੂੰ ਅਵਸਰ, ਸਨਮਾਨ ਅਤੇ ਲੀਡਰਸ਼ਿਪ ਦੇ ਮੰਚ ਉਪਲਬਧ ਕਰਵਾਉਣਾ ਇੱਕ ਸਮਾਵੇਸ਼ੀ ਅਤੇ ਟਿਕਾਊ ਸਮਾਜ ਦੇ ਨਿਰਮਾਣ ਲਈ ਜ਼ਰੂਰੀ ਹੈ।

# ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਸਬੰਧੀ ਰਾਜਨੀਤਿਕ ਪਾਰਟੀਆਂ ਦੇ ਜ਼ਿਲ੍ਹਾ ਪ੍ਰਧਾਨਾਂ/ਸਕੱਤਰਾਂ ਨਾਲ ਕੀਤੀ ਗਈ ਮੀਟਿੰਗ

**ਫਾਜਿਲਕਾ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨਸਾਰ ਕਰਵਾਈ ਗਈ ਵਿਸ਼ੇਸ਼ ਗਹਿਰੀ ਸੁਧਾਈ ਦੇ ਪਹਿਲੇ ਫੇਜ਼ ਦੌਰਾਨ ਵੋਟਰਾਂ ਪਾਸੋਂ ਪ੍ਰਾਪਤ ਹੋਏ ਗਣਨਾ ਫਾਰਮਾਂ ਦੇ ਅਧਾਰ ’ਤੇ ਤਿਆਰ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਮਿਤੀ: 13-08-2026 ਨੂੰ ਕਰ ਦਿੱਤੀ ਗਈ ਹੈ। ਇਹ ਵੋਟਰ ਸੂਚੀ ਸਬੰਧਤ ਬੂਥ ਲੈਵਲ ਅਫਸਰਾਂ, ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਦੇ ਦਫਤਰ ਅਤੇ ਜ਼ਿਲ੍ਹਾ ਚੋਣ ਦਫਤਰ ਵਿਖੇ ਆਮ ਜਨਤਾ ਦੇ ਦੇਖਣ ਲਈ ਉਪਲੱਬਧ ਹੋਣਗੀਆਂ। ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ ਦੀਆਂ ਬਿਨ੍ਹਾਂ ਫੋਟੋ ਵਾਲੀਆਂ ਵੋਟਰ ਸੂਚੀਆਂ ਮੁੱਖ ਚੋਣ ਅਫਸਰ, ਪੰਜਾਬ ਜੀ ਦੀ ਵੈਬਸਾਈਟ ceopunjab.gov.in ਜਾਂ ਜ਼ਿਲ੍ਹਾ ਪ੍ਰਸ਼ਾਸਨ ਦੀ ਵੈੱਬਸਾਈਟ ’ਤੇ ਵੀ ਵੇਖਣ ਲਈ ਉਪਲੱਬਧ ਹਨ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਫਾਜਿਲਕਾ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਦੇ ਦਿਸ਼ਾ ਨਿਰਦੇਸ਼ਾ ਤਹਿਤ ਵਧੀਕ ਡਿਪਟੀ ਕਮਿਸ਼ਨਰ- ਕਮ- ਵਧੀਕ ਜ਼ਿਲ੍ਹਾ ਚੋਣ ਅਫ਼ਸਰ ਫਾਜਿਲਕਾ ਡਾ ਮਨਦੀਪ ਕੌਰ ਦੀ ਪ੍ਰਧਾਨਗੀ ਹੇਠ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਸਬੰਧੀ ਰਾਜਨੀਤਿਕ ਪਾਰਟੀਆਂ ਦੇ ਜ਼ਿਲ੍ਹਾ ਪ੍ਰਧਾਨਾਂ/ਸਕੱਤਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀ ਦੇ ਨੁਮਾਇੰਦੇ ਨੂੰ ਜ਼ਿਲ੍ਹੇ ਦੇ ਚਾਰੋਂ ਵਿਧਾਨ ਸਭਾ ਚੋਣ ਹਲਕਿਆਂ ਦੀ ਫੋਟੋ ਵੋਟਰ ਸੂਚੀ ਦਾ ਇੱਕ-ਇੱਕ ਸੈੱਟ ਅਤੇ ਬਿਨਾਂ ਫੋਟੋ ਵਾਲੀ ਵੋਟਰ ਸੂਚੀ ਦੀ ਡੀ.ਵੀ.ਡੀ. ਵੀ ਸਪਲਾਈ ਕੀਤੀ ਗਈ।

# 5-5 ਮਰਲੇ ਦੇ ਪਲਾਟਾਂ ਦੀ ਮੰਗ ਨੂੰ ਲੈ ਕੇ ਐਸ.ਡੀ.ਐਮ. ਦਫ਼ਤਰ ਪਾਤੜਾਂ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਜਾਰੀ

**ਸਮਾਣਾ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਘੱਗਾ ਵਿੱਚ ਪਿਛਲੇ ਲੰਮੇ ਸਮੇਂ ਤੋਂ ਝੁੱਗੀਆਂ ਵਿੱਚ ਰਹਿ ਰਹੇ ਮਜ਼ਦੂਰ ਪਰਿਵਾਰ ਆਪਣੇ ਘਰਾਂ ਅਤੇ ਬੁਨਿਆਦੀ ਹੱਕਾਂ ਲਈ ਲਗਾਤਾਰ ਸੰਘਰਸ਼ ਕਰ ਰਹੇ ਹਨ। ਇਨ੍ਹਾਂ ਪਰਿਵਾਰਾਂ ਦੀ ਮੁੱਖ ਮੰਗ ਹੈ ਕਿ ਉਨ੍ਹਾਂ ਨੂੰ ਘਰ ਬਣਾਉਣ ਲਈ 5-5 ਮਰਲੇ ਦੇ ਪਲਾਟ ਅਤੇ ਘਰ ਬਣਾਉਣ ਲਈ ਯੋਗ ਮੁਆਵਜ਼ਾ ਦਿੱਤਾ ਜਾਵੇ।

ਨੌਜਵਾਨ ਭਾਰਤ ਸਭਾ ਦੇ ਆਗੂ ਗੁਰਦੀਪ ਅਜਾਦ ਅਤੇ ਰਾਹੁਲ ਘੱਗਾ ਨੇ ਕਿਹਾ ਕਿ ਮਜ਼ਦੂਰ ਪਰਿਵਾਰਾਂ ਵੱਲੋਂ ਲੰਮੇ ਸਮੇਂ ਤੋਂ ਇਹ ਮਸਲਾ ਪ੍ਰਸ਼ਾਸਨ ਅਤੇ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾ ਰਿਹਾ ਹੈ, ਪਰ ਇਸ ਦੇ ਬਾਵਜੂਦ ਅਜੇ ਤੱਕ ਉਨ੍ਹਾਂ ਦੀਆਂ ਮੰਗਾਂ ਦਾ ਕੋਈ ਪੱਕਾ ਹੱਲ ਨਹੀਂ ਕੀਤਾ ਗਿਆ। ਮਜ਼ਦੂਰ ਪਰਿਵਾਰਾਂ ਦਾ ਕਹਿਣਾ ਹੈ ਕਿ ਉਹ ਕਈ ਦਹਾਕਿਆਂ ਤੋਂ ਝੁੱਗੀਆਂ ਵਿੱਚ ਰਹਿ ਕੇ ਆਪਣਾ ਜੀਵਨ ਬਤੀਤ ਕਰ ਰਹੇ ਹਨ ਅਤੇ ਹੁਣ ਉਹ ਆਪਣੇ ਪਰਿਵਾਰਾਂ ਲਈ ਪੱਕੇ ਘਰ ਅਤੇ ਸਨਮਾਨਜਨਕ ਜੀਵਨ ਦੀ ਮੰਗ ਕਰ ਰਹੇ ਹਨ।

ਇਸੇ ਦੇ ਚਲਦਿਆਂ ਨੌਜਵਾਨ ਭਾਰਤ ਸਭਾ ਦੀ ਅਗਵਾਈ ਹੇਠ ਮਜ਼ਦੂਰ ਪਰਿਵਾਰਾਂ ਵੱਲੋਂ 1ਐਸ.ਡੀ.ਐਮ. ਦਫ਼ਤਰ ਪਾਤੜਾਂ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਸ਼ੁਰੂ ਕਰ ਦਿੱਤਾ ਗਿਆ ਹੈ।

ਨੌਜਵਾਨ ਭਾਰਤ ਸਭਾ ਦੇ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ ਨੇ ਕਿਹਾ ਕਿ ਜਦੋਂ ਤੱਕ ਮਜ਼ਦੂਰ ਪਰਿਵਾਰਾਂ ਨੂੰ 5-5 ਮਰਲੇ ਦੇ ਪਲਾਟ ਅਤੇ ਘਰ ਬਣਾਉਣ ਲਈ ਯੋਗ ਮੁਆਵਜ਼ਾ ਦੇਣ ਸਬੰਧੀ ਠੋਸ ਫ਼ੈਸਲਾ ਨਹੀਂ ਕੀਤਾ ਜਾਂਦਾ, ਉਦੋਂ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ ਅਤੇ ਪਾਤੜਾਂ ਦੇ ਵਿਚ ਅੱਜ ਸਰਕਾਰੀ ਸਮਾਗਮ ਵੱਲ ਕਾਲੀਆਂ ਝੰਡੀਆ ਨਾਲ਼ ਰੋਸ ਮਾਰਚ ਕੀਤਾ ਜਾਵੇਗਾ ਇਸ ਮੌਕੇ ਖਿੜਕੀ ਪ੍ਰਧਾਨ ,ਬੀਰੂ, ਸੈਂਟੀ,ਸ਼ਨੀ ਬਾਬਾ, ਬਿੱਟੂ ਦੀਪਕ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਮਜ਼ਦੂਰ ਸ਼ਾਮਿਲ ਹੋਏ।

# ਝਾੜ ਸਾਹਿਬ ਕਾਲਜ ਵਿਖੇ ਖ਼ੂਨਦਾਨ ਕੈਂਪ ਵਿੱਚ 100 ਤੋਂ ਵੱਧ ਯੂਨਿਟ ਇਕੱਤਰਤਾ ਹੋਈਆਂ

**ਮਾਛੀਵਾੜਾ ਸਾਹਿਬ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ(ਲੁਧਿ.) ਵਿਖੇ ਪ੍ਰਿੰਸੀਪਲ ਡਾ.ਰਜਿੰਦਰ ਕੌਰ ਦੀ ਰਹਿਨੁਨਾਈ ਹੇਠ ਸੰਤ ਬਾਬਾ ਪਿਆਰਾ ਸਿੰਘ ਜੀ ਦੀ ਬਰਸੀ ਸਮਾਗਮ ਦੇ ਪਵਿੱਤਰ ਮੌਕੇ @ਤੇ ਕਾਲਜ ਦੇ ਐਨ.ਐਸ.ਐਸ. ਯੂਨਿਟ, ਰੈੱਡ ਕਰਾਸ, ਸੋਸ਼ਲ ਸ਼ੈਲਫ਼-ਹੈਲਪ ਗਰੁੱਪ ਅਤੇ ਰੈੱਡ ਰਿਬਨ ਕਲੱਬ ਵਲੋਂ ਸਰਕਾਰੀ ਹਸਪਤਾਲ ਸਮਰਾਲਾ ਅਤੇ ਸਰਕਾਰੀ ਹਸਪਤਾਲ ਲੁਧਿਆਣਾ ਅਤੇ ਡਾ.ਕਿਰਪਾਲ ਸਿੰਘ, ਡਿਪਟੀ ਡਾਇਰੈਕਟਰ, ਖੇਤੀਬਾੜੀ ਅਤੇ ਸਟੇਟ ਐਵਾਰਡੀ, ਵਿਭਾਗ ਯੁਵਕ ਸੇਵਾਵਾਂ, ਪੰਜਾਬ ਦੇ ਸਾਂਝੇ ਯਤਨਾਂ ਨਾਲ ਕਰਵਾਇਆ ਗਿਆ। ਇਸ ਖ਼ੂਨਦਾਨ ਕੈਂਪ ਨੂੰ ਇਲਾਕਾ ਨਿਵਾਸੀਆਂ ਵੱਲੋਂ ਹੀ ਉਤਸ਼ਾਹਜਨਕ ਹੁੰਗਾਰਾ ਮਿਲਿਆ ਅਤੇ ਸੌ ਤੋਂ ਵੱਧ ਯੂਨਿਟ ਖ਼ੂਨਦਾਨ ਕੀਤਾ ਗਿਆ। ਨੌਜਵਾਨਾਂ, ਐਨ.ਐਸ.ਐਸ. ਵਲੰਟੀਅਰਾਂ ਅਤੇ ਕਾਲਜ ਸਟਾਫ਼ ਨੇ ਇਸ ਨੇਕ ਕਾਰਜ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਖ਼ੂਨਦਾਨੀ ਲਈ ਅੱਗੇ ਆਏ। ਲੋਕਾਂ ਦੀ ਇਸ ਉਤਸ਼ਾਹਪੂਰਨ ਭਾਗੀਦਾਰੀ ਨੇ ਸਮਾਜਿਕ ਜ਼ਿੰਮੇਵਾਰੀ, ਭਾਈਚਾਰਕ ਸੇਵਾ ਅਤੇ ਮਨੁੱਖਤਾ ਪ੍ਰਤੀ ਚਿੰਤਾ ਦੀ ਮਜ਼ਬੂਤ ਭਾਵਨਾ ਨੂੰ ਦਰਸਾਇਆ। ਸਰਕਾਰੀ ਹਸਪਤਾਲ, ਸਮਰਾਲਾ ਅਤੇ ਸਰਕਾਰੀ ਹਸਪਤਾਲ, ਲੁਧਿਆਣਾ ਦੀਆਂ ਮੈਡੀਕਲ ਟੀਮਾਂ ਨੇ ਖ਼ੂਨਦਾਨ ਦੀ ਪ੍ਰਕਿਰਿਆ ਨੂੰ ਸੁਚਾਰੂ ਅਤੇ ਸੁਰੱਖਿਅਤ ਢੰਗ ਨਾਲ ਨੇਪਰੇ ਚਾੜ੍ਹਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਨੇ ਐਨ.ਐਸ.ਐਸ. ਯੂਨਿਟ,ਰੈੱਡ ਕਰਾਸ, ਰੈੱਡ ਰਿਬਨ ਕਲੱਬ, ਸੋਸ਼ਲ ਸੈਲਫ਼-ਹੈਪਲ ਗਰੁੱਪ, ਪੰਚਾਇਤ ਮੈਂਬਰਾਂ ਅਤੇ ਵਲੰਟੀਅਰਾਂ ਦੇ ਸੁਚੇਜ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਅਤੇ ਲੋਕਾਂ ਨੂੰ ਖ਼ੂਨਦਾਨ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਇਹ ਕੈਂਪ ਸੰਤ ਬਾਬਾ ਪਿਆਰਾ ਸਿੰਘ ਜੀ ਦੀ ਯਾਦ ਅਤੇ ਵਿਰਾਸਤ ਨੂੰ ਸਮਰਪਿਤ ਇੱਕ ਸਾਰਥਕ ਉਪਰਾਲਾ ਹੈ ਅਤੇ ਉਹਨਾਂ ਸਵੈ-ਇੱਛਕ ਖ਼ੂਨਦਾਨ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਤੇ ਕਿਹਾ ਕਿ 100 ਤੋਂ ਵੱਧ ਯੂਨਿਟ ਖ਼ੂਨ ਇਕੱਠਾ ਹੋਣਾ ਕਾਲਜ ਅਤੇ ਆਸ-ਪਾਸ ਦੇ ਭਾਈਚਾਰੇ ਦੀ ਜੀਵਨ ਬਚਾਉਣ ਅਤੇ ਮਨੁੱਖਤਾ ਦੀ ਸੇਵਾ ਕਰਨ ਪ੍ਰਤੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਮੌਕੇ ਹਰਦੀਪ ਸਿੰਘ ਬਹਿਲੋਲਪੁਰ ਮੀਤ ਪ੍ਰਧਾਨ ਕਾਲਜ ਲੋਕਲ ਕਮੇਟੀ, ਹਰਜਤਿੰਦਰ ਸਿੰਘ ਬਾਜਵਾ ਅਡੀ.ਆਨ ਸਕੱਤਰ ਮੈਂਬਰ ਕਾਲਜ ਕਮੇਟੀ ਅਤੇ ਸਰਪੰਚ, ਪੰਚਾਇਤ ਝਾੜ ਸਾਹਿਬ, ਐਨ.ਐਸ.ਐਸ.ਪ੍ਰੋਗਰਾਮ ਅਫ਼ਸਰ ਡਾ.ਮਨਦੀਪ ਕੌਰ, ਸੁਖਨਪ੍ਰੀਤ ਕੌਰ, ਰੈੱਡ ਕਰਾਸ ਇੰਚਾਰਜ ਮਿਸ ਆਰਤੀ ਰਾਣੀ ਅਤੇ ਰੈੱਡ ਰਿਬਨ ਕਲੱਬ ਇੰਚਾਰਜ ਮਿਸ ਅਮਨਦੀਪ ਕੌਰ, ਕਾਲਜ ਸਟਾਫ਼ ਵਿੱਚੋਂ ਰਣਬੀਰ ਸਿੰਘ, .ਸੁਖਬੀਰ ਸਿੰਘ, ਰਜਿੰਦਰ ਸਿੰਘ, ਸਰਬਜੀਤ ਕੌਰ, ਜਗਜੀਤ ਸਿੰਘ, ਹਰਕਮਲ ਸਿੰਘ ਅਤੇ ਬਬੀਤਾ ਰਾਣੀ ਸਮਾਗਮ ਦੌਰਾਨ ਮੌਜੂਦ ਰਹੇ। ਕਾਲਜ ਦੀ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਸਮੁੱਚੀ ਪ੍ਰਬੰਧਕੀ ਟੀਮ, ਐਲ.ਐਮ.ਸੀ. ਮੈਂਬਰਾਂ, ਮੈਡੀਕਲ ਅਤੇ ਹਸਪਤਾਲ ਸਟਾਫ਼, ਸਮਾਜ ਸੇਵੀਆਂ, ਖ਼ੂਨਦਾਨੀਆਂ, ਐਨ.ਐਸ.ਐਸ. ਵਲੰਟੀਅਰਾਂ, ਪਿੰਡ ਦੇ ਨੌਜਵਾਨਾਂ ਅਤੇ ਸੰਗਤ ਦੇ ਮੈਂਬਰਾਂ ਵੱਲੋਂ ਦਿੱਤੇ ਮੁੱਲਵਾਨ ਸਹਿਯੋਗ ਅਤੇ ਨਿਸ਼ਕਾਮ ਸੇਵਾ ਲਈ ਦਿਲੋਂ ਧੰਨਵਾਦ ਪ੍ਰਗਟ ਕੀਤਾ।

# ਨਸ਼ੇ ਵਾਲੀਆਂ 125 ਗੋਲੀਆਂ ਸਮੇਤ 1 ਕਾਬੂ

**ਸਮਾਣਾ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲਸ ਨੇ ਇੱਕ ਵਿਅਕਤੀ ਨੂੰ ਨਸ਼ੇ ਵਾਲੀਆਂ 125 ਗੋਲੀਆਂ ਸਮੇਤ ਕਾਬੂ ਕਰਨ ਦਾ ਦਾਅਵਾ ਕੀਤਾ ਹੈ ।

ਜਾਣਕਾਰੀ ਅਨੁਸਾਰ ਸਹਾਇਕ ਥਾਣੇਦਾਰ ਹਰਬੰਸ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਾਬੂ ਕਰਨ ਦੇ ਮਕਸਦ ਨਾਲ ਪਿੰਡ ਸਾਗਰਾ ਨੇੜਲੇ ਘੱਗਰ ਦਰਿਆ ’ਤੇ ਮੌਜੂਦ ਸਨ ।

ਜਿਥੇ ਉਨ੍ਹਾਂ ਇੱਕ ਵਿਅਕਤੀ ਨੂੰ ਸ਼ੱਕ ਦੇ ਆਧਾਰ ’ਤੇ ਚੈੱਕ ਕਰਨ ’ਤੇ ਉਸ ਪਾਸੋਂ ਨਸ਼ੇ ਵਾਲੀਆਂ 125 ਖੁਲ੍ਹੀਆਂ ਗੋਲੀਆਂ ਬਰਾਮਦ ਕਰਕੇ ਗਿਰਫ਼ਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ ।

ਕਥਿਤ ਦੋਸ਼ੀ ਦੀ ਪਛਾਣ ਸੋਮਾ ਰਾਮ ਵਾਸੀ ਪਿੰਡ ਗੋਪਾਲਪੁਰਾ ਅਰਨੋ ਥਾਣਾ ਪਾਤੜਾਂ ਵਜੋਂ ਹੋਈ ਹੈ ।

ਪੁਲਸ ਨੇ ਦੋਸ਼ੀ ਖਿਲਾਫ ਮੁਕੱਦਮਾ ਨੰਬਰ 255, ਮਿਤੀ 12-8-2026, ਐੱਨ ਡੀ ਪੀ ਐੱਸ ਐਕਟ ਦੀ ਧਾਰਾ 22/61/85 ਅਧੀਨ ਥਾਣਾ ਪਾਤੜਾਂ ਵਿਖੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਚੰਡੀਗੜ੍ਹ ਜੁਡੀਸ਼ਲ ਅਕੈਡਮੀ ਵਿਖੇ 40 ਘੰਟੇ ਦਾ ਕਮਿਊਨਿਟੀ ਵਿਚੋਲਗੀ ਟ੍ਰੇਨਿੰਗ ਪ੍ਰੋਗਰਾਮ ਸੰਪੰਨ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ, ਯੂ.ਟੀ. ਚੰਡੀਗੜ੍ਹ ਦੁਆਰਾ ਆਯੋਜਿਤ 40 ਘੰਟੇ ਦਾ ਕਮਿਊਨਿਟੀ ਵਿਚੋਲਗੀ ਟ੍ਰੇਨਿੰਗ ਪ੍ਰੋਗਰਾਮ ਅੱਜ ਚੰਡੀਗੜ੍ਹ ਜੁਡੀਸ਼ਲ ਅਕੈਡਮੀ, ਸੈਕਟਰ-43, ਚੰਡੀਗੜ੍ਹ ਵਿਖੇ ਸੰਪੰਨ ਹੋਇਆ।

ਇਸ ਪ੍ਰੋਗਰਾਮ ਦੇ ਦੌਰਾਨ ਕੁੱਲ 16 ਕਮਿਊਨਿਟੀ ਵਿਚੋਲਿਆਂ ਨੂੰ ਟ੍ਰੇਨਿੰਗ ਦਿੱਤੀ ਗਈ।

ਟ੍ਰੇਨਿੰਗ ਦਾ ਉਦੇਸ਼ ਪਿੰਡਾਂ ਅਤੇ ਭਾਈਚਾਰਿਆਂ ਦੇ ਪੱਧਰ ’ਤੇ ਵਿਚੋਲਗੀ ਪ੍ਰਕਿਰਿਆ ਨੂੰ ਮਜ਼ਬੂਤ ਕਰਨਾ ਸੀ ਤਾਕਿ ਸਥਾਨਕ ਵਿਵਾਦਾਂ ਦਾ ਸਮਾਧਾਨ ਜ਼ਮੀਨੀ ਪੱਧਰ ’ਤੇ ਹੀ ਕੀਤਾ ਜਾ ਸਕੇ।

ਸਮਾਪਨ ਸੈਸ਼ਨ ਵਿੱਚ ਐਡੀਸ਼ਨਲ ਜ਼ਿਲ੍ਹਾ ਅਤੇ ਸੈਸ਼ਨ ਜੱਜ-ਅਤੇ-ਮੈਂਬਰ ਸਕੱਤਰ, ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ, ਯੂ.ਟੀ. ਚੰਡੀਗੜ੍ਹ, ਸ਼੍ਰੀ ਅਰੁਣ ਕੁਮਾਰ ਅਗਰਵਾਲ, ਮੁੱਖ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ।

ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਅਰੁਣ ਕੁਮਾਰ ਅਗਰਵਾਲ ਨੇ ਕਿਹਾ ਕਿ ਇਹ ਕਮਿਊਨਿਟੀ ਵਿਚੋਲਗੀ ਟ੍ਰੇਨਿੰਗ ਦਾ ਦੂਸਰਾ ਪੜਾਅ ਸੀ। ਉਨ੍ਹਾਂ ਨੇ ਕਿਹਾ ਕਿ 16 ਕਮਿਊਨਿਟੀ ਵਿਚੋਲਿਆਂ ਨੂੰ ਟ੍ਰੇਨਿੰਗ ਦੇਣ ਨਾਲ ਪਿੰਡਾਂ ਅਤੇ ਭਾਈਚਾਰਿਆਂ ਵਿੱਚ ਵਿਚੋਲਗੀ ਵਿਵਸਥਾ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਇਹ ਪਹਿਲ ਲੋਕਾਂ ਦੀਆਂ ਸਮੱਸਿਆਵਾਂ ਦਾ ਸਮਾਧਾਨ ਜ਼ਮੀਨੀ ਪੱਧਰ ’ਤੇ ਕਰਨ ਵਿੱਚ ਮਦਦ ਕਰੇਗੀ ਅਤੇ ਸਮਾਜ ਵਿੱਚ ਸਦਭਾਵ ਅਤੇ ਸ਼ਾਂਤੀਪੂਰਨ ਵਿਵਾਦ ਸਮਾਧਾਨ ਨੂੰ ਹੁਲਾਰਾ ਦੇਵੇਗੀ। ਉਨ੍ਹਾਂ ਨੇ ਇਸ ਪਹਿਲ ਨੂੰ ਅਦਾਲਤਾਂ ’ਤੇ ਲੰਬਿਤ ਮਾਮਲਿਆਂ ਦੇ ਬੋਝ ਨੂੰ ਘੱਟ ਕਰਨ ਅਤੇ ਭਾਈਚਾਰਿਆਂ ਨੂੰ ਸਸ਼ਕਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਦੱਸਿਆ।

ਟ੍ਰੇਨਿੰਗ ਐਡਵੋਕੇਟ ਮਨਜੀਤ ਕੌਰ ਕੋਟੀਆ ਅਤੇ ਐਡਵੋਕੇਟ ਸੀਮਾ ਪਸਰੀਚਾ ਦੁਆਰਾ ਦਿੱਤੀ ਗਈ। ਇਹ ਦੋਵੇਂ ਟ੍ਰੇਨਰ ਐੱਮਸੀਪੀਸੀ, ਦਿੱਲੀ ਨਾਲ ਸਬੰਧਿਤ ਸਰਟੀਫਾਇਡ ਮਾਸਟਰ ਟ੍ਰੇਨਰ ਹਨ। ਟ੍ਰੇਨਿੰਗ ਦੇ ਦੌਰਾਨ ਸੰਚਾਰ ਕੌਸ਼ਲ,

# ਐਸਆਈਆਰ-2026: ਡੀਸੀ ਵੱਲੋਂ ਸਿਆਸੀ ਪਾਰਟੀਆਂ ਨਾਲ ਮੀਟਿੰਗ

## ਡਿਪਟੀ ਕਮਿਸ਼ਨਰ ਨੇ ਸਿਆਸੀ ਪਾਰਟੀਆਂ ਨੂੰ ਵੋਟਰ ਸੂਚੀਆਂ ਦੇ ਸੈੱਟ ਤੇ ਸੀਡੀ ਸੌਂਪੀ

**ਪਟਿਆਲਾ, 19 ਅਗਸਤ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪਟਿਆਲਾ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਜ਼ਿਲ੍ਹਾ ਪ੍ਰਧਾਨਾਂ/ਨੁਮਾਇੰਦਿਆਂ ਨਾਲ ਐਸਆਈਆਰ-2026 ਦੇ ਨੋਟਿਸ ਪੜਾਅ ਅਤੇ ਦਾਅਵਿਆਂ ਤੇ ਇਤਰਾਜ਼ਾਂ ਦੇ ਨਿਪਟਾਰੇ ਸਬੰਧੀ ਮੀਟਿੰਗ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪਟਿਆਲਾ ਦੇ ਹਰੇਕ ਵਿਧਾਨ ਸਭਾ ਚੋਣ ਹਲਕੇ ਦੀ ਡ੍ਰਾਫਟ ਫੋਟੋ ਵੋਟਰ ਸੂਚੀ ਦਾ ਇੱਕ ਸੈੱਟ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਜ਼ਿਲ੍ਹਾ ਪ੍ਰਧਾਨਾਂ/ਅਧਿਕਾਰਤ ਨੁਮਾਇੰਦਿਆਂ ਨੂੰ ਉਪਲਬਧ ਕਰਵਾਇਆ ਗਿਆ। ਇਸ ਤੋਂ ਇਲਾਵਾ ਹਰੇਕ ਵਿਧਾਨ ਸਭਾ ਚੋਣ ਹਲਕੇ ਦੀ ਫੋਟੋ ਰਹਿਤ ਡਰਾਫਟ ਵੋਟਰ ਸੂਚੀ ਵਾਲੀ ਡੀਵੀਡੀ ਵੀ ਮੁਹੱਈਆ ਕਰਵਾਈ ਗਈ। ਇਸ ਮੌਕੇ ਉਨਾਂ ਨਾਲ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਅਤੇ ਚੋਣ ਤਹਿਸੀਲਦਾਰ ਵਿਜੇ ਕੁਮਾਰ ਚੌਧਰੀ ਵੀ ਸ਼ਾਮਲ ਸਨ।

ਮੀਟਿੰਗ ਦੌਰਾਨ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਨੋਟਿਸ ਪੜਾਅ ਅਧੀਨ ਨੋਟਿਸ ਜਾਰੀ ਕਰਨ ਅਤੇ ਉਨ੍ਹਾਂ ਦੇ ਨਿਪਟਾਰੇ, ਦਾਅਵਿਆਂ ਤੇ ਇਤਰਾਜ਼ਾਂ ਦੀ ਪ੍ਰਾਪਤੀ, ਪੜਤਾਲ ਅਤੇ ਨਿਪਟਾਰੇ ਦੀ ਪ੍ਰਕਿਰਿਆ ਦੇ ਨਾਲ-ਨਾਲ ਨਿਰਧਾਰਤ ਸਮਾਂ-ਸੀਮਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਡਰਾਫਟ ਵੋਟਰ ਸੂਚੀ ਦੀ ਜਾਂਚ ਕਰਕੇ ਕਿਸੇ ਵੀ ਕਮੀ, ਗਲਤੀ, ਛੁੱਟੇ ਹੋਏ ਨਾਮ ਜਾਂ ਹੋਰ ਇਤਰਾਜ਼/ਮੁੱਦੇ ਨੂੰ ਨਿਰਧਾਰਤ ਪ੍ਰਕਿਰਿਆ ਅਤੇ ਸਮਾਂ-ਸੀਮਾ ਅਨੁਸਾਰ ਸਬੰਧਤ ਈ.ਆਰ.ਓ. ਜਾਂ ਜ਼ਿਲ੍ਹਾ ਚੋਣ ਦਫ਼ਤਰ ਦੇ ਧਿਆਨ ਵਿੱਚ ਲਿਆ ਸਕਦੇ ਹਨ।

ਓਹਨਾ ਦਸਿਆ ਕਿ 01 ਅਕਤੂਬਰ 2026 ਦੀ ਯੋਗਤਾ ਮਿਤੀ ਦੇ ਆਧਾਰ ’ਤੇ ਨਵੇਂ ਵੋਟਰ ਵਜੋਂ ਨਾਮ ਦਰਜ ਕਰਵਾਉਣ ਲਈ ਯੋਗ ਵਿਅਕਤੀ 13 ਅਗਸਤ ਤੋਂ 12 ਸਤੰਬਰ ਤੱਕ ਫਾਰਮ ਨੰਬਰ 6 ਅਤੇ ਲੋੜੀਂਦਾ ਘੋਸ਼ਣਾ ਪੱਤਰ ਜਮ੍ਹਾਂ ਕਰਵਾ ਸਕਦੇ ਹਨ। ਇਸੇ ਤਰ੍ਹਾਂ NRI ਵੋਟਰਾਂ ਲਈ ਫਾਰਮ 61, ਨਾਮ ਕਟਵਾਉਣ ਲਈ ਫਾਰਮ 7 ਅਤੇ ਵੇਰਵਿਆਂ ਵਿੱਚ ਸੋਧ ਜਾਂ ਪਤਾ ਬਦਲਣ ਲਈ ਫਾਰਮ 8 ਵੀ ਇਸ ਮਿਆਦ ਦੌਰਾਨ ਜਮ੍ਹਾਂ ਕਰਵਾਏ ਜਾ ਸਕਦੇ ਹਨ।

ਇਸ ਤੋਂ ਇਲਾਵਾ ਜ਼ਿਲ੍ਹਾ ਪਟਿਆਲਾ ਦੇ ਸਾਰੇ ਪੋਲਿੰਗ ਸਟੇਸ਼ਨਾਂ ’ਤੇ 19 ਅਗਸਤ 2026 ਨੂੰ ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ। ਇਨ੍ਹਾਂ ਕੈਂਪਾਂ ਦੌਰਾਨ ਵੋਟਰ ਫਾਰਮ ਨੰਬਰ 6, 7 ਅਤੇ 8 ਸਬੰਧਤ ਬੀ.ਐਲ.ਓਜ਼ ਕੋਲ ਜਮ੍ਹਾਂ ਕਰਵਾ ਸਕਣਗੇ। ਓਹਨਾ ਦਸਿਆ ਕਿ ਵੋਟਰ ਆਪਣੀ ਸਹੂਲਤ ਅਨੁਸਾਰ ਫਾਰਮ ਨੰਬਰ 6, 7 ਅਤੇ 8 ਆਨਲਾਈਨ voters.eci.gov.in ’ਤੇ ਵੀ ਭਰ ਸਕਦੇ ਹਨ ਜਾਂ ਇਹ ਫਾਰਮ ਆਪਣੇ ਸਬੰਧਤ ਬੂਥ ਲੈਵਲ ਅਫਸਰ ਕੋਲ ਆਫਲਾਈਨ ਜਮ੍ਹਾਂ ਕਰਵਾ ਸਕਦੇ ਹਨ। ਵੋਟਰ ਕਾਰਡ, ਵੋਟਰ ਸੇਵਾਵਾਂ ਅਤੇ ਐਸ.ਆਈ.ਆਰ. ਪ੍ਰਕਿਰਿਆ ਸਬੰਧੀ ਜਾਣਕਾਰੀ ਜਾਂ ਸਹਾਇਤਾ ਲਈ ਵੋਟਰ ਹੈਲਪਲਾਈਨ ਨੰਬਰ 1950 ’ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਇਸ ਮੌਕੇ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ, ਆਈ.ਐਨ.ਸੀ.ਪੀ., ਬੀ.ਐੱਸ.ਪੀ., ਭਾਰਤੀ ਜਨਤਾ ਪਾਰਟੀ ਦੇ ਨੁਮਾਇੰਦੇ ਮੌਜੂਦ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਕਰਵਾਇਆ 5 ਕਿਲੋਮੀਟਰ ਮੈਰਾਥਨ ਦਾ ਆਯੋਜਨ

**ਬਸੀ ਪਠਾਣਾ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਡਾਇਰੈਕਟੋਰੇਟ ਆਫ ਯੂਥ ਸਰਵਿਸਿਜ਼ ਪੰਜਾਬ ਵੱਲੋਂ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਜ਼ਿਲ੍ਹਾ ਪੱਧਰ ’ਤੇ 5 ਕਿਲੋਮੀਟਰ ਮੈਰਾਥਨ ਦਾ ਆਯੋਜਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਵਿਖੇ ਕੀਤਾ ਗਿਆ।

ਇਸ ਮੌਕੇ ਇਸ ਮੈਰਾਥਨ ਵਿੱਚ ਸੰਤ ਨਾਮਦੇਵ ਕੰਨਿਆ ਮਹਾਂਵਿਦਿਆਲਿਆ, ਬਸੀ ਪਠਾਣਾ ਦੇ ਦੋ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ, ਜਿਸ ਵਿਚ ਬੀ.ਸੀ.ਏ. ਦੂਜੇ ਸਾਲ ਦੀ ਵਿਦਿਆਰਥਣ ਕੋਮਲ ਜੋਤ ਕੌਰ ਅਤੇ ਬੀ.ਏ. ਪਹਿਲੇ ਸਾਲ ਦੀ ਵਿਦਿਆਰਥਣ ਕੋਮਲ ਨੇ ਮੈਰਾਥਨ ਵਿੱਚ ਭਾਗ ਲੈ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਮੁਕਾਬਲਿਆਂ ਦੌਰਾਨ ਦੋਵੇਂ ਵਿਦਿਆਰਥੀਆਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਹੌਸਲੇ ਨਾਲ ਮੈਰਾਥਨ ਵਿੱਚ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਨ੍ਹਾਂ ਦੀ ਇਸ ਭਾਗੀਦਾਰੀ ’ਤੇ ਕਾਲਜ ਦੇ ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਵੱਲੋਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ।

ਇਸ ਮੌਕੇ ਕਾਲਜ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ, ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਖੇਡ ਭਾਵਨਾ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਕਾਲਜ ਵੱਲੋਂ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਉਤਸ਼ਾਹਿਤ ਕੀਤਾ ਜਾਵੇਗਾ।

# ਸਰਕਾਰੀ ਸੀਨੀਅਰ ਸਕੰਡਰੀ ਸਮਾਰਟ ਸਕੂਲ ਸਿਵਲ ਲਾਈਨਜ਼ ਪਟਿਆਲਾ ਵਿਖੇ ਬਿਜਲੀ ਦੀ ਬੱਚਤ ਕਿਉਂ ਤੇ ਕਿਵੇਂ ਕਰੀਏ ਵਿਸ਼ੇ ’ਤੇ ਜਾਗਰੂਕਤਾ ਸਮਾਗਮ ਆਯੋਜਿਤ

**ਪਟਿਆਲਾ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**




ਸਰਕਾਰੀ ਸੀਨੀਅਰ ਸਕੰਡਰੀ ਸਮਾਰਟ ਸਕੂਲ ਸਿਵਲ ਲਾਈਨਜ਼ ਪਟਿਆਲਾ ਵਿਖੇ ਬਿਜਲੀ ਦੀ ਬੱਚਤ ਕਿਉਂ ਤੇ ਕਿਵੇਂ ਕਰੀਏ ਵਿਸ਼ੇ ਉੱਤੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਜਾਗਰੂਕਤਾ ਸਮਾਗਮ ਆਯੋਜਿਤ ਕੀਤਾ ਗਿਆ ਜਿਸ ਵਿੱਚ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਡੀ.ਐਸ.ਐਮ ਦਫਤਰ ਦੇ ਅਧਿਕਾਰੀ ਇੰਜ: ਸ਼ੰਮੀ ਜਿੰਦਲ ਵਧੀਕ ਨਿਗਰਾਨ ਇੰਜੀਨੀਅਰ, ਇੰਜ: ਗਰੀਸ਼ ਕੁਮਾਰ ਮਹਾਜਨ ਸਹਾਇਕ ਇੰਜੀਨੀਅਰ, ਇੰਜ ਕਰਮਜੀਤ ਸਿੰਘ ਏ.ਏ.ਈ, ਇੰਜ: ਪੰਕਜ ਸੂਦ, ਏ.ਏ.ਈ, ਇੰਜ: ਅਮਰਜੀਤ ਸਿੰਘ ਏ.ਏ.ਈ, ਇੰਜ ਅਮਨਦੀਪ ਕੌਰ ਜੇ.ਈ ਅਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਸੀਮਾ ਉਪਲ, ਵਾਈਸ ਪ੍ਰਿੰਸੀਪਲ ਸ਼੍ਰੀ ਰਾਮ ਲਾਲ ਗੋਇਲ ਅਤੇ ਹੋਰ ਲੈਕਚਰਾਰ ਸ਼੍ਰੀਮਤੀ ਸਮੀਰਾ ਮਲਿਕ, ਸ਼੍ਰੀਮਤੀ ਮੋਨਿਕਾ ਸ਼ਰਮਾ, ਸ਼੍ਰੀਮਤੀ ਅਮਨਦੀਪ ਕੌਰ, ਸ਼੍ਰੀਮਤੀ ਨਵਨੀਤ, ਸ਼੍ਰੀਮਤੀ ਜਸਵੀਰ, ਸ਼੍ਰੀਮਤੀ ਰਾਣੀ ਸਿੰਗਲਾ, ਸ: ਕਨਵਰਜੀਤ ਸਿੰਘ, ਸ਼੍ਰੀ ਅਭਿਸੇਕ ਜਲੋਟਾ, ਸ਼੍ਰੀਮਤੀ ਮਨਜੀਤ ਕੌਰ, ਸ਼੍ਰੀਮਤੀ ਨਵਨੀਤ ਕੌਰ, ਸ਼੍ਰੀਮਤੀ ਸੁਖਵਿੰਦਰ ਕੌਰ ਅਤੇ ਸ਼੍ਰੀ ਪਰਦੀਪ ਕੁਮਾਰ ਨੇ ਹਿੱਸਾ ਲਿਆ। ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਬਿਜਲੀ ਦੀ ਸੰਜਮ ਨਾਲ ਵਰਤੋਂ ਕਰਨ ਲਈ ਵੱਖ-ਵੱਖ ਵਿਧੀਆਂ, ਊਰਜਾ ਬੱਚਤ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਤਾਂ ਜੋ ਕਿ ਵਿਦਿਆਰਥੀਆਂ ਵਿੱਚ ਊਰਜਾ ਬੱਚਤ ਬਾਰੇ ਰੁਚੀ ਪੈਦਾ ਹੋ ਸਕੇ। ਵਿਦਿਆਰਥੀਆਂ ਨੇ ਇਨ੍ਹਾਂ ਤਕਨੀਕਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਦਾ ਪ੍ਰਣ ਕੀਤਾ। ਇਸ ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਊਰਜਾ ਸੰਜਮਤਾ ਵਿਸ਼ੇ ਉੱਤੇ ਪੇਪਰ ਪੜ੍ਹੇ ਗਏ ਅਤੇ ਉਨਾਂ ਵੱਲੋਂ ਊਰਜਾ ਬੱਚਤ ਉੱਤੇ ਬਣਾਈਆਂ ਗਈਆਂ ਪੇਂਟਿੰਗਾਂ ਵੀ ਕਾਬਿਲ-ਏ-ਤਾਰੀਫ਼ ਸਨ।

ਪ੍ਰੋਗਰਾਮ ਦਾ ਸਭ ਤੋਂ ਪਹਿਲਾਂ PSPCL ਦੀ ਟੀਮ ਨਾਲ ਤਾਲਮੇਲ ਕੀਤਾ ਗਿਆ। ਇਸ ਤੋਂ ਬਾਅਦ ਸਕੂਲ ਦੀ ਅੰਗਰੇਜ਼ੀ ਦੀ ਲੈਕਚਰਾਰ ਸ੍ਰੀਮਤੀ ਸਮੀਰਾ ਮਲਿਕ ਵੱਲੋਂ ਇਸ ਨੂੰ ਬਹੁਤ ਹੀ ਸੁਚੱਜੇ, ਪ੍ਰਭਾਵਸ਼ਾਲੀ ਅਤੇ ਵਿਵਸਥਿਤ ਢੰਗ ਨਾਲ ਆਯੋਜਿਤ ਕੀਤਾ ਗਿਆ। ਵਿਗਿਆਨ ਅਧਿਆਪਕਾ ਸ੍ਰੀਮਤੀ ਅਮਨਦੀਪ ਕੌਰ ਨੇ ਮੰਚ ਸੰਚਾਲਨ ਦੀ ਕਾਰਵਾਈ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਈ॥ ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀ ਰਾਮ ਲਾਲ ਗੋਇਲ ਜੀ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਦੱਸਿਆ ਕਿ ਅੱਜ ਦੇ ਸਮਾਗਮ ਨਾਲ ਵਿਦਿਆਰਥੀਆਂ ਨੂੰ ਬਿਜਲੀ ਦੀ ਸੁਚੱਜੀ ਵਰਤੋਂ ਕਰਨ ਸਬੰਧੀ ਭਰਪੂਰ ਜਾਣਕਾਰੀ ਮਿਲੀ ਹੈ ਅਤੇ ਪੀ.ਐਸ.ਪੀ.ਸੀ.ਐਲ. ਵੱਲੋਂ ਭਵਿੱਖ ਵਿੱਚ ਅਜਿਹੇ ਪ੍ਰੋਗਰਾਮ ਸਕੂਲਾਂ ਵਿੱਚ ਵੱਧ ਤੋਂ ਵੱਧ ਕਰਨੇ ਚਾਹੀਦੇ ਹਨ ਤਾਂ ਜੋ ਬਿਜਲੀ ਬੱਚਤ ਸਬੰਧੀ ਵਿਦਿਆਰਥੀਆਂ ਨੂੰ ਹੋਰ ਜਾਗਰਿਤ ਕੀਤਾ ਜਾ ਸਕੇ। ਸਕੂਲ ਦੇ ਅਧਿਆਪਕਾਂ ਵੱਲੋਂ ਪੀ.ਐਸ.ਪੀ.ਸੀ.ਐਲ. ਵੱਲੋਂ ਆਯੋਜਿਤ ਕੀਤੇ ਗਏ ਬਿਜਲੀ ਬੱਚਤ ਸਬੰਧੀ ਸਮਾਗਮ ਦੀ ਭਰਪੂਰ ਸਲਾਘਾ ਕੀਤੀ ਗਈ ।

ਸਮਾਗਮ ਦੇ ਅੰਤ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਪੀ.ਐਸ.ਪੀ.ਸੀ.ਐਲ. ਦੀ DSM ਟੀਮ ਵੱਲੋਂ ਇਨਾਮ ਵਜੋਂ ਊਰਜਾ ਸੰਜਮਤਾ ਸਬੰਧੀ ਸਲੋਗਨ ਦਰਸਾਉਂਦੀਆਂ ਕਾਪੀਆਂ, ਪੈਨ ਅਤੇ ਕਾਫੀ ਦੇ ਮੱਗ ਵੰਡੇ ਗਏ। ਇਸ ਤੋਂ ਇਲਾਵਾ ਇਸ ਸਮਾਗਮ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਵੀ ਕਾਪੀਆਂ ਅਤੇ ਪੈਨ ਦੇ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।

ਅੰਤ ਵਿੱਚ ਪੀ.ਐਸ.ਪੀ.ਸੀ.ਐਲ ਦੀ ਟੀਮ ਵੱਲੋਂ ਸਮੁੱਚੀ ਸਕੂਲ ਮੈਨੇਜਮੈਂਟ ਦਾ ਸਮਾਗਮ ਕਰਵਾਉਣ ਲਈ ਤਹਿ-ਦਿਲੋਂ ਧੰਨਵਾਦ ਕੀਤਾ ਅਤੇ ਸਕੂਲੀ ਬੱਚਿਆ ਨੂੰ ਉਨਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਤਰਨ ਤਾਰਨ ਚ ਖੇਤੀਬਾੜੀ ਅਤੇ ਸਹਾਇਕ ਵਿਭਾਗਾਂ ਦੀਆਂ ਸਕੀਮਾਂ ਨੂੰ ਦਰਸਾਉਂਦੀ ਗਾਈਡ ਪਤ੍ਰਿਕਾ ਸੂਬਾ ਅਤੇ ਜ਼ਿਲ੍ਹਾ ਪੱਧਰ ਤੇ ਕੀਤੀ ਜਾਰੀ

**ਤਰਨਤਾਰਨ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਅਤੇ ਖੇਤੀਬਾੜੀ, ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਅਤੇ ਫੂਡ ਪੋ੍ਸੈਸਿੰਗ ਮੰਤਰੀ, ਪੰਜਾਬ ਗੁਰਮੀਤ ਸਿੰਘ ਖੁੱਡੀਆਂ ਦੀ ਪੰਜਾਬ ਦੀ ਕਿਸਾਨੀ ਪ੍ਰੀ ਦੂਰਅੰਦੇਸ਼ੀ ਸੋਚ ਹੇਠ ਅਤੇ ਪ੍ਰਬੰਧਕੀ ਸਕੱਤਰ (ਖੇਤੀਬਾੜੀ) ਪੰਜਾਬ ਸਰਕਾਰ ਅਰਸ਼ਦੀਪ ਸਿੰਘ ਥਿੰਦ ਦੀ ਅਗਵਾਈ ਤਹਿਤ ਜ਼ਿਲ੍ਹਾ ਤਰਨ ਤਾਰਨ ਵਿੱਚ ਖੇਤੀਬਾੜੀ ਅਤੇ ਸਹਾਇਕ ਵਿਭਾਗਾਂ ਵਿੱਚ ਚੱਲ ਰਹੀਆਂ ਸਮੂਹ ਕਿਸਾਨ ਭਲਾਈ ਸਕੀਮਾਂ ਅਤੇ ਇਨ੍ਹਾਂ ਸਕੀਮਾਂ ਦੇ ਕਿਸਾਨਾਂ ਨੂੰ ਮਿਲਣ ਵਾਲੇ ਲਾਭਾਂ ਦੀ ਵਿਸਥਾਰਿਤ ਜਾਣਕਾਰੀ ਭਰਪੂਰ ਪਤਿ?ਕਾ ਆਤਮਾ ਸਕੀਮ ਅਧੀਨ ਰਾਜ ਪੱਧਰ ’ਤੇ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਗੁਰਜੀਤ ਸਿੰਘ ਬਰਾੜ ਅਤੇ ਸੰਯੁਕਤ ਡਾਇਰੈਕਟਰ ਖੇਤੀਬਾੜੀ (ਵਿਸਥਾਰ ਅਤੇ ਸਿਖਲਾਈ) ਪੰਜਾਬ ਕਰਨਜੀਤ ਸਿੰਘ ਵੱਲੋਂ ਅਤੇ ਜ਼ਿਲ੍ਹਾ ਪੱਧਰ ’ਤੇ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਵੱਲੋਂ ਜਾਰੀ ਕੀਤੀ ਗਈ।

ਇਸ ਮੌਕੇ ਡਾਇਰੈਕਟਰ,ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਨੇ ਗੱਲਬਾਤ ਕਰਦੇ ਹੋਏ ਦੱਸਿਆ ਕਿ ਖੇਤੀਬਾੜੀ ਵਿਭਾਗ ਸੂਬੇ ਦੇ ਕਿਸਾਨਾਂ ਦੀ ਆਰਥਿਕ ਮਜ਼ਬੂਤੀ ਲਈ ਪੂਰੀ ਤਰ੍ਹਾਂ ਯਤਨਸ਼ੀਲ ਹੈ। ਰਵਾਇਤੀ ਖੇਤੀ ਦੇ ਨਾਲ-ਨਾਲ ਸਹਾਇਕ ਧੰਦਿਆਂ ਅਤੇ ਫ਼ਸਲੀ ਵਿਭਿੰਨਤਾ ਨੂੰ ਅਪਣਾਉਣਾ ਅਜੋਕੇ ਸਮੇਂ ਦੀ ਮੁੱਖ ਲੋੜ ਹੈ। ਜ਼ਿਲ੍ਹਾ ਤਰਨ ਤਾਰਨ ਵਿੱਚ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ ਜਾਰੀ ਕੀਤੀ ਜਾ ਰਹੀ ਇਹ ਪਤ੍ਰਿਕਾ, ਵਿਭਾਗ ਅਤੇ ਕਿਸਾਨਾਂ ਵਿਚਕਾਰ ਇਕ ਮਜ਼ਬੂਤ ਕੜੀ ਦਾ ਕੰਮ ਕਰੇਗੀ। ਇਸ ਤਰ੍ਹਾਂ ਦੇ ਉਪਰਾਲੇ ਹੋਰ ਜ਼ਿਲ੍ਹਿਆਂ ਵਿਚ ਵੀ ਕੀਤੇ ਜਾਣੇ ਚਾਹੀਦੇ ਹਨ। ਇਸ ਵਿੱਚ ਖੇਤੀਬਾੜੀ ਅਤੇ ਸਹਾਇਕ ਵਿਭਾਗਾਂ (ਬਾਗਬਾਨੀ, ਡੇਅਰੀ ਵਿਕਾਸ, ਪਸ਼ੂ ਪਾਲਣ, ਮੱਛੀ ਪਾਲਣ, ਭੂਮੀ ਰੱਖਿਆ ਅਤੇ ਪੀ.ਏ.ਯੂ) ਦੀਆਂ ਸਮੂਹ ਕਿਸਾਨ ਭਲਾਈ ਸਕੀਮਾਂ ਤੇ ਸਬਸਿਡੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਰਜ ਹੈ।

ਡਿਪਟੀ ਕਮਿਸ਼ਨਰ, ਤਰਨਤਾਰਨ ਸ੍ਰੀ ਰਾਹੁਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਜ਼ਿਲ੍ਹੇ ਦੇ ਕਿਸਾਨਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਉਨ੍ਹਾਂ ਦੀ ਖੁਸ਼ਹਾਲੀ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮਹਿਸੂਸ ਕਰਦਾ ਹੈ ਕਿ ਕਿਸਾਨਾਂ ਨੂੰ ਭੌਤਿਕੀ ਅਤੇ ਵਿੱਤੀ ਤੌਰ ’ਤੇ ਮਜ਼ਬੂਤ ਕਰਨ ਲਈ ਕੇਵਲ ਖੇਤੀਬਾੜੀ ’ਤੇ ਨਿਰਭਰ ਰਹਿਣਾ ਕਾਫ਼ੀ ਨਹੀਂ ਹੈ, ਖੇਤੀਬਾੜੀ ਦੇ ਨਾਲ ਸਹਾਇਕ ਕਿੱਤਿਆਂ ਨੂੰ ਅਪਣਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਅਤੇ ਖੇਤੀ ਵਿਭਿੰਨਤਾ ਪ੍ਰਤੀ ਜਾਗਰੂਕ ਕਰਨ ਸਬੰਧੀ ਇਹ ਪਤ੍ਰਿਕਾ ਜਾਰੀ ਕਰਦੇ ਹੋਏ ਉਹ ਬੇਹੱਦ ਖੁਸ਼ੀ ਮਹਿਸੂਸ ਕਰ ਰਹੇ ਹਨ।

ਉਨ੍ਹਾਂ ਆਸ ਪ੍ਰਗਟਾਈ ਕਿ ਜ਼ਿਲ੍ਹੇ ਦੇ ਕਿਸਾਨ ਵੱਖ-ਵੱਖ ਸਕੀਮਾਂ ਤਹਿਤ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਵਿੱਚ ਸ਼ਾਮਲ ਹੋ ਕੇ, ਸਬਸਾਇਡਰੀ ਸਕੀਮਾਂ ਦਾ ਲਾਭ ਲੈ ਕੇ ਖੇਤੀਬਾੜੀ ਦੇ ਨਾਲ ਸਹਾਇਕ ਕਿੱਤੇ ਅਪਨਾ ਕੇ ਫ਼ਸਲੀ ਅਤੇ ਖੇਤੀ ਵਿਭਿੰਨਤਾ ਲਿਆਉਣਗੇ ਅਤੇ ਅਪਣਾ ਜੀਵਨ ਅਤੇ ਆਪਣੇ ਜ਼ਿਲ੍ਹੇ ਨੂੰ ਖੁਸ਼ਹਾਲ ਬਣਾਉਣਗੇ।ਸੰਯੁਕਤ ਡਾਇਰੈਕਟਰ ਖੇਤੀਬਾੜੀ ( ਵਿਸਥਾਰ ਅਤੇ ਸਿਖਲਾਈ) -ਕਮ-ਸਟੇਟ ਨੋਡਲ ਅਫਸਰ (ਐਗਰੀਕਲਚਰਲ ਐਕਸਟੈਂਸ਼ਨ) ਕਰਨਜੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ ਅਤੇ ਖੇਤੀਬਾੜੀ ਸਾਡੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ। ਅੱਜ ਸਮੇਂ ਦੀ ਲੋੜ ਹੈ ਕਿ ਕਿਸਾਨ ਰਵਾਇਤੀ ਫ਼ਸਲਾਂ ਦੇ ਨਾਲ-ਨਾਲ ਸਹਾਇਕ ਕਿੱਤੇ ਅਪਣਾਉਣ, ਤਾਂ ਜੋ ਆਮਦਨ ਵਿੱਚ ਵਾਧਾ ਹੋਵੇ ਅਤੇ ਕਿਸਾਨ ਆਰਥਿਕ ਤੌਰ ’ਤੇ ਆਤਮ-ਨਿਰਭਰ ਬਣ ਸਕਣ। ਇਸੇ ਉਦੇਸ਼ ਤਹਿਤ ਜ਼ਿਲ੍ਹਾ ਤਰਨਤਾਰਨ ਵਿੱਚ ਇਹ ਜਾਣਕਾਰੀ ਭਰਪੂਰ ਵਿਸ਼ੇਸ਼ ਪਤ੍ਰਿਕਾ ਜਾਰੀ ਕੀਤੀ ਜਾ ਰਹੀ ਹੈ।

ਮੁੱਖ ਖੇਤੀਬਾੜੀ ਅਫ਼ਸਰ ਤਰਨ ਤਾਰਨ ਤੇਜਬੀਰ ਸਿੰਘ ਭੰਗੂ ਨੇ ਕਿਹਾ ਕਿ ਜ਼ਿਲ੍ਹਾ ਤਰਨਤਾਰਨ ਦੇ ਕਿਸਾਨਾਂ ਦਾ ਮੁੱਖ ਕਿੱਤਾ ਹਾੜ੍ਹੀ ਵਿੱਚ ਕਣਕ ਅਤੇ ਸਾਉਣੀ ਵਿੱਚ ਝੋਨੇ/ਬਾਸਮਤੀ ਦੀ ਕਾਸ਼ਤ ਨਾਲ ਜੁੜਿਆ ਹੋਇਆ ਹੈ। ਮੌਜੂਦਾ ਖੇਤੀਬਾੜੀ ਦੌਰ ਵਿੱਚ ਸਿਰਫ਼ ਰਵਾਇਤੀ ਫਸਲਾਂ ਤੱਕ ਸੀਮਤ ਰਹਿਣ ਦੀ ਬਜਾਏ, ਕਿਸਾਨਾਂ ਨੂੰ ਆਰਥਿਕ ਤੌਰ ਤੇ ਆਤਮ-ਨਿਰਭਰ ਬਣਾਉਣ ਲਈ ਫਸਲੀ ਵਿਭਿੰਨਤਾ ਅਤੇ ਸਹਾਇਕ ਕਿੱਤਿਆਂ ਨੂੰ ਅਪਣਾਉਣਾ ਸਮੇਂ ਦੀ ਅਹਿਮ ਲੋੜ ਹੈ।

# ਸੱਪਾਂ ਦਾ ਸੰਸਾਰ



- ਸਾਡੇ ਦੇਸ਼ (ਭਾਰਤ) ਵਿਚ 300 ਕਿਸਮ ਦੇ ਸੱਪ ਮਿਲਦੇ ਹਨ ਜਿਨ੍ਹਾਂ ਵਿੱਚੋਂ 50 ਦੇ ਲਗਪਗ ਜ਼ਹਿਰੀਲੇ ਹੁੰਦੇ ਹਨ।
- ਜ਼ਿਆਦਾ ਠੰਢੇ ਦੇਸ਼ ਜਿਵੇਂ ਆਈਸਲੈਂਡ ਅਤੇ ਅੰਟਾਰਕਟਿਕਾ ਵਿਚ ਸੱਪ ਨਹੀਂ ਮਿਲਦੇ।
- ਪਾਣੀ ਵਾਲੇ ਸੱਪ, ਸਾਹ ਆਪਣੀ ਚਮੜੀ ਦੁਆਰਾ ਲੈਂਦੇ ਹਨ। ਜਿਸ ਕਾਰਨ ਉਹ ਪਾਣੀ ਵਿਚ ਵਧੇਰੇ ਸਮਾਂ ਲੰਘਾ ਲੈਂਦੇ ਹਨ।
- ਸਭ ਤੋਂ ਵੱਧ ਸੱਪ 'ਸਨੇਕ ਆਈਲੈਂਡ' (ਬ੍ਰਾਜ਼ੀਲ) ਵਿਚ ਹੁੰਦੇ ਹਨ।
- ਦੱਖਣੀ ਅਫਰੀਕਾ ਵਿਚ ਇਕ ਵਿਸ਼ੇਸ਼ ਕਿਸਮ ਦਾ ਸੱਪ 'ਹਾਰਨਡ ਵਾਇਪਰ' ਮਿਲਦਾ ਹੈ ਜਿਸ ਦੇ ਸਿਰ ਉਪਰ ਦੋ ਸਿੰਗ ਹੁੰਦੇ ਹਨ।
- ਸਭ ਤੋਂ ਲੰਬਾ ਸੱਪ 'ਪਾਈਥਨ ਰੇਟਿਕੁਲੇਟਸ' ਹੁੰਦਾ ਹੈ ਜਿਸ ਦੀ ਲੰਬਾਈ 30 ਫੁੱਟ ਤਕ ਹੁੰਦੀ ਹੈ।
- ਸੱਪਾਂ ਦੀਆਂ ਪਲਕਾਂ ਨਹੀਂ ਹੁੰਦੀਆਂ, ਇਨ੍ਹਾਂ ਦੀ ਜਗ੍ਹਾ 'ਤੇ ਇਕ ਬਾਰੀਕ ਅਤੇ ਪਾਰਦਰਸ਼ੀ ਝਿੱਲੀ ਹੁੰਦੀ ਹੈ ਜਿਹੜੀ ਅੱਖਾਂ ਦੀ ਸੁਰੱਖਿਆ ਲਈ ਕੰਮ ਕਰਦੀ ਹੈ।
- ਦੁਨੀਆ ਦਾ ਸਭ ਤੋਂ ਛੋਟਾ ਸੱਪ 'ਥ੍ਰੈਡ' ਹੁੰਦਾ ਹੈ ਜਿਸ ਦੀ ਲੰਬਾਈ ਲਗਪਗ 10-12 ਸੈਂਟੀਮੀਟਰ ਹੁੰਦੀ ਹੈ।
- ਹਰੇਕ ਸੱਪ ਸਾਲ ਵਿਚ ਘੱਟੋ ਘੱਟ ਤਿੰਨ ਵਾਰ ਆਪਣੀ ਕੁੰਜ (ਚਮੜੀ) ਉਤਾਰਦਾ ਹੈ।

• ਰਮੇਸ਼ ਬੱਗਾ ਚੋਹਲਾ
9463132719

***ਧਰਤੀ 'ਤੇ ਜੀਵਨ ਦੀ ਹੋਂਦ ਕਾਇਮ ਹੋਣ ਲਈ ਕਈ ਚੀਜ਼ਾਂ ਦੀ ਜ਼ਰੂਰਤ ਸੀ। ਜਿਵੇਂ ਆਕਸੀਜਨ, ਪਾਣੀ, ਢੁੱਕਵਾਂ ਤਾਪਮਾਨ ਤੇ ਓਜ਼ੋਨ ਪਰਤ। ਕੁਦਰਤ ਦੀਆਂ ਇਹ ਨਿਆਮਤਾਂ ਜਦੋਂ ਇਕੱਠੀਆਂ ਹੋਈਆਂ ਤਾਂ ਜੀਵਨ ਧੜਕਣਾ ਸ਼ੁਰੂ ਹੋਇਆ...***




16 ਸਤੰਬਰ ਨੂੰ ਵਿਸ਼ਵ ਓਜ਼ੋਨ ਦਿਵਸ ਮੌਕੇ

# ਕੁਦਰਤ ਦੇ ਸੁਹੱਪਣ ਲਈ ਓਜ਼ੋਨ ਪਰਤ ਦੀ ਮਹੱਤਤਾ

**ਅਮਨਪ੍ਰੀਤ ਪਰਮ ਸਹੋਤਾ**

ਓਜ਼ੋਨ ਪਰਤ ਧਰਤੀ ਤੋਂ 10-50 ਕਿਲੋਮੀਟਰ ਉਪਰ ਵਾਯੂਮੰਡਲ ਵਿਚ ਹੁੰਦੀ ਹੈ। ਓਜ਼ੋਨ ਇਕ ਗੈਸ ਹੈ, ਜਿਸ ਦੇ ਅਣੂਆਂ ਵਿਚ ਆਕਸੀਜਨ ਦੇ ਤਿੰਨ ਪ੍ਰਮਾਣੂ ਹੁੰਦੇ ਹਨ ਜਦਕਿ ਸਾਧਾਰਨ ਆਕਸੀਜਨ ਵਿਚ ਕੇਵਲ ਦੋ ਹੀ ਹੁੰਦੇ ਹਨ। ਸਮਤਲ ਮੰਡਲ ਵਿਚ ਸਥਿਤ ਇਹ ਪਰਤ ਸਾਡੇ ਲਈ ਬੇਹੱਦ ਜ਼ਰੂਰੀ ਹੈ ਕਿਉਂਕਿ ਇਹ ਪਰਤ ਸੂਰਜ ਤੋਂ ਆ ਰਹੀਆਂ ਸ਼ਕਤੀਸ਼ਾਲੀ ਪਰਾਵੈਂਗਣੀ ਕਿਰਨਾਂ ਨੂੰ ਧਰਤੀ 'ਤੇ ਪਹੁੰਚਣ ਤੋਂ ਰੋਕਦੀਆ ਹਨ। ਜੇ ਵਾਯੂਮੰਡਲ ਵਿਚ ਇਹ ਪਰਤ ਨਾ ਹੋਵੇ ਜਾਂ ਇਸ ਵਿਚ ਕੋਈ ਛੇਕ ਹੋ ਜਾਵੇ ਤਾਂ ਸੂਰਜ ਦੀਆਂ ਇਹ ਖ਼ਤਰਨਾਕ ਕਿਰਨਾਂ ਜ਼ਿਆਦਾ ਮਾਤਰਾ ਵਿਚ ਧਰਤੀ 'ਤੇ ਪੁੱਜਣਗੀਆਂ।

ਵਿਸ਼ਵ ਸਿਹਤ ਸੰਸਥਾ ਅਨੁਸਾਰ ਪਰਾਵੈਂਗਣੀ ਕਿਰਨਾਂ ਦੀ ਥੋੜ੍ਹੀ ਮਾਤਰਾ ਦੀ ਵਰਤੋਂ ਕਈ ਬਿਮਾਰੀਆ ਦੇ ਇਲਾਜ ਲਈ ਕੀਤੀ ਜਾਂਦੀ ਹੈ ਪਰ ਇਨ੍ਹਾਂ ਕਿਰਨਾਂ ਦੀ ਜ਼ਿਆਦਾ ਮਾਤਰਾ ਨਾਲ ਅੱਖਾਂ ਅਤੇ ਅੱਖ ਦੇ ਲੈਂਨਜ਼ ਨੂੰ ਨੁਕਸਾਨ ਪਹੁੰਚਦਾ ਹੈ। ਮੋਤੀਆ ਬਿੰਦ ਅਤੇ ਚਮੜੀ ਦੇ ਕੈਂਸਰ ਆਦਿ ਵਰਗੀਆਂ ਬਿਮਾਰੀਆਂ ਹੋਣ ਦਾ ਖ਼ਤਰਾ ਵੱਧ ਸਕਦਾ ਹੈ। ਇਹ ਖ਼ਤਰਨਾਕ ਪਰਾਵੈਂਗਣੀ ਕਿਰਨਾਂ ਸਾਡੇ ਸਰੀਰ ਦੀ ਰੋਗ ਰੋਕੂ ਸ਼ਕਤੀ ਨੂੰ ਵੀ ਨਸ਼ਟ ਕਰ ਦਿੰਦੀਆ ਹਨ। ਇਸ ਤੋਂ ਇਲਾਵਾ ਓਜ਼ੋਨ ਪਰਤ ਦੀ ਘਾਟ ਪ੍ਰਿਥਵੀ ਦੇ ਮੌਸਮ 'ਤੇ ਵੀ ਬੁਰਾ ਪ੍ਰਭਾਵ ਪਾਉਂਦੀ ਹੈ।

ਓਜ਼ੋਨ ਪਰਤ ਨੂੰ ਨਸ਼ਟ ਕਰਨ ਵਿਚ ਕਲੋਰੋਫਲੋਰੋਕਾਰਬਨ ਅਹਿਮ ਭੂਮਿਕਾ ਨਿਭਾਉਂਦੇ ਹਨ। ਇਹ ਰਸਾਇਣ ਕਲੋਰੀਨ, ਫਲੋਰੀਨ ਅਤੇ ਕਾਰਬਨ ਦੇ ਪ੍ਰਮਾਣੂਆਂ ਦਾ ਮਿਸ਼ਰਣ ਹੁੰਦੇ ਹਨ। ਇਨ੍ਹਾਂ ਰਸਾਇਣਾ ਦੀ ਖੋਜ 1928 ਵਿਚ ਹੋਈ। ਇਨ੍ਹਾਂ ਰਸਾਇਣਾ ਦੀ ਵਰਤੋਂ ਰੈਫਰੀਜਰੇਟਰਾਂ ਵਿਚ ਅਮੋਨੀਆ ਦੀ ਥਾਂ 'ਤੇ ਕੀਤੀ ਜਾਂਦੀ ਸੀ। ਇਨ੍ਹਾਂ ਦੀ ਵਰਤੋਂ ਏਅਰ ਕੰਡਿਸ਼ਨਰਜ਼ ਵੀ ਕੀਤੀ ਜਾਣ ਲੱਗੀ ਕਿਉਂਕਿ ਇਹ ਸਾਡੇ ਜੀਵਨ ਲਈ ਨੁਕਸਾਨ ਰਹਿਤ, ਬੇਹੱਦ ਸਥਿਰ, ਨਾ ਜਲਣਸ਼ੀਲ ਅਤੇ ਨਾ ਹੀ ਜ਼ਹਿਰੀਲੇ ਹੁੰਦੇ ਹਨ।

ਇਸ ਤੋਂ ਇਲਾਵਾ ਬਰੋਮੋਫਲੋਰੋਕਾਰਬਨ, ਕਾਰਬਨ ਟੈਟਰਾਕਲੋਰਾਈਡ ਆਦਿ ਦੀ ਵੀ ਵਰਤੋਂ ਕੀਤੀ ਜਾਣ ਲੱਗੀ ਪਰ ਇਨ੍ਹਾਂ ਦੀ ਜ਼ਿਆਦਾ ਵਰਤੋਂ ਦੇ ਖ਼ਤਰਨਾਕ ਸਿੱਟੇ ਓਜ਼ੋਨ ਪਰਤ ਦੇ ਨਸ਼ਟ ਹੋਣ ਦੇ ਰੂਪ ਵਿਚ ਸਾਹਮਣੇ ਆਏ। ਵਿਗਿਆਨੀਆਂ ਅਨੁਸਾਰ ਕਲੋਰੋਫਲੋਰੋਕਾਰਬਨ ਤੱਤ ਜਦੋਂ ਵਾਯੂਮੰਡਲ ਦੀਆਂ ਉਪਰਲੀਆਂ ਪਰਤਾਂ ਵਿਚ ਪਹੁੰਚ ਜਾਂਦਾ ਹੈ ਤਾਂ ਸੂਰਜ ਤੋ ਆ ਰਹੀਆਂ ਪਰਾਵੈਂਗਣੀ ਕਿਰਨਾਂ ਵੱਲੋਂ ਇਨ੍ਹਾਂ ਤੱਤਾ ਦੇ ਰਸਾਇਣਿਕ ਬੰਧਨ ਤੋੜੇ ਜਾਂਦੇ ਹਨ, ਜਿਸ ਨਾਲ ਕਲੋਰੀਨ ਪ੍ਰਮਾਣੂ ਪੈਦਾ ਹੋ ਜਾਂਦਾ ਹੈ। ਇਹ ਪ੍ਰਮਾਣੂ ਓਜ਼ੋਨ ਦੇ ਕਣਾਂ ਨੂੰ ਸਾਧਾਰਨ ਆਕਸੀਜਨ ਵਿਚ ਬਦਲ ਦਿੰਦੇ ਹਨ। ਇਸ ਤਰ੍ਹਾਂ ਨਾਲ ਓਜ਼ੋਨ ਦੇ ਹਜ਼ਾਰਾਂ ਕਣ ਨਸ਼ਟ ਹੋ ਜਾਂਦੇ ਹਨ। ਔਸਤ ਅਨੁਸਾਰ ਇਕ ਇਕਹਿਰਾ ਕਲੋਰੀਨ ਪਰਮਾਣੂ ਇਕ ਲੱਖ ਓਜ਼ੋਨ ਅਣੂਆਂ ਨਾਲ ਕਿਰਿਆ ਕਰ ਸਕਦਾ ਹੈ। ਸੋ ਇਸ ਤੋਂ ਪਤਾ ਲਗਦਾ ਹੈ ਕਿ ਕਲੋਰੋਫਲੋਰੋਕਾਰਬਨ, ਬਰੋਮੋਫਲੋਰੋਕਾਰਬਨ ਤੇ ਕਾਰਬਨ ਟੈਟਰਾਕਲੋਰਾਈਡ ਵਰਗੇ ਤੱਤਾਂ ਦਾ ਵਾਯੂਮੰਡਲ ਵਿਚ ਪਹੁੰਚਣਾ ਕਿੰਨ੍ਹਾ ਖ਼ਤਰਨਾਕ ਹੈ। ਇਨ੍ਹਾਂ ਰਸਾਇਣਾ ਦੇ ਖ਼ਤਰਨਾਕ ਪ੍ਰਭਾਵਾਂ ਕਰ ਕੇ ਰੈਫਰੀਜਰੇਟਰਾਂ ਤੇ ਏ ਸੀ ਵਿਚ ਹਾਈਡ੍ਰੋਕਲੋਰੋਫਲੋਰੋਕਾਰਬਨ ਨੂੰ ਇਨ੍ਹਾਂ ਦੇ ਬਦਲ ਵਜੋਂ ਵਰਤਿਆ ਜਾਣ ਲੱਗਾ।

ਇਸ ਤੋਂ ਇਲਾਵਾ ਕੁਦਰਤ ਦੀ ਸਾਂਭ-ਸੰਭਾਲ ਲਈ ਹੋਏ ਸਮਝੌਤੇ ਤਹਿਤ ਹੋਰ ਵੀ ਕਦਮ ਉਠਾਏ ਜਾ ਰਹੇ ਹਨ ਤਾਂ ਕਿ ਜੀਵਨ ਰੱਖਿਅਕ ਪਰਤ ਦੀ ਸੰਭਾਲ ਕੀਤੀ ਜਾਵੇ। ਪਿਆਰੇ ਬੱਚਿਓ ਆਓ 16 ਸਤੰਬਰ ਨੂੰ ਵਿਸ਼ਵ ਓਜ਼ੋਨ ਦਿਵਸ ਦੇ ਮੌਕੇ 'ਤੇ ਅਸੀ ਵੀ ਆਪਣੇ ਵਾਤਾਵਰਨ ਦੀ ਸੰਭਾਲ ਦੀ ਸੰਭਾਲ ਲਈ ਵੱਧ ਤੋਂ ਵੱਧ ਰੁੱਖ ਲਗਾਈਏ। •

# ਸਮੂਹਿਕ ਆਤਮਹੱਤਿਆ ਕਰਨ ਵਾਲੇ ਜੀਵ

**ਪ੍ਰੋ: ਐੱਚ.ਐੱਸ.ਡਿੰਪਲ**

***ਚੂਹੇ ਦੀ ਸ਼ਕਲ ਅਤੇ ਆਕਾਰ ਵਾਲੇ ਹਜ਼ਾਰਾਂ ਜੀਵ ਜਦ ਸਮੁੰਦਰ ਵੱਲ ਦੌੜਦੇ ਹੋਏ ਛਾਲਾਂ ਮਾਰਦੇ ਵਿਖਾਈ ਦਿੰਦੇ ਹਨ ਤਾਂ ਮਨ ਵਿਚ ਇਕ ਸਵਾਲ ਉੱਠਦਾ ਹੈ। ਇਹ ਕੀ ਹੈ? ਕੀ ਇਹ ਸਮੂਹਿਕ ਖ਼ੁਦਕਸ਼ੀ ਹੈ? ਜਾਂ ਕੁਝ ਹੋਰ? ਇਹ ਕ੍ਰਮ ਲਗਾਤਾਰ ਕਈ ਦਿਨ, ਹਫ਼ਤੇ ਅਤੇ ਮਹੀਨੇ ਚਲਦਾ ਰਹਿੰਦਾ ਹੈ ਜਿਸ ਨੂੰ ਕੁਝ ਜੀਵ ਵਿਗਿਆਨੀ ਕੁਦਰਤੀ ਸਮਝੌਤਾ ਅਤੇ ਕੁਝ ਭੁਲੇਖੇ ਵਿਚ ਆਤਮ-ਹੱਤਿਆ ਆਖ ਦਿੰਦੇ ਹਨ...***

ਯੂਰਪ ਦੇ ਨਾਰਵੇ, ਸਵੀਡਨ, ਡੈਨਮਾਰਕ ਅਤੇ ਸਕੈਂਡੇਨੇਵੀਆ ਵਰਗੇ ਅਨੇਕਾਂ ਦੇਸ਼ਾਂ ਦੇ ਵਿਚ ਅਜਿਹਾ ਆਮ ਵੇਖਣ ਨੂੰ ਮਿਲਦਾ ਹੈ ਪਰ ਹਰ ਸਾਲ ਨਹੀਂ, ਸਗੋਂ ਚਾਰ ਪੰਜ ਸਾਲ ਦੇ ਬਾਅਦ!....

ਚੂਹੇ ਦੀ ਸ਼ਕਲ ਅਤੇ ਆਕਾਰ ਵਾਲੇ ਇਸ ਜੀਵ ਦਾ ਨਾਂ ਲੈਮਿੰਗ ਹੈ ਅਤੇ ਇਹ ਚਾਰ-ਪੰਜ ਇੰਚ ਲੰਮਾ ਜੀਵ ਧੜ ਵਿਚ ਚੂਹੇ ਤੋਂ ਕੁਝ ਭਾਰੀ ਹੁੰਦਾ ਹੈ ਪਰ ਵਿਗਿਆਨੀਆਂ ਅਨੁਸਾਰ ਇਹ ਚੂਹੇ ਦੀ ਜਾਤੀ ਦਾ ਹੀ ਜੀਵ ਹੈ, ਜਿਸ ਨੂੰ ਜੰਗਲੀ ਚੂਹਾ ਵੀ ਆਖਿਆ ਜਾ ਸਕਦਾ ਹੈ।

- ਇਸਦਾ ਰੰਗ ਪੀਲਾ ਹੁੰਦਾ ਹੈ ਅਤੇ ਇਸ ਦੀ ਚਮੜੀ 'ਤੇ ਕਾਲੇ ਗੂੜ੍ਹੇ ਭੂਰੇ ਧੱਬੇ ਪਾਏ ਜਾਂਦੇ ਹਨ।
- ਇਹ ਸ਼ਾਕਾਹਾਰੀ ਜੀਵ ਹੈ, ਜੋ ਰੁੱਖਾਂ ਦੇ ਪੱਤੇ ਅਤੇ ਡੱਕੇ ਆਦਿ ਖਾ ਕੇ ਗੁਜ਼ਾਰਾ ਕਰਦਾ ਹੈ।
- ਗਰੀਨ ਲੈਂਡ ਅਤੇ ਕੈਨੇਡਾ ਵਿਚ ਇਹ ਕਾਫ਼ੀ ਮਾਤਰਾ 'ਚ ਪਾਇਆ ਜਾਂਦਾ ਹੈ।
- ਸਰਦੀਆਂ ਵਿਚ ਇਹ ਧਰਤੀ 'ਚ ਸੁਰਾਖ਼ ਕਰਦੇ ਹਨ ਅਤੇ ਇਨ੍ਹਾਂ ਦੀ ਪ੍ਰਜਨਣ ਗਤੀ ਬਹੁਤ ਤੇਜ਼ ਮੰਨੀ ਜਾਂਦੀ ਹੈ।
- ਮਾਦਾ ਲੈਮਿੰਗ ਇਕ ਸਾਲ ਵਿਚ ਘੱਟ ਤੋਂ ਘੱਟ 10 ਬੱਚੇ ਜਣ ਦਿੰਦੀ ਹੈ। ਆਪਣੇ ਬੱਚਿਆਂ ਲਈ ਇਹ ਘਾਹ ਦਾ ਇਕ ਆਲ੍ਹਣਾ ਬਣਾਉਂਦੇ ਹਨ ਅਤੇ ਇਸ ਨੂੰ ਕੋਮਲ ਮੁਲਾਇਮ ਰੱਖਣ ਦੇ ਲਈ ਵਾਲਾਂ ਦਾ ਫ਼ਰਸ਼ ਤਿਆਰ ਕਰਦੀ ਹੈ।
- ਭਾਵੇਂ ਵਿਗਿਆਨਕ ਤੌਰ 'ਤੇ ਇਸ ਵੱਲੋਂ ਆਤਮਹੱਤਿਆ ਕਰਨ ਦੇ ਕਾਰਨ ਨੂੰ ਸਮਝਣ ਵਿਚ ਅਸਫਲ ਰਹੇ ਹਨ ਪਰ ਫਿਰ ਵੀ ਵਿਗਿਆਨੀਆਂ ਨੇ ਇਸ ਬਾਰੇ ਅਲੱਗ ਅਲੱਗ ਅਨੁਮਾਨ ਲਗਾਏ ਹਨ। ਇਕ ਅਨੁਮਾਨ ਅਨੁਸਾਰ ਲੈਮਿੰਗਾਂ ਦੀ ਗਿਣਤੀ ਜਦ ਬਹੁਤ ਵੱਧ ਜਾਂਦੀ ਹੈ ਤਾਂ ਇਨ੍ਹਾਂ ਦਾ ਭੋਜਨ ਘੱਟ ਜਾਂਦਾ ਹੈ ਅਤੇ ਭੋਜਨ ਦੀ ਭਾਲ ਵਿਚ ਲੈਮਿੰਗਾਂ ਦੇ ਝੁੰਡ ਸਮੂਹਿਕ ਰੂਪ ਵਿਚ ਭੋਜਨ ਦੀ ਭਾਲ ਵਿਚ ਜੁੱਟ ਜਾਂਦੇ ਹਨ। ਜਦ ਜੰਗਲਾਂ ਵਿਚ ਇਨ੍ਹਾਂ ਨੂੰ ਕੋਈ ਭੋਜਨ ਨਹੀਂ ਮਿਲਦਾ ਤਾਂ ਇਹ ਸਮੁੰਦਰ ਵਿਚ ਭੋਜਨ ਲੱਭਣ ਲਈ ਵੜ ਜਾਂਦੇ ਹਨ। ਸਮੁੰਦਰ ਦਾ ਪਾਣੀ ਇਨ੍ਹਾਂ ਦੇ ਸਰੀਰ ਦੇ ਅਨੁਕੂਲ ਨਾ ਹੋਣ ਕਾਰਨ ਇਹ ਸਮੁੰਦਰ ਵਿਚ ਡੁੱਬਣ ਤੋਂ ਬਾਅਦ ਮਰ ਜਾਂਦੇ ਹਨ। ਇਹ ਵੀ ਕਿਹਾ ਜਾਂਦਾ ਹੈ ਕਿ ਖਾਣੇ ਦੀ ਭਾਲ 'ਚ ਜਦ ਇਹ ਇਧਰ-ਉਧਰ ਭਟਕਦੇ ਹਨ ਤਾਂ ਥੱਕ ਜਾਂਦੇ ਹਨ।
- ਦਿਨ ਸਮੇਂ ਭੋਜਨ ਦੀ ਭਾਲ ਕਰਦੇ ਹਨ ਅਤੇ ਰਾਤ ਸਮੇਂ ਆਰਾਮ ਕਰਦੇ ਹਨ।
- ਅਨੇਕਾਂ ਸ਼ਿਕਾਰੀ ਪੰਛੀ ਇਨ੍ਹਾਂ ਦਾ ਪਿੱਛਾ ਕਰਦੇ ਹੋਏ ਇਨ੍ਹਾਂ ਦਾ ਸਫਾਇਆ ਵੀ ਕਰ ਦਿੰਦੇ ਹਨ ਅਤੇ ਬਚੇ ਖੁਚੇ ਲੈਮਿੰਗ ਖੇਤਾਂ, ਸੜਕਾਂ, ਜੰਗਲਾਂ ਅਤੇ ਝੀਲਾਂ ਵਿਚ ਭੋਜਨ ਨਾ ਲੱਭ ਸਕਣ ਕਾਰਨ ਨਿਰਾਸ਼ ਹੋ ਕੇ ਸਮੁੰਦਰ ਵਿਚ ਤੈਰਨ ਲਗਦੇ ਹਨ ਅਤੇ ਮੱਛੀਆਂ ਆਦਿ ਫੜ ਕੇ ਗੁਜ਼ਾਰਾ ਕਰਦੇ ਹਨ।
- ਸਮੁੰਦਰ ਦੀ ਖ਼ੁਰਾਕ ਅਤੇ ਜੀਵਨ ਇਨ੍ਹਾਂ ਦੇ ਸਰੀਰ ਦੇ ਅਨੁਕੂਲ ਨਾ ਹੋਣ ਕਰ ਕੇ ਅਤੇ ਮਹੀਨਾ ਭਰ ਲਗਾਤਾਰ ਦੌੜਨ ਕਾਰਨ ਹੋਈ ਥਕਾਵਟ ਕਰਕੇ ਕੁਝ ਹੀ ਦਿਨਾਂ ਵਿਚ ਸਾਗਰ ਵਿਚ ਡੁੱਬ ਕੇ ਮਰ ਜਾਂਦੇ ਹਨ ਜਾਂ ਦੂਜੇ ਸਮੁੰਦਰੀ ਜੀਵਾਂ ਦਾ ਭੋਜਨ ਬਣਦੇ ਹਨ।
- ਸਮੁੰਦਰ ਵਿਚ ਡੁੱਬ ਜਾਣ ਦਾ ਡਰ ਜਾਂ ਅਸਮਰਥਾ ਬਾਰੇ ਵਿਗਿਆਨੀਆਂ ਨੂੰ ਅਜੇ ਤਕ ਪਤਾ ਨਹੀਂ ਲੱਗਾ। ਕੁਦਰਤ ਦੇ ਇਸ ਅਨੋਖੀ ਪ੍ਰਕਿਰਿਆ ਦੇ ਰਹੱਸ ਤੋਂ ਪਰਦਾ ਉਠਾਉਣ ਲਈ ਜੀਵ ਜੰਤੂ ਵਿਗਿਆਨੀ ਲਗਾਤਾਰ ਕੋਸ਼ਿਸ਼ਾਂ ਕਰ ਰਹੇ ਹਨ ਪਰ ਅਜੇ ਕੋਈ ਸੁਰਾਗ਼ ਜਾਂ ਆਧਾਰ ਹੱਥ ਨਹੀਂ ਲੱਗਾ।
- ਵੇਖਿਆ ਜਾਵੇ ਤਾਂ ਇਹ ਇਕ ਸੱਚਾਈ ਹੈ ਕਿ ਸਮੂਹਿਕ ਆਤਮਹੱਤਿਆ ਕਰਨ ਦਾ ਇਹ ਇਕੋ ਇਕ ਨਮੂਨਾ ਨਹੀਂ ਹੈ।
- ਆਸਾਮ 'ਚ 'ਖਾਜਿੜਾ ਨਾਮੀ ਪਿੰਡ ਵਿਚ ਜਤਿੰਗਾ ਨਾਂ ਦੇ ਪੰਛੀ ਵੱਡੀ ਗਿਣਤੀ ਵਿਚ ਹਰ ਸਾਲ ਖ਼ੁਦਕੁਸ਼ੀ ਕਰਨ ਲਈ ਆਉਂਦੇ ਹਨ।
- ਇਹ ਇਕ ਦੁਰਲਭ ਪ੍ਰਾਣੀ ਹੋਣ ਕਰ ਕੇ ਕਈ ਵਾਰ ਪਸ਼ੂ ਪ੍ਰੇਮੀ ਇਨ੍ਹਾਂ ਨੂੰ ਮਰਨ ਤੋਂ ਬਚਾਉਣ ਲਈ ਕੋਸ਼ਿਸ਼ ਵੀ ਕਰਦੇ ਹਨ।
- ਇਕਹਿਰੇ ਜਾਂ ਸਮੂਹਿਕ ਰੂਪ 'ਚ ਆਤਮਹੱਤਿਆ ਕਰਨ ਦੀ ਪ੍ਰਵਿਰਤੀ ਜੀਵ ਵਿਗਿਆਨੀਆਂ ਲਈ ਇਕ ਅਜੀਬ ਰਹੱਸ ਬਣੀ ਹੋਈ ਹੈ। •





ਬਾਲ ਕਥਾ

# ਨਸੀਹਤ

**ਬੱਚਿਓ! ਸਾਨੂੰ ਕਦੇ ਵੀ ਕਿਸੇ ਦੀ ਨਕਲ ਨਹੀਂ ਕਰਨੀ ਚਾਹੀਦੀ। ਨਕਲ ਨਾਲ ਕੀਤਾ ਗਿਆ ਕੰਮ ਸਾਨੂੰ ਖ਼ੁਸ਼ੀ ਨਹੀਂ ਦਿੰਦਾ। ਆਓ ਜਾਣਦੇ ਹਾਂ ਕਿ ਅੱਜ ਦੀ ਕਹਾਣੀ ਸਾਨੂੰ ਕੀ ਸਿੱਖਿਆ ਦਿੰਦੀ ਹੈ...**

ਇਕ ਜੰਗਲ ਵਿਚ ਨਦੀ ਕਿਨਾਰੇ ਕਿੱਕਰ ਦੇ ਰੁੱਖ 'ਤੇ ਇਕ ਚਿੱਟਾ ਬਗਲਾ ਰਹਿੰਦਾ ਸੀ। ਜਿਸ ਦੇ ਨੇੜਲੇ ਰੁੱਖ ਤੇ ਇਕ ਕਾਲਾ ਕਾਂ ਵੀ ਰਹਿੰਦਾ ਸੀ। ਉਹ ਨਦੀ ਕੰਢੇ ਸ਼ਹਿ ਲਾ ਕੇ ਬੈਠੇ ਬਗਲੇ ਨੂੰ ਮੱਛੀਆਂ ਦਾ ਸ਼ਿਕਾਰ ਕਰਦਾ ਵੇਖਦਾ ਰਹਿੰਦਾ ਸੀ। ਕੁਝ ਚਿਰ ਬਾਅਦ ਹੌਲੀ-ਹੌਲੀ ਕਾਂ ਅਤੇ ਬਗਲਾ ਦੋਸਤ ਬਣ ਗਏ। ਦੁਪਹਿਰ ਤਕ ਬਗਲਾ ਮੱਛੀਆਂ ਦਾ ਕਿੰਨਾ ਸਾਰਾ ਸ਼ਿਕਾਰ ਕਰ ਲੈਂਦਾ ਫਿਰ ਦੋਵੇਂ ਮਿੱਤਰ ਇਕੱਠੇ ਖਾਣਾ ਖਾਂਦੇ। ਰੋਜ਼ ਮੱਛੀਆਂ ਦਾ ਸਵਾਦੀ ਖਾਣਾ ਖਾ ਕਾਂ ਮੋਟਾ ਤਾਜ਼ਾ ਹੋ ਗਿਆ। ਬਗਲਾ ਕਿਵੇਂ ਸ਼ਿਕਾਰ ਕਰਦਾ ਹੈ, ਕਾਂ ਰੁੱਖ 'ਤੇ ਬੈਠਾ ਵੇਖਦਾ ਰਹਿੰਦਾ। ਕਿੱਕਰ ਦੀ ਟੀਸੀ 'ਤੋਂ ਉੱਡਦਾ ਬਗਲਾ ਤੇਜ਼ੀ ਨਾਲ ਹੇਠਾਂ ਆਉਂਦਾ, ਆਪਣੀ ਲੰਮੀ ਚੁੰਝ ਖੋਲ੍ਹ ਮੱਛੀ 'ਤੇ ਝਟਪਦਾ ਤੇ ਲੈ ਜਾ ਕੇ ਅਤੇ ਨਦੀ ਕਿਨਾਰੇ ਰੇਤ 'ਤੇ ਛੁਪਾ ਆਉਂਦਾ।

ਕਾਂ ਨੇ ਸੋਚਿਆ ਕਿ ਇਹ ਕਿਹੜੀ ਵੱਡੀ ਗੱਲ ਹੈ। ਉਪਰ ਉੱਡਣਾ, ਮੱਛੀ 'ਤੇ ਨਜ਼ਰ ਟਿਕਾਈ ਰੱਖਣਾ। ਫਿਰ ਤੇਜ਼ੀ ਨਾਲ ਹੇਠਾਂ ਆਉਣਾ, ਚੁੰਝ ਨਾਲ ਪਾਣੀ 'ਚੋਂ ਮੱਛੀ ਫੜਨਾ ਅਤੇ ਕੰਢੇ ਜਾ ਬੈਠਣਾਂ। ਇਸ ਤਰ੍ਹਾਂ ਉਸ ਦੀ ਮੱਛੀ ਚੁੰਝ 'ਚ ਆ ਹੀ ਜਾਵੇਗੀ। ਹੋਰ ਕਿੱਥੇ ਜਾਵੇਗੀ ? ਸਭ ਕੁਝ ਸੋਚ ਵਿਚਾਰ ਕੇ ਕਾਂ ਉੱਡਿਆ। ਸੁਸਤ ਉਡਾਣ ਭਰਦਾ ਨਦੀ ਉਪਰ ਆਇਆ। ਉਸਨੇ ਵੀ ਬਗਲੇ ਵਾਂਗ ਉਪਰੋਂ ਉਡਾਰੀ ਮਾਰ, ਹੇਠਾਂ ਆ, ਪੈਰ ਪਾਣੀ 'ਤੇ ਰੱਖੇ ਤੇ ਚੁੰਝ ਪਾਣੀ 'ਚ ਮਾਰ ਮੱਛੀ ਫੜਨ ਪਿਆ ਪਰ ਮੱਛੀ ਫੁਰਤੀ ਨਾਲ ਪਾਣੀ 'ਚ ਡੁਬਕੀ ਮਾਰ ਗਈ।

ਕਾਂ ਬੁਰੀ ਤਰਾਂ ਭਿੱਜ ਗਿਆ। ਨਿਕਲਣ ਦੀ ਕੋਸ਼ਿਸ਼ ਕਰਦਾ ਉਹ ਥੱਕ ਹਾਰ ਗਿਆ। ਉਸ ਨੂੰ ਡੁੱਬਦਾ ਵੇਖ ਬਗਲਾ ਤੇਜ਼ੀ ਨਾਲ ਉੱਡਦਾ ਹੇਠਾਂ ਆਇਆ ਤੇ ਕਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰਨ ਲੱਗਾ। ਬਗਲੇ ਨੇ ਬੜੀ ਮੁਸ਼ਕਲ ਨਾਲ ਕਾਂ ਨੂੰ ਕੰਢੇ ਲਿਆਂਦਾ। ਕੁੱਝ ਦੇਰ ਆਰਾਮ ਕਰ, ਖੰਭ ਸੁਕਾ ਕਾਲਾ ਕਾਂ ਉੱਡਣ ਯੋਗ ਹੋ ਗਿਆ। ਬਗਲੇ ਨੇ ਕਾਲੇ ਕਾਂ ਨੂੰ ਨਸੀਹਤ ਕੀਤੀ 'ਕਦੀ ਕਿਸੇ ਦੀ ਨਕਲ ਨਹੀਂ ਕਰਨੀ ਚਾਹੀਦੀ'। ਕਾਂ ਬੜਾ ਸ਼ਰਮਿੰਦਾ ਹੋਇਆ। ਉਸ ਬਗਲੇ ਦੀ ਨਸੀਹਤ ਅੱਗੇ ਸਿਰ ਝੁਕਾਉਂਦਿਆ ਪ੍ਰਣ ਕੀਤਾ ਕਿ ਉਹ ਅੱਗੇ ਤੋਂ ਕਿਸੇ ਦੀ ਨਕਲ ਕਦੀ ਨਹੀਂ ਕਰੇਗਾ।

• ਗੁਰਪ੍ਰੀਤ ਕੌਰ ਗਿੱਲ



# ਇੰਟਰਨੈਸ਼ਨਲ ਸਪੇਸ ਸਟੇਸ਼ਨ 'ਆਈਐੱਸਐੱਸ'

***ਐੱਸਟ੍ਰਾਨਾਟ ਪੁਲਾੜ 'ਤੇ ਜਾਂਦੇ ਹਨ। ਇਨ੍ਹਾਂ ਲਈ ਉੱਥੇ ਇੰਟਰਨੈਸ਼ਨਲ ਸਪੇਸ ਸਟੇਸ਼ਨ ਬਣਾਇਆ ਗਿਆ ਹੈ। ਆਓ ਜਾਣਦੇ ਹਾਂ ਇਸ ਬਾਰੇ...***

ਅੰਤਰਿਸ਼ ਸਟੇਸ਼ਨ (ਸਪੇਸ ਸਟੇਸ਼ਨ) ਨੂੰ ਆਰਬੀਟਲ ਸਟੇਸ਼ਨ ਵੀ ਕਿਹਾ ਜਾਂਦਾ ਹੈ। ਇਹ ਸਪੇਸ 'ਚ ਇਨਸਾਨਾਂ ਦੁਆਰਾ ਬਣਾਇਆ ਗਿਆ ਇਕ ਅਜਿਹਾ ਸਟੇਸ਼ਨ ਹੈ, ਜਿੱਥੇ ਵਿਗਿਆਨੀ ਨਵੀਆਂ-ਨਵੀਆਂ ਖੋਜਾਂ ਕਰਦੇ ਹਨ। ਇਸ ਸਟੇਸ਼ਨ ਨਾਲ ਧਰਤੀ ਅਤੇ ਆਕਾਸ਼ ਦੇ ਬਾਰੇ 'ਚ ਨਵੀਆਂ ਨਵੀਆਂ ਜਾਣਕਾਰੀਆਂ ਲਈਆਂ ਜਾ ਸਕਦੀਆਂ ਹਨ।

## ਕਿੰਝ ਬਣਿਆ ਸਪੇਸ ਸੈਂਟਰ

ਆਈਐੱਸਐੱਸ ਨੂੰ 20 ਨਵੰਬਰ 1998 ਨੂੰ ਲਾਂਚ ਕੀਤਾ ਗਿਆ ਸੀ। ਪਹਿਲਾਂ ਇਸ ਨੂੰ 15 ਸਾਲਾਂ ਲਈ ਇਸਤੇਮਾਲ ਕਰਨ ਦੀ ਗੱਲ ਸੀ ਪਰ ਬਾਅਦ 'ਚ ਇਸ ਨੂੰ 2020 ਤਕ ਕੀਤਾ ਗਿਆ। 2003 'ਚ ਸ਼ਟਲਯਾਨ ਕੋਲੰਬੀਆ ਨੇ ਹਾਦਸੇ ਤੋਂ ਬਾਅਦ ਨਾਸਾ ਨੇ ਆਈਐੱਸਐੱਸ ਨੂੰ ਖ਼ਾਲੀ ਛੱਡਣ ਦਾ ਫ਼ੈਸਲਾ ਕੀਤਾ ਸੀ ਪਰ ਕੁਝ ਸਮੇਂ ਬਾਅਦ ਹੀ ਹਰ ਸਮੇਂ ਪੁਲਾੜ ਯਾਤਰੀ ਦੇ ਉੱਥੇ ਰੱਖਣ ਦਾ ਫ਼ੈਸਲਾ ਕੀਤਾ ਗਿਆ।

## ਰੋਚਕ ਤੱਤ

- ਇੰਟਰਨੈਸ਼ਨਲ ਸਪੇਸ ਸਟੇਸ਼ਨ ਨੂੰ ਬਣਾਉਣ 'ਚ 16 ਦੇਸ਼ ਸ਼ਾਮਲ ਹਨ- ਅਮਰੀਕਾ, ਰੂਸ, ਕੈਨੇਡਾ, ਜਾਪਾਨ, ਬੈਲਜ਼ੀਅਮ, ਬ੍ਰਾਜ਼ੀਲ, ਡੈੱਨਮਾਰਕ, ਫਰਾਂਸ, ਜਰਮਨੀ, ਇਟਲੀ, ਨੀਦਰਲੈਂਡ, ਨਾਰਵੇ, ਸਪੇਨ, ਸਵੀਜਨ ਅਤੇ ਯੂਕੇ।
- ਇਸ ਸਟੇਸ਼ਨ ਨੂੰ ਬਣਾਉਣ 'ਚ ਲਗਪਗ 120 ਬਿਲੀਅਨ ਡਾਲਰ ਖ਼ਰਚ ਹੋਏ ਹਨ।
- ਸਪੇਸ ਸਟੇਸ਼ਨ 357 ਫੁੱਟ 'ਚ ਬਣਿਆ ਹੋਇਆ ਹੈ, ਜੋ ਇਕ ਫੁੱਟਬਾਲ ਦੇ ਮੈਦਾਨ ਤੋਂ ਵੀ ਵੱਡਾ ਹੈ।
- ਕਲਪਨਾ ਚਾਵਲਾ ਅਤੇ ਉਨ੍ਹਾਂ ਦੇ ਸਾਥੀਆਂ ਦੀ ਮੌਤ ਜਿਸ ਸਪੇਸ ਸਟੇਸ਼ਨ ਦੀ ਧਰਤੀ 'ਤੇ ਉਤਰਦੇ ਸਮੇਂ ਧਮਾਕੇ ਕਾਰਨ ਹੋਈ ਸੀ, ਉਹ ਇੰਟਰਨੈਸ਼ਨਲ ਸਪੇਸ ਸਟੇਸ਼ਨ ਤੋਂ ਹੀ ਵਾਪਸ ਆ ਰਿਹਾ ਸੀ।
- ਸਪੇਸ ਸਟੇਸ਼ਨ ਦਾ ਭਾਰ ਕਰੀਬ 4,19,455 ਕਿਲੋਗ੍ਰਾਮ ਹੈ। ਇਸ ਤਰ੍ਹਾਂ ਇਹ ਮਨੁੱਖ ਦੁਆਰਾ ਪੁਲਾੜ 'ਚ ਭੇਜੀ ਗਈ ਸਭ ਤੋਂ ਭਾਰੀ ਵਸਤੂ ਹੈ।
- ਪੁਲਾੜ ਯਾਤਰੀ ਦਿਨ 'ਚ ਤਿੰਨ ਵਾਰ ਖਾਣਾ ਖਾਂਦੇ ਹਨ ਪਰ ਉਹ ਖਾਣਾ ਬੈਠ ਕੇ ਨਹੀਂ ਖਾਂਦੇ। ਉਹ ਬਸ ਖ਼ੁਦ ਨੂੰ ਸਥਿਰ ਰੱਖ ਕੇ ਹਵਾ 'ਚ ਤੈਰਦੇ ਰਹਿੰਦੇ ਹਨ।
- ਇੰਟਰਨੈਸ਼ਨਲ ਸਪੇਸ ਸਟੇਸ਼ਨ 'ਤੇ ਹੁਣ ਤਕ ਕਰੀਬ 15 ਦੇਸ਼ਾਂ ਦੇ 200 ਤੋਂ ਜ਼ਿਆਦਾ ਵਿਗਿਆਨੀ ਗਏ ਹਨ। ਭਾਰਤੀ ਮੂਲ ਦੀ ਕਲਪਨਾ ਚਾਵਲਾ ਅਤੇ ਸੁਨੀਤਾ ਵਿਲਿਅਮਜ਼ ਵੀ ਇੱਥੇ ਜਾ ਚੁੱਕੀਆਂ ਹਨ।
- ਭਾਰਤੀ ਹਵਾਈ ਸੈਨਾ ਦੇ ਲੀਡਰ ਰਾਕੇਸ਼ ਸ਼ਰਮਾ 2 ਅਪ੍ਰੈਲ 1984 ਨੂੰ ਦੋ ਹੋਰ ਸੋਵੀਅਤ ਪੁਲਾੜ ਯਾਤਰੀਆਂ ਦੇ ਨਾਲ ਸਪੇਸ ਸ਼ਟਲ ਸੋਇਊਜ਼ ਟੀ-11 'ਚ ਸਵਾਰ ਹੋ ਕੇ ਪੁਲਾੜ 'ਚ ਪਹੁੰਚੇ ਸੀ।
- ਰਾਕੇਸ਼ ਸ਼ਰਮਾ ਭਾਰਤ ਦੇ ਪਹਿਲੇ ਅਤੇ ਵਿਸ਼ਵ ਦੇ 138 ਵੇਂ ਪੁਲਾੜ ਯਾਤਰੀ ਸੀ।
- ਉਹ 8 ਦਿਨਾਂ ਤਕ ਪੁਲਾੜ 'ਚ ਸੋਵੀਅਤ ਰੂਸ ਦੁਆਰਾ ਸਥਾਪਿਤ ਪੁਲਾੜ ਕੇਂਦਰ ਸੋਲਯੂਜ਼-7 'ਚ ਰਹੇ।
- ਇਸ ਦੌਰਾਨ ਉਨ੍ਹਾਂ ਨੇ ਪੁਲਾੜ ਤੋਂ ਉੱਤਰੀ ਭਾਰਤ ਦੇ ਅਨੇਕਾਂ ਚਿੱਤਰ ਲਏ।
- ਜਦੋਂ ਕੋਈ ਐੱਸਟ੍ਰਾਨਾਟ ਸਪੇਸ 'ਚ ਕਦਮ ਰੱਖਦਾ ਹੈ ਤਾਂ ਉਸ ਨੂੰ 'ਸਪੇਸ ਵਾਕ' ਕਹਿੰਦੇ ਹਨ। 18 ਮਾਰਚ 1965 ਨੂੰ ਰੂਸੀ ਪੁਲਾੜ ਯਾਤਰੀ ਅਲੇਕਸੀ ਲਿਓਨੋਵ ਨੇ ਪਹਿਲੀ ਵਾਰ ਸਪੇਸ ਵਾਕ ਕੀਤੀ ਸੀ। ਸੁਨੀਤਾ ਵਿਲੀਅਮਜ਼ ਨੇ ਸਪੇਸ 'ਚ ਸਭ ਤੋਂ ਜ਼ਿਆਦਾ ਦਿਨ ਰਹਿਣ ਅਤੇ ਸਭ ਤੋਂ ਲੰਬੀ ਸਪੇਸ ਵਾਕ ਕਰਨ ਦਾ ਰਿਕਾਰਡ ਬਣਾਇਆ ਸੀ।

ਐੱਸਟ੍ਰਾਨਾਟ ਇਕ ਖ਼ਾਸ ਤਰ੍ਹਾਂ ਦੇ ਕੱਪੜੇ ਪਹਿਨਦੇ ਹਨ। ਇਕ ਮੋਟਾ ਜਿਹਾ ਸੂਟ, ਉਸ 'ਤੇ ਹੈੱਲਮੇਟ ਅਤੇ ਆਕਸੀਜਨ ਮਾਸਕ ਵੀ ਲੱਗਾ ਰਹਿੰਦਾ ਹੈ। ਇਹ ਸੂਟ ਸਰੀਰ ਅਤੇ ਪੁਲਾੜ ਦਾ ਤਾਪਮਾਨ ਬੈਲੇਂਸ ਕਰਦਾ ਹੈ। ਇਸ ਅੰਦਰ ਇਕ ਲਾਈਫ਼ ਸਪੋਰਟਿੰਗ ਸਿਸਟਮ ਹੁੰਦਾ ਹੈ। ਜਿਸ ਨਾਲ ਐਸਟ੍ਰਾਨਾਟ ਨੂੰ ਸਾਫ਼ ਆਕਸੀਜਨ ਪ੍ਰਾਪਤ ਹੁੰਦੀ ਹੈ। ਇਸ ਸੂਟ ਅੰਦਰ ਗੈਸ ਅਤੇ ਲਿਕੁਇਟ ਨੂੰ ਰੀਚਾਰਜ ਅਤੇ ਡਿਸਚਾਰਜ ਕਰਨ ਦੀ ਵਿਵਸਥਾ ਵੀ ਹੁੰਦੀ ਹੈ।

## ਸਪੇਸ ਸ਼ਟਲ

ਸਪੇਸ ਸ਼ਟਲ ਨਾਸਾ ਦੁਆਰਾ ਬਣਾਈ ਗਈ ਇਕ ਮਸ਼ੀਨ ਹੈ। ਇਸ ਦੀ ਸਹਾਇਤਾ ਨਾਲ ਆਰਬਿਟਰੀ ਲੈਬੋਰਟਰੀ ਦੇ ਨਾਲ-ਨਾਲ ਚੰਦਰਮਾ ਅਤੇ ਮੰਗਲ ਤੇ ਪੁਲਾੜ ਦੇ ਦੂਜੇ ਖੇਤਰਾਂ ਤਕ ਪਹੁੰਚਿਆ ਜਾ ਸਕਦਾ ਹੈ। ਨਾਸਾ ਦੁਆਰਾ ਚਲਾਏ ਜਾ ਰਹੇ ਸਪੇਸ ਸ਼ਟਲ ਪ੍ਰੋਗਰਾਮ 'ਚ ਹੁਣ ਤਕ ਕਰੀਬ 100 ਪ੍ਰੋਗਰਾਮ ਚਲਾਏ ਜਾ ਚੁੱਕੇ ਹਨ। ਜੋ ਸਮੇਂ-ਸਮੇਂ 'ਤੇ ਪੁਲਾੜੀ ਜਾਣਕਾਰੀ ਮੁਹੱਈਆ ਕਰਵਾਉਂਦੇ ਹਨ। •



## ਬਾਲ ਕੈਨਵਸ



ਨਾਂ : ਰਾਜਨ ਬਾਲਾ
ਜਮਾਤ : ਤੀਜੀ
ਪਤਾ: ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਅੰਮ੍ਰਿਤਸਰ।





ਨਾਂ : ਪ੍ਰਮੀਤ ਸਿੰਘ
ਜਮਾਤ : ਦੂਜੀ
ਪਤਾ :ਜੋਤੀ ਕਾਨਵੈਂਟ ਸਕੂਲ, ਸੁਲਤਾਨਪੁਰ ਲੋਧੀ।



ਨਾਂ : ਅੰਮਿਤ ਕੁਮਾਰ
ਜਮਾਤ : ਨੌਂਵੀਂ
ਪਤਾ : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਜਗਰਾਓਂ।



ਨਾਂ : ਹਰਸਿਮਰਤ ਕੌਰ
ਜਮਾਤ : ਤੀਜੀ
ਪਤਾ : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਫਤਹਿਗੜ੍ਹ ਸਾਹਿਬ।





ਨਾਂ : ਰਾਹੁਲ
ਜਮਾਤ : ਪੰਜਵੀਂ
ਪਤਾ : ਜੀਪੀਐੱਸ ਮਲਵਾਲ ਸਕੂਲ, ਫਿਰੋਜ਼ਪੁਰ।






ਨਾਂ : ਪਿੰਟੂ
ਜਮਾਤ : ਪੰਜਵੀਂ
ਪਤਾ : ਜੀਪੀਐੱਸ ਮਲਵਾਲ ਸਕੂਲ, ਫਿਰੋਜ਼ਪੁਰ।

ਪੰਜਾਬ ਦੀਆਂ ਮੁੱਖ ਫ਼ਸਲਾਂ 1

# ਬੱਲੀਏ ਕਣਕ ਦੀਏ



*ਪੰਜਾਬ 'ਚ ਕਣਕ ਸਭ ਤੋਂ ਵਧ ਰਕਬੇ 'ਚ ਬੀਜੀ ਜਾਂਦੀ ਹੈ। ਦੂਜਾ ਸਥਾਨ ਝੋਨੇ ਦਾ, ਤੀਜਾ ਕਪਾਹ-ਨਰਮੇ ਦਾ ਹੈ। ਚੌਥਾ ਗੰਨੇ ਦਾ, ਪੰਜਵਾਂ ਮੱਕੀ ਤੇ ਛੇਵਾਂ ਬਾਜਰੇ ਦਾ ਹੈ। ਆਓ, ਕਣਕ ਬਾਰੇ ਬੁਨਿਆਦੀ ਜਾਣਕਾਰੀ ਪ੍ਰਾਪਤ ਕਰੀਏ...*

• ਡਾ. ਰਣਜੀਤ ਸਿੰਘ

ਪੰਜਾਬ ਇਕ ਖੇਤੀ ਪ੍ਰਧਾਨ ਸੂਬਾ ਹੈ। ਇਥੋਂ ਦੇ ਲੋਕਾਂ ਦਾ ਮੁੱਖ ਕਿੱਤਾ ਖੇਤੀ ਹੈ। ਇਥੋਂ ਦੀ ਲਗਭਗ ਸਾਰੀ ਧਰਤੀ ਹੀ ਸੇਂਜੂ ਹੈ ਤੇ ਇਥੇ ਕੁਦਰਤ ਦੇ ਸਾਰੇ ਮੌਸਮਾਂ ਦਾ ਆਗਮਨ ਹੁੰਦਾ ਹੈ। ਪੰਜਾਬ ਦੀ ਸਾਰੀ ਧਰਤੀ ਦੋ ਫ਼ਸਲੀ ਹੈ, ਭਾਵ ਇਕ ਖੇਤ ਵਿੱਚੋਂ ਸਾਲ 'ਚ ਘੱਟੋ ਘੱਟ ਦੋ ਫ਼ਸਲਾਂ ਲਈਆਂ ਜਾਂਦੀਆਂ ਹਨ। ਇਸ ਫ਼ਸਲ ਚੱਕਰ ਨੂੰ ਦੋ ਖੇਤੀ ਮੌਸਮਾਂ ਵਿਚ ਵੰਡਿਆ ਗਿਆ ਹੈ-ਸਾਉਣੀ ਅਤੇ ਹਾੜ੍ਹੀ। ਹਾੜ੍ਹੀ ਦੀ ਬਿਜਾਈ ਅਕਤੂਬਰ-ਨਵੰਬਰ 'ਚ ਕੀਤੀ ਜਾਂਦੀ ਹੈ ਤੇ ਸਾਉਣੀ ਦੀਆਂ ਫ਼ਸਲਾਂ ਦੀ ਬਿਜਾਈ ਜੂਨ-ਜੁਲਾਈ 'ਚ ਕੀਤੀ ਜਾਂਦੀ ਹੈ। ਕਾਸ਼ਤ ਹੇਠ ਰਕਬੇ ਦੇ ਹਿਸਾਬ ਨਾਲ ਪੰਜਾਬ ਵਿਚ ਕਣਕ ਸਭ ਤੋਂ ਵੱਧ ਰਕਬੇ ਵਿਚ ਬੀਜੀ ਜਾਂਦੀ ਹੈ

ਕਣਕ ਪੰਜਾਬ ਦੀ ਮੁੱਖ ਫ਼ਸਲ ਹੈ। ਪੰਜਾਬ ਵਿਚ ਕਣਕ ਹੇਠ ਲਗਪਗ 35 ਲੱਖ ਹੈਕਟਰ ਰਕਬਾ ਹੈ। ਪੰਜਾਬ ਵਿਚ 1950-51 ਦੌਰਾਨ ਸਿਰਫ਼ 10 ਲੱਖ ਟਨ ਕਣਕ ਪੈਦਾ ਹੁੰਦੀ ਸੀ, ਜੋ ਪਿਛਲੇ ਸਾਲ 51 ਲੱਖ ਟਨ ਪੈਦਾ ਹੋਈ ਸੀ। ਦੇਸ਼ ਵਿਚ ਅਨਾਜ ਦੀ ਥੁੜ੍ਹ ਨੂੰ ਵੇਖਦਿਆਂ ਇਸ ਉੱਤੇ ਖੋਜ ਕਾਰਜ ਸ਼ੁਰੂ ਕੀਤੇ ਗਏ। ਸਭ ਤੋਂ ਪਹਿਲੀ ਸੁਧਰੀ ਕਿਸਮ ਸੀ-591 ਸੀ, ਜਿਹੜੀ ਚੌਧਰੀ ਰਾਮ ਧੰਨ ਸਿੰਘ ਨੇ ਵਿਕਸਤ ਕੀਤੀ ਸੀ। ਇਸ ਨੂੰ ਲੋਕਾਂ ਵੱਲੋਂ ਬਹੁਤ ਪਸੰਦ ਕੀਤਾ ਗਿਆ ਤੇ ਇਸ ਨੂੰ ਫਾਰਮੀ ਕਣਕ ਵੀ ਆਖਿਆ ਜਾਣ ਲੱਗਾ। ਕਣਕ ਦੀ ਪੈਦਾਵਾਰ 'ਚ ਚਮਤਕਾਰੀ ਵਾਧਾ ਉਦੋਂ ਹੋਇਆ, ਜਦੋਂ ਮੈਕਸੀਕੋ ਸਥਿਤ ਅੰਤਰਰਾਸ਼ਟਰੀ ਖੋਜ ਕੇਂਦਰ ਵਿਖੇ ਵੱਧ ਝਾੜ ਦੇਣ ਵਾਲੀਆਂ ਮਧਰੀਆਂ ਕਿਸਮਾਂ ਵਿਕਸਤ ਕੀਤੀਆਂ ਗਈਆਂ। ਇਕ ਦਹਾਕੇ ਵਿਚ ਹੀ ਕਣਕ ਦੀ ਪੈਦਾਵਾਰ ਦੁੱਗਣੀ ਤੋਂ ਵਧ ਗਈ ਤੇ ਇਸ ਨੂੰ 'ਹਰੇ ਇਨਕਲਾਬ' ਦਾ ਨਾਂ ਦਿੱਤਾ ਗਿਆ। ਪਹਿਲੀਆਂ ਕਿਸਮਾਂ ਦੇ ਦਾਣੇ ਲਾਲ ਤੇ ਆਕਾਰ ਛੋਟਾ ਸੀ, ਜਿਸ ਨੂੰ ਬਹੁਤਾ ਪਸੰਦ ਨਹੀਂ ਕੀਤਾ ਗਿਆ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਵਿਗਿਆਨੀ ਡਾ. ਦਿਲਬਾਗ ਸਿੰਘ ਅਟਵਾਲ ਨੇ ਇਸ ਵਿਚ ਸੁਧਾਰ ਕਰ ਕੇ 'ਕਲਿਆਣ ਸੋਨਾ' ਨਾਂ ਦੀ ਕਿਸਮ ਵਿਕਸਤ ਕੀਤੀ, ਜਿਸ ਨੂੰ ਕਿਸਾਨਾਂ ਨੇ ਤੇਜ਼ੀ ਨਾਲ ਅਪਣਾਇਆ। ਜਦੋਂ ਇਹ ਕਿਸਮ ਕਮਜ਼ੋਰ ਪੈਣ ਲਗੀ ਤਾਂ ਡਾ. ਖੇਮ ਸਿੰਘ ਗਿੱਲ ਨੇ ਇਕ ਨਵੀਂ ਕਿਸਮ ਪੀਬੀਡਬਲਿਊ 711 ਵਿਕਸਤ ਕੀਤੀ। ਇਸ ਦੀ ਕਾਸ਼ਤ ਕੇਵਲ ਭਾਰਤ 'ਚ ਹੀ ਨਹੀਂ ਸਗੋਂ ਗੁਆਂਢੀ ਦੇਸ਼ਾਂ ਵਿਚ ਵੀ ਕੀਤੀ ਗਈ। ਖੇਤੀ ਖੋਜ ਨੂੰ ਉਤਸ਼ਾਹਿਤ ਕਰਨ ਲਈ ਉਦੋਂ ਦੇ ਵਾਈਸ ਚਾਂਸਲਰ ਡਾ. ਮਹਿੰਦਰ ਸਿੰਘ ਰੰਧਾਵਾ ਨੂੰ ਸਰਕਾਰ ਵੱਲੋਂ 'ਪਦਮ ਭੂਸ਼ਣ' ਨਾਲ ਸਨਮਾਨਿਆ ਗਿਆ। ਇਸ ਖੋਜ ਨੂੰ ਕਿਸਾਨਾਂ ਤਕ ਪਹੁੰਚਾਉਣ ਲਈ ਉਦੋਂ ਦੇ ਡਾਇਰੈਕਟਰ ਪਸਾਰ ਸਿੱਖਿਆ ਡਾ. ਕੇ ਕ੍ਰਿਪਾਲ ਸਿੰਘ ਨੂੰ 'ਪਦਮਸ਼੍ਰੀ' ਨਾਮ ਸਨਮਾਨਿਤ ਕੀਤਾ ਗਿਆ। ਕਣਕ ਦੀ ਉਪਜ ਨੂੰ ਅਗਲਾ ਮੋੜ ਡਾ. ਗੋਵਿੰਦਰ ਸਿੰਘ ਨੰਦਾ ਵੱਲੋਂ ਵਿਕਸਤ ਕੀਤੀ ਕਿਸਮ ਪੀਬੀਡਬਲਿਊ 343 ਨੇ ਦਿੱਤਾ। ਉਸ ਪਿੱਛੋਂ ਕੁਝ ਸਮੇਂ ਲਈ ਖੋਜ ਵਿਚ ਢਿੱਲ ਆਈ ਤੇ ਕਿਸਾਨਾਂ ਨੇ ਗੈਰ-ਪ੍ਰਮਾਣਿਤ ਕਿਸਮਾਂ ਦੀ ਬਿਜਾਈ ਸ਼ੁਰੂ ਕਰ ਦਿੱਤੀ। ਇਸ ਨਾਲ ਉਨ੍ਹਾਂ ਨੂੰ ਨੁਕਸਾਨ ਵੀ ਝੱਲਣਾ ਪਿਆ। ਪਿਛਲੇ ਵਰ੍ਹੇ ਕਣਕ ਦੀਆਂ ਨਵੀਆਂ ਕਿਸਮਾਂ ਪੀਬੀਡਬਲਿਈ 677 ਤੇ ਪੀਬੀਡਬਲਿਊ 725 ਦਿੱਤੀਆਂ ਗਈਆਂ ਹਨ।

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਬਲਦੇਵ ਸਿੰਘ ਢਿੱਲੋਂ ਦੇ ਯਤਨਾਂ ਸਦਕਾ ਕਿਸਾਨ ਹੁਣ ਪ੍ਰਮਾਣਿਤ ਕਿਸਮਾਂ ਦੀ ਕਾਸ਼ਤ ਵੱਲ ਮੁੜੇ ਹਨ। ਪਿਛਲੇ ਚਾਰ ਦਹਾਕਿਆਂ ਤੋਂ ਪੰਜਾਬ ਦੇਸ਼ ਦੇ ਅੰਨ ਭੰਡਾਰ ਵਿਚ ਕਣਕ ਦਾ 60 ਫ਼ੀਸਦੀ ਹਿੱਸਾ ਪਾ ਰਿਹਾ ਹੈ ਤੇ ਦੇਸ਼ ਦਾ ਅੰਨਦਾਤਾ ਕਹਾਉਂਦਾ ਹੈ। ਇਸ ਲਈ ਭਾਵੇਂ ਪੰਜਾਬ ਨੂੰ ਆਪਣੇ ਪਾਣੀ ਤੇ ਧਰਤੀ ਦੀ ਕੁਰਬਾਨੀ ਦੇਣੀ ਪਈ ਹੈ। ਕਿਸਾਨ ਵਿਸਾਖ ਮਹੀਨੇ ਦੇ ਪਹਿਲੇ ਦਿਨ ਨੂੰ ਵਿਸਾਖੀ ਦੇ ਨਾਂ ਹੇਠ ਤਿਉਹਾਰ ਦੇ ਰੂਪ 'ਚ ਮਨਾਉਂਦੇ ਹਨ ਤੇ ਆਪਣੀ ਫ਼ਸਲ ਨੂੰ ਦਾਤੀ ਲਗਾਉਂਦੇ ਹਨ। ਹੁਣ ਭਾਵੇਂ ਕਣਕ ਦੀ ਵਾਢੀ ਕੰਬਾਈਨ ਨਾਲ ਹੋਣ ਲੱਗ ਪਈ ਹੈ ਪਰ ਦਾਤੀ ਲਗਾਉਣ ਨੂੰ ਸ਼ੁੱਭ ਸ਼ਗਨ ਮੰਨਿਆ ਜਾਂਦਾ ਹੈ।ਇਸੇ ਲਈ ਵਿਸਾਖੀ ਨੂੰ ਸ਼ੁੱਭ ਤਿਉਹਾਰ ਮੰਨਿਆ ਜਾਂਦਾ ਹੈ। •

**ਮੋਬਾਈਲ 94170-87328**

# ਕਿਉਂ ਜ਼ਰੂਰੀ ਹੈ ਬੀਟੀ ਸਰ੍ਹੋਂ ਦਾ ਵਿਰੋਧ?



• ਡਾ. ਅਜੀਤ ਪਾਲ ਸਿੰਘ ਐੱਮਡੀ

ਦੇਸ਼ ਅੰਦਰ ਜਿਨਸੀ ਸੋਧ (ਜੈਨੇਟੀਕੀਲੀ ਮੋਡੀਫਾਈਡ) ਜ਼ਰੀਏ ਤਿਆਰ ਕੀਤੀ ਗਈ ਬੀਟੀ ਸਰ੍ਹੋਂ ਦੀ ਵਪਾਰਕ ਖੇਤੀ ਲਈ ਰਾਹ ਪੱਧਰਾ ਹੋ ਗਿਆ ਹੈ। ਦਿੱਲੀ ਦੇ ਇਕ ਅਦਾਰੇ ਵਲੋਂ ਜੈਨੇਟੀਕਲੀ ਮੋਡੀਫਾਈਡ ਬੀਟੀ ਸਰ੍ਹੋਂ ਦੀ ਵਪਾਰਕ ਪੈਦਾਵਾਰ ਖਾਤਰ ਅਰਜ਼ੀ ਨੂੰ ਜੀਈਏਸੀ (ਜੈਨੇਟਿਕ ਇੰਜਨੀਰਿੰਗ ਅਪ੍ਰੇਜ਼ਲ ਕਮੇਟੀ) ਵੱਲੋਂ 11 ਮਈ ਨੂੰ ਮੰਜ਼ੂਰੀ ਦੇ ਦਿੱਤੀ ਗਈ ਹੈ। ਜੀਈਏਸੀ ਜੈਵ ਤਕਨੀਕ ਸਬੰਧੀ ਅਤੇ ਜੈਵ ਪ੍ਰੀਵਰਤਿਤ ਜੀਵਾਂ ਸਬੰਧੀ ਦੇਸ਼ ਦੀ ਸਭ ਤੋਂ ਵੱਡੀ ਰੈਗੂਲੇਟਰੀ ਸੰਸਥਾ ਹੈ। ਇਹ ਸੰਸਥਾ ਦੇਸ਼ ਵਿਚ ਵਾਤਾਵਰਨ ਮੰਤਰਾਲੇ ਅਧੀਨ ਕੰਮ ਕਰਦੀ ਹੈ।

## ਮਾਰੂ ਬਿਮਾਰੀਆਂ ਨੂੰ ਸੱਦਾ

ਇਨ੍ਹਾਂ ਫ਼ਸਲਾਂ ਦੇ ਪਸ਼ੂਆਂ ਅਤੇ ਹੋਰ ਜੀਵਾਂ ਉੱਪਰ ਕੀਤੇ ਗਏ ਤਜਰਬੇ ਤਸੱਲੀਬਖ਼ਸ਼ ਰਹਿਣੇ ਤਾਂ ਦੂਰ, ਬਲਕਿ ਗੰਭੀਰ ਰੂਪ 'ਚ ਹਾਨੀਕਾਰਕ ਸਿੱਧ ਹੋਏ ਹਨ। ਇਨ੍ਹਾਂ ਫ਼ਸਲਾਂ ਦੇ ਚੂਹਿਆਂ ਉੱਪਰ ਕੀਤੇ ਗਏ ਤਜ਼ਰਬਿਆਂ ਵਿਚ ਗੁਰਦੇ, ਜਿਗਰ ਦੇ ਖ਼ਰਾਬ ਹੋਣ ਕਰਕੇ ਹਾਰਮੋਨ ਸੰਤੁਲਨ ਵਿਗੜਨ ਤੇ ਟਿਊਮਰ ਕੈਂਸਰ ਵਰਗੀਆਂ ਬਿਮਾਰੀਆਂ ਪ੍ਰਗਟ ਹੋਈਆਂ ਹਨ। ਸੂਰਾਂ ਵਿਚ ਬੱਚੇਦਾਨੀ ਦਾ ਵਾਧਾ ਦਰਜ ਕੀਤਾ ਗਿਆ ਹੈ। ਇਨ੍ਹਾਂ ਫ਼ਸਲਾਂ ਦੇ ਨਾਲ ਰਸਾਇਣਾਂ ਕਰਕੇ ਕੈਂਸਰ ਤੇ ਅਲਜ਼ਾਈਮਰ ਵਰਗੀਆਂ ਮਾਰੂ ਬਿਮਾਰੀਆਂ 'ਚ ਵਾਧਾ ਹੋਇਆ ਹੈ।

ਭਾਰਤ ਵਿਚ ਬੀਟੀ ਸਰ੍ਹੋਂ ਸਮੇਤ ਜੈਵ ਪ੍ਰੀਵਰਤਿਤ (ਜੀਐੱਮ) ਫ਼ਸਲਾਂ ਵਿਰੁੱਧ ਜੋ ਘੋਲ ਚੱਲ ਰਿਹਾ ਹੈ, ਉਸ ਵਿਚ ਨਾ ਸਿਰਫ ਸਰਗਰਮ ਸਮਾਜਕ ਕਾਰਕੁੰਨ ਸ਼ਾਮਲ ਹਨ ਬਲਕਿ ਵੱਡੀ ਪੱਧਰ 'ਤੇ ਵਿਗਿਆਨੀ ਅਤੇ ਬੁੱਧੀਜੀਵੀ ਵੀ ਸ਼ਾਮਲ ਹਨ। ਇਥੋਂ ਤਕ ਕਿ ਜੈਵ ਪ੍ਰੀਵਰਤਿਤ ਖੇਤ ਦਾ ਰਾਹ ਪੱਧਰਾ ਕਰਨ ਵਾਲੀ ਭਾਜਪਾ ਸਰਕਾਰ ਦੇ ਕੁਝ ਸਹਿਯੋਗੀ ਸੰਗਠਨ ਵੀ ਇਸਦਾ ਵਿਰੋਧ ਕਰ ਰਹੇ ਹਨ। ਸੰਘ ਪਰਿਵਾਰ ਦਾ ਇਹ ਦੋਗਲਾਪਨ ਕਾਰਪੋਰੇਟ ਹਿੱਤਾਂ ਅਤੇ ਲੋਕ ਭਾਵਨਾ ਦਰਮਿਆਨ ਆਪਣੀ ਬਾਜ਼ੀਗਰੀ ਨਾਲ ਲੋਕ-ਰੋਹ ਨੂੰ ਆਪਣੇ ਪਿੱਛੇ ਲਾਮਬੱਧ ਕਰ ਕੇ ਠੰਢਾ ਛਿੜਕਣ ਅਤੇ ਹੌਲੀ-ਹੌਲੀ ਬੇਅਸਰ ਕਰਨ ਲਈ ਹੀ ਹੈ।

## ਵਾਤਾਵਰਨ ਲਈ ਗੰਭੀਰ ਖ਼ਤਰੇ

ਬੀਟੀ ਕੌਟਨ ਅਤੇ ਬੀਟੀ ਸਰ੍ਹੋਂ ਵਰਗੀਆਂ ਜੈਵ ਪ੍ਰੀਵਰਤਿਤ (ਜੀਐੱਮ) ਫ਼ਸਲਾਂ ਬਾਰੇ ਦੇਸ਼ ਅੰਦਰ ਵੱਡੇ ਪੱਧਰ 'ਤੇ ਜ਼ੋਰਦਾਰ ਢੰਗ ਨਾਲ ਵਿਰੋਧ ਕੀਤਾ ਜਾ ਰਿਹਾ ਹੈ। ਇਸ ਵਿਰੋਧ ਦਾ ਮੁੱਖ ਕਾਰਨ ਜੈਵ ਪ੍ਰੀਵਰਤਿਤ (ਜੀਐੱਮ) ਫ਼ਸਲਾਂ ਦੇ ਮਨੁੱਖੀ ਸਿਹਤ ਉੱਪਰ ਪੈਣ ਵਾਲੇ ਮਾੜੇ ਅਸਰ ਹਨ। ਦੁਨੀਆਂ ਵਿਚ ਫਰਾਂਸ, ਜਰਮਨੀ, ਨੀਦਰਲੈਂਡ, ਗਰੀਸ ਸਮੇਤ ਯੂਰਪ ਦੇ 28 ਦੇਸ਼ਾਂ ਅਤੇ ਏਸ਼ੀਆ, ਅਫ਼ਰੀਕਾ ਤੇ ਲਾਤੀਨੀ ਅਮਰੀਕਾ ਸਮੇਤ ਦੁਨੀਆਂ ਦੇ 38 ਦੇਸ਼ਾਂ ਵਿਚ ਜੈਵ ਪ੍ਰੀਵਰਤਿਤ (ਜੀਐੱਮ) ਫ਼ਸਲਾਂ ਦੇ ਮਨੁੱਖ ਸਮੇਤ ਜੀਵਗਤ ਪਾਰਸਿਥਤਕ ਤਾਣੇ-ਬਾਣੇ (ਈਕੋ ਸਿਸਟਮ) ਸਮੇਤ ਵਾਤਾਵਰਨ 'ਤੇ ਪੈਣ ਵਾਲੇ ਗੰਭੀਰ ਅਸਰ ਰਹੇ ਹਨ।

## ਤਬਾਹੀ ਦਾ ਸੁਨਹਿਰੀ ਜਾਲ

ਭਾਰਤ ਵਿਚ ਬੀਟੀ ਕੌਟਨ ਕਾਰਨ ਕ੍ਰਿਸ਼ਨਾ-ਗੋਦਾਵਰੀ ਬੇਸਿਨ ਤੋਂ ਲੈ ਕੇ ਵਿਦਰਭ ਤਕ ਲੱਖਾਂ ਕਿਸਾਨਾਂ ਨੇ ਪਿੱਛਲੇ 2-3 ਦਹਾਕਿਆਂ ਦੌਰਾਨ ਆਤਮ ਹੱਤਿਆਵਾਂ ਕੀਤੀਆਂ ਹਨ। ਜੀਐੱਮ ਫ਼ਸਲਾਂ ਭਾਰਤ ਦੇ ਗ਼ਰੀਬ ਕਿਸਾਨਾਂ ਲਈ ਬ੍ਰਿਟਿਸ਼ ਕਾਲ ਵਿਚ 'ਨੀਲ ਦੀ ਖੇਤੀ' ਵਰਗੀ ਭਿਆਨਕ ਤ੍ਰਾਸਦੀ ਸਾਬਤ ਹੋਈ ਹੈ। ਜੀਐੱਮ ਖੇਤੀ ਤੋਂ ਫ਼ਾਇਦਾ ਸਿਰਫ ਵੱਡੇ ਵਪਾਰੀਆਂ, ਵੱਡੇ ਕਿਸਾਨਾਂ ਤੇ ਬਹੁਕੌਮੀ ਨਿਗਮਾ ਨੂੰ ਹੋਣਾ ਹੈ। ਗ਼ਰੀਬ ਕਿਸਾਨਾਂ ਲਈ ਤਾਂ ਇਹ ਮੌਤ ਤੇ ਤਬਾਹੀ ਦਾ ਸੁਨਹਿਰੀ ਜਾਲ ਹੈ।

ਅੱਜ ਸਾਮਰਾਜੀ ਦੇਸ਼ਾਂ ਦੇ ਪੱਖੀ ਨਿਗਮਾਂ ਵੱਲੋਂ ਪੱਛੜੇ ਮੁਲਕਾਂ ਦੇ ਜੈਵਿਕ ਵਸੀਲਿਆਂ, ਫ਼ਸਲਾਂ ਤੇ ਬੀਜਾਂ ਨੂੰ ਆਪਣੇ ਏਜੰਡੇ ਤਹਿਤ ਕੰਟਰੋਲ ਕਰਨ, ਮੁਨਾਫ਼ਾ ਵੱਟਣ ਤੇ ਉਨ੍ਹਾਂ ਉੱਪਰ ਕਬਜ਼ਾ ਕਰਨ ਲਈ ਅਨੁਵਾਂਸ਼ਿਕ ਵਿਗਿਆਨ (ਜੈਨੇਟਿਕ ਸਾਇੰਸ) ਦੀ ਵਰਤੋਂ ਵੱਡੀ ਪੱਧਰ 'ਤੇ ਕੀਤੀ ਜਾ ਰਹੀ ਹੈ। ਇਸ ਘਟਨਾਕ੍ਰਮ ਨੂੰ 'ਜੈਵ ਸਾਮਰਾਜਵਾਦ' ਦਾ ਨਾਂ ਦਿੱਤਾ ਜਾ ਸਕਦਾ ਹੈ। ਅਜਿਹੇ ਵਿਚ ਆਪਣੇ ਦੇਸ਼ 'ਚ ਜੈਵ ਵਸੀਲਿਆਂ ਦੀ ਰਾਖੀ ਦੇ ਨਾਲ ਗ਼ਰੀਬ ਤੇ ਛੋਟੇ ਕਿਸਾਨਾਂ ਨੂੰ ਭਿਆਨਕ ਤਬਾਹੀ ਦਾ ਸਬੱਬ ਬਣਨ ਵਾਲੀ ਜੀਐੱਮ ਖੇਤੀ ਦਾ ਵਿਰੋਧ ਕਰਨ ਬੇਹੱਦ ਜ਼ਰੂਰੀ ਹੈ। •

**ਮੋਬਾਈਲ 98156-29301**

### ਜੀਐੱਮ ਸਰ੍ਹੋਂ ਨੂੰ ਮੰਜ਼ੂਰੀ ਆਖ਼ਰੀ ਪੜਾਅ 'ਤੇ

*ਬੀਟੀ ਸਰ੍ਹੋਂ ਦੀ ਇਸ ਜੈਵ ਪ੍ਰੀਵਰਤਿਤ (ਜੀਐੱਮ) ਪ੍ਰਜਾਤੀ ਦਾ ਨਾਂ ਡੀਐੱਮਐੱਚ-11 ਹੈ। ਇਸ ਦਾ ਵਿਕਾਸ ਦਿੱਲੀ ਯੂਨੀਵਰਸਿਟੀ ਅਧੀਨ ਆਉਣ ਵਾਲੇ 'ਸੈਂਟਰ ਫਾਰ ਜੈਨੇਟਿਕ ਮੈਨੀਪੁਲੇਸ਼ਨ ਆਫ ਕਰੋਪ ਪਲਾਂਟ' ਨੇ ਕੀਤਾ ਹੈ। ਬੀਟੀ ਸਰ੍ਹੋਂ ਨੂੰ ਵਪਾਰਕ ਪੈਦਾਵਾਰ ਲਈ ਆਖ਼ਰੀ ਮੰਜ਼ੂਰੀ ਵਾਤਾਵਰਨ ਤੋਂ ਮਿਲਣੀ ਹੈ ਅਤੇ ਇਸ ਸਬੰਧੀ ਜੀਈਏਸੀ ਦੀਆਂ ਸਿਫਾਰਸ਼ਾਂ ਵਾਤਾਵਰਣ ਮੰਤਰੀ ਅਨਿਲ ਮਾਧਵ ਦਵੇ ਕੋਲ ਪਹੁੰਚ ਚੁਕੀਆਂ ਹਨ। ਇਸ ਤਰ੍ਹਾਂ ਬੀਟੀ ਸਰ੍ਹੋਂ ਪੈਦਾਵਾਰ ਦੀ ਮੰਜ਼ੂਰੀ ਦੇ ਆਖ਼ਰੀ ਪੜਾਅ ਵਿਚ ਹੈ ਅਤੇ ਇਹ ਪ੍ਰਕਿਰਿਆ ਉਸ ਪੜਾਅ 'ਤੇ ਪਹੁੰਚ ਗਈ ਹੈ ਜਿੱਥੇ 7 ਸਾਲ ਪਹਿਲਾਂ ਬੀਟੀ ਬੈਂਗਣ ਸੀ। ਬੀਟੀ ਬੈਂਗਣ ਨੂੰ ਮੰਜ਼ੂਰੀ ਦੇ ਆਖ਼ਰੀ ਪੜਾਅ 'ਚ ਉਸ ਵੇਲੇ ਦੇ ਵਾਤਾਵਰਨ ਮੰਤਰੀ ਰਮੇਸ਼ ਵਲੋਂ ਖਾਰਜ ਕਰ ਦਿੱਤਾ ਗਿਆ ਸੀ ਪਰ ਬੀਟੀ ਸਰ੍ਹੋਂ ਦੇ ਮਾਮਲੇ 'ਚ ਰਸਤਾ ਪੱਧਰਾ ਮੰਨਿਆ ਜਾ ਰਿਹਾ ਹੈ ਕਿਉਂਕਿ ਭਾਜਪਾ ਸਰਕਾਰ ਇਸ ਨੂੰ ਮੰਜ਼ੂਰੀ ਦੇਣ ਦੇ ਮੂਡ ਵਿਚ ਵਿਖਾਈ ਦੇ ਰਹੀ ਹੈ।*




### ਖੇਤੀ ਖੇਤਰ ਦੀ ਬੇਕਿਰਕ ਲੁੱਟ

*ਸਿਹਤ ਕਾਰਨਾਂ ਤੋਂ ਵੀ ਵੱਧ ਬੀਟੀ ਬੈਂਗਣ, ਬੀਟੀ, ਕੌਟਨ ਤੇ ਬੀਟੀ ਸਰ੍ਹੋਂ ਸਮੇਤ ਜੈਵ ਪ੍ਰੀਵਰਤਿਤ (ਜੀਐੱਮ) ਖੇਤੀ ਦੀ ਬੁਨਿਆਦ ਵਿਚ ਮੁੱਖ ਮਕਸਦ ਦੇਸੀ-ਵਿਦੇਸ਼ੀ ਪੂੰਜੀ ਵੱਲੋਂ ਖੇਤੀ ਖੇਤਰ ਦੀ ਬੇਕਿਰਕ ਲੁੱਟ ਲਈ ਰਾਹ ਖੋਲ੍ਹਣਾ ਹੈ। ਇਹ ਫ਼ਸਲਾਂ ਵੱਧ ਲਾਗਤ ਮੁੱਲ ਦੀ ਮੰਗ ਕਰਦੀਆਂ ਹਨ। ਵੱਧ ਪੈਦਾਵਾਰ ਦੇ ਲਾਲਚ ਵਿਚ ਕਿਸਾਨ ਇਨ੍ਹਾਂ ਫ਼ਸਲਾਂ ਦੇ ਬੀਜਾਂ ਦੇ ਚੱਕਰ 'ਚ ਪਏ ਰਹਿੰਦੇ ਹਨ। ਇਸ ਨਾਲ ਇਨ੍ਹਾਂ 'ਤੇ ਲਗਣ ਵਾਲੇ ਕੀੜਿਆਂ ਤੇ ਨਾਲ ਹੀ ਪੈਦਾ ਹੋਣ ਵਾਲੇ ਨਦੀਨਾਂ ਨੂੰ ਨਸ਼ਟ ਕਰਨ ਲਈ ਗ਼ਰੀਬ ਕਿਸਾਨਾਂ ਨੂੰ ਬਹੁਕੌਮੀ ਕੰਪਨੀਆਂ ਦੇ ਮਹਿੰਗੇ ਕੀਟ ਨਾਸ਼ਕ ਤੇ ਨਦੀਨ ਨਾਸ਼ਕ ਲੈਣੇ ਪੈਂਦੇ ਹਨ। ਇਸ ਨਾਲ ਇਨ੍ਹਾਂ ਫ਼ਸਲਾਂ 'ਤੇ ਹੱਲਾ ਕਰਨ ਵਾਲੇ ਕੀੜਿਆਂ ਨੂੰ ਨਸ਼ਟ ਕਰਨ ਲਈ ਆਉਂਦੇ ਖ਼ਰਚ ਕਰਨ ਫ਼ਸਲਾਂ ਦੀ ਲਾਗਤ ਲਗਾਤਾਰ ਵੱਧਦੀ ਜਾਂਦੀ ਹੈ। ਪਿੱਛੋਂ ਕਿਸਾਨਾਂ ਲਈ ਇਸ ਮਹਿੰਗੀ ਫ਼ਸਲ ਨੂੰ ਵੇਚਣਾ ਵੀ ਵੱਡੀ ਸਿਰਦਰਦੀ ਬਣ ਜਾਂਦਾ ਹੈ ਅਤੇ ਕਈ ਵਾਰ ਲਾਗਤ ਤੋਂ ਘੱਟ ਫ਼ਸਲਾਂ ਵੇਚਣ, ਕੀੜੇ ਲਗਣ ਅਤੇ ਫ਼ਸਲਾਂ ਖ਼ਰਾਬ ਹੋਣ ਕਰਕੇ ਗ਼ਰੀਬ ਕਿਸਾਨ ਕਰਜ਼ੇ ਵਿਚ ਡੁੱਬ ਕੇ ਨਿਰਾਸ਼ਾ ਵੱਸ ਖ਼ੁਦਕੁਸ਼ੀ ਲਈ ਮਜ਼ਬੂਰ ਹੁੰਦੇ ਹਨ।*



# ਗਾਜਰ ਬੂਟੀ ਖ਼ਤਰਨਾਕ ਨਦੀਨ ਦਾ ਕਿਵੇਂ ਕਰੀਏ ਖ਼ਾਤਮਾ

*ਗਾਜਰ ਬੂਟੀ ਬੇਹੱਦ ਘਾਤਕ ਨਦੀਨ ਹੈ। ਇਸ ਦੇ ਪਰਾਗ ਕਣ ਤੇ ਜ਼ਹਿਰੀਲਾ ਮਾਦਾ ਜਿੱਥੇ ਮਨੁੱਖੀ ਅਤੇ ਪਸ਼ੂਆਂ ਦੀ ਸਿਹਤ ਉੱਪਰ ਮਾੜਾ ਅਸਰ ਪਾਉਂਦਾ ਹੈ, ਉੱਥੇ ਇਹ ਨਦੀਨ ਦੂਸਰੀਆਂ ਫ਼ਸਲਾਂ ਦੀ ਪੈਦਾਵਾਰ ਵਿਚ ਵੀ ਵੱਡੀਆਂ ਅੜਚਨਾਂ ਖੜ੍ਹੀਆਂ ਕਰਦਾ ਹੈ...*



• ਡਾ. ਪ੍ਰਦੀਪ ਕੁਮਾਰ

ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿਚ ਗਾਜਰ ਬੂਟੀ ਜਾਂ ਕਾਂਗਰਸ ਘਾਹ ਨਾਂ ਦੇ ਭੈੜੇ ਨਦੀਨ ਨੇ ਵਿਹਲੀਆਂ ਥਾਵਾਂ 'ਤੇ ਕਾਫੀ ਰਕਬਾ ਮੱਲ ਲਿਆ ਹੈ। ਕਾਂਗਰਸ ਘਾਹ ਦਾ ਤਕਨੀਕੀ ਨਾਂ ਪਾਰਥੀਨੀਅਮ ਹਿਸਟੈਰੋਫੋਰਸ ਹੈ। ਇਹ ਨਦੀਨ ਦੱਖਣੀ ਅਮਰੀਕਾ ਤੋਂ ਭਾਰਤ 'ਚ ਆਇਆ। ਇਹ ਸਭ ਤੋਂ ਪਹਿਲਾਂ ਮੈਕਸੀਕੋ ਤੋਂ ਆਉਣ ਵਾਲੀ ਕਣਕ ਨਾਲ ਮਿਲ ਕੇ ਸਾਡੇ ਦੇਸ਼ ਵਿਚ ਆਇਆ।

ਦੇਸ਼ ਵਿਚ ਇਹ ਸਭ ਤੋਂ ਪਹਿਲਾਂ ਪੂਨਾ (ਮਹਾਂਰਾਸ਼ਟਰ) ਵਿਖੇ ਵਿਹਲੀਆਂ ਥਾਵਾਂ 'ਤੇ ਪਾਇਆ ਗਿਆ। ਇਸ ਤੋਂ ਬਾਅਦ ਇਹ ਨਦੀਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਤੇਜ਼ੀ ਨਾਲ ਫ਼ੈਲਿਆ। ਅੱਜ ਕੱਲ੍ਹ ਇਹ ਨਦੀਨ ਭਾਰਤ ਦੇ ਪਹਾੜੀ ਇਲਾਕਿਆਂ ਨੂੰ ਛੱਡ ਕੇ ਸਾਰੇ ਸੂਬਿਆਂ ਵਿਚ ਪਾਇਆ ਜਾਂਦਾ ਹੈ ਅਤੇ ਮਨੁੱਖ ਤੇ ਪਸ਼ੂਆਂ ਦੀ ਸਿਹਤ ਲਈ ਗੰਭੀਰ ਖ਼ਤਰਾ ਬਣ ਗਿਆ ਹੈ।

## ਗਾਜਰ ਬੂਟੀ ਦੀ ਪਛਾਣ

ਗਾਜਰ ਬੂਟੀ ਇਕ ਲੰਬਾ, ਡੂੰਘੀਆਂ ਜੜ੍ਹਾਂ ਵਾਲਾ ਤੇ ਤੇਜ਼ੀ ਨਾਲ ਫ਼ੈਲਣ ਵਾਲਾ ਨਦੀਨ ਹੈ, ਜੋ ਫੁੱਲਾਂ ਵਾਲੀ ਅਵਸਥਾ ਵਿਚ ਇਕ ਮੀਟਰ ਤਕ ਉੱਚਾ ਹੋ ਜਾਂਦਾ ਹੈ। ਇਸ ਨੂੰ ਛੋਟੇ-ਛੋਟੇ ਚਿੱਟੇ ਰੰਗ ਦੇ ਫੁੱਲ ਲਗਦੇ ਹਨ, ਜੋ ਪੱਕਣ ਉਪਰੰਤ ਖੁੱਲ੍ਹ ਕੇ ਹਜ਼ਾਰਾਂ ਬੀਜਾਂ ਨੂੰ ਹਵਾ 'ਚ ਖਿਲਾਰ ਦਿੰਦੇ ਹਨ। ਇਹ ਬੀਜ ਹਵਾ ਦੇ ਵਹਾਅ ਨਾਲ ਵੱਡੇ ਰਕਬੇ 'ਚ ਫ਼ੈਲ ਜਾਂਦੇ ਹਨ। ਇਸ ਦੇ ਬੂਟੇ ਪ੍ਰਤੀ ਵਰਗ ਮੀਟਰ ਵਿਚ ਕਰੀਬ 1,54,000 ਬੀਜ ਪੈਦਾ ਕਰਦੇ ਹਨ, ਜਦਕਿ ਇਕ ਬੂਟਾ ਕਰੀਬ 15,000 ਤੋਂ 25,000 ਬੀਜ ਪੈਦਾ ਕਰਦਾ ਹੈ। ਇਹ ਬੀਜ ਵਜ਼ਨ ਵਿਚ ਹਲਕੇ ਹੁੰਦੇ ਹਨ, ਜੋ ਪਾਣੀ, ਹਵਾ ਜਾਂ ਕਿਸੇ ਵੀ ਹੋਰ ਹਲਚਲ ਨਾਲ ਅੱਗੇ ਫ਼ੈਲ ਜਾਂਦੇ ਹਨ। ਇਹ ਨਦੀਨ ਆਪਣੇ ਕੱਟੇ-ਵੱਢੇ ਹਿੱਸਿਆਂ ਤੋਂ ਵੀ ਅੱਗੇ ਫ਼ੈਲ ਜਾਂਦਾ ਹੈ। ਇਸ ਨੂੰ ਅਵਾਰਾ ਜਾਨਵਰ ਵੀ ਨਹੀਂ ਚਰਦੇ ਅਤੇ ਇਸ ਉੱਪਰ ਕੀੜਿਆਂ ਤੇ ਬਿਮਾਰੀਆਂ ਦਾ ਹਮਲਾ ਵੀ ਨਾਮਾਤਰ ਹੀ ਹੁੰਦਾ ਹੈ।

## ਗਾਜਰ ਬੂਟੀ ਦਾ ਫ਼ੈਲਾਅ

ਗਾਜਰ ਬੂਟੀ ਬਹੁਤ ਹੀ ਹਮਲਾਵਰ ਤੇ ਤਕੜਾ ਨਦੀਨ ਹੈ, ਜੋ ਸੜਕਾਂ, ਨਹਿਰਾਂ, ਰੇਲਵੇ ਪਟੜੀਆਂ ਦੇ ਨਾਲ-ਨਾਲ, ਸੂਏ-ਕੱਸੀਆਂ ਦੇ ਨਾਲ ਵਿਹਲੀਆਂ ਥਾਵਾਂ ਅਤੇ ਕਈ ਵਾਰੀ ਖੇਤਾਂ ਵਿਚ ਵੀ ਪਾਇਆ ਜਾਂਦਾ ਹੈ। ਕਾਂਗਰਸ ਘਾਹ ਜਿੱਥੇ ਵੀ ਉੱਗਦਾ ਹੈ ਉੱਥੇ ਕਿਸੇ ਹੋਰ ਬੂਟੇ ਨੂੰ ਨਹੀਂ ਉੱਗਣ ਦਿੰਦਾ ਕਿਉਂਕਿ ਇਸ ਦੀਆਂ ਜੜ੍ਹਾਂ ਵਿੱਚੋਂ ਮਿੱਟੀ 'ਚ ਇਕ ਖ਼ਤਰਨਾਕ ਰਸਾਇਣ ਦਾ ਰਿਸਾਅ ਹੁੰਦਾ ਹੈ, ਜੋ ਦੂਜੇ ਬੂਟਿਆਂ ਨੂੰ ਉੱਗਣ ਨਹੀਂ ਦਿੰਦਾ।

ਇਸ ਦਾ ਵਾਧਾ ਫਰਵਰੀ ਅਖ਼ੀਰ ਤੋਂ ਸ਼ੁਰੂ ਹੋ ਕੇ ਅਕਤੂਬਰ ਦੇ ਅੰਤ ਤਕ ਹੁੰਦਾ ਰਹਿੰਦਾ ਹੈ। ਸਭ ਤੋਂ ਤੇਜ਼ ਵਾਧਾ ਜੁਲਾਈ-ਅਗਸਤ ਵਿਚ ਹੁੰਦਾ ਹੈ। ਠੰਢ ਸ਼ੁਰੂ ਹੋਣ ਨਾਲ ਇਸ ਦਾ ਵਾਧਾ ਰੁਕ ਜਾਂਦਾ ਹੈ। •

**ਸੰਪਰਕ 01822-232543**

### ਨੁਕਸਾਨ

*ਇਸ ਨਦੀਨ ਦੇ ਮਨੁੱਖੀ ਅਤੇ ਪਸ਼ੂਆਂ ਦੀ ਸਿਹਤ 'ਤੇ ਬਹੁਤ ਮਾੜੇ ਪ੍ਰਭਾਵ ਪੈਂਦੇ ਹਨ। ਇਸ ਬੂਟੀ ਵਿਚ ਪਾਰਥੈਨਿਨ ਤੇ ਐਂਬਰੋਸਿਨ ਨਾਂ ਦੇ ਖ਼ਤਰਨਾਕ ਰਸਾਇਣ ਹੁੰਦੇ ਹਨ, ਇਸ ਲਈ ਇਸ ਦੇ ਪਰਾਗ ਕਣਾਂ ਦੇ ਸਾਹ ਰਾਹੀਂ ਫ਼ੇਫੜਿਆਂ ਵਿਚ ਜਾਣ ਨਾਲ ਇਨਸਾਨਾਂ ਵਿਚ ਸਾਹ ਨਲੀ ਦੀ ਸੋਜ਼ਿਸ਼, ਦਮਾਂ, ਜ਼ੁਕਾਮ, ਗਰਦਨ ਵਿਚ ਦਰਦ ਅਤੇ ਚਿੰਤਾ ਰੋਗ ਆਦਿ ਬਿਮਾਰੀਆਂ ਹੋ ਸਕਦੀਆਂ ਹਨ। ਇਸ ਨਦੀਨ ਦੇ ਲਗਾਤਾਰ ਸੰਪਰਕ ਵਿਚ ਆਉਣ ਨਾਲ ਚਮੜੀ ਸਬੰਧੀ ਗੰਭੀਰ ਰੋਗ ਹੋ ਸਕਦੇ ਹਨ। ਇਹ ਨਦੀਨ ਦੁਧਾਰੂ ਪਸ਼ੂਆਂ ਲਈ ਵੀ ਬਹੁਤ ਘਾਤਕ ਹੈ, ਜਿਸ ਦੇ ਮਾੜੇ ਅਸਰ ਨਾਲ ਦੁਧਾਰੂ ਪਸ਼ੂਆਂ ਨੂੰ ਚਮੜੀ ਦੀ ਖਾਰਿਸ਼, ਥਣਾਂ ਦੀ ਸੋਜ਼ ਤੇ ਵਾਲ ਝੜਨ ਵਰਗੀਆਂ ਬਿਮਾਰੀਆਂ ਹੋ ਜਾਂਦੀਆਂ ਹਨ। ਇਹ ਨਦੀਨ ਦਾਲਾਂ ਵਾਲੀਆਂ ਫ਼ਸਲਾਂ ਦੀ ਮਿੱਟੀ ਵਿਚ ਨਾਈਟਰੋਜਨ ਜਮ੍ਹਾਂ ਕਰਨ ਦੀ ਸ਼ਕਤੀ 'ਤੇ 60 ਫ਼ੀਸਦੀ ਤਕ ਮੰਦਾ ਅਸਰ ਪਾਉਂਦਾ ਹੈ। ਇਸ ਦੇ ਪਰਾਗ ਕਣ ਬੈਂਗਣ, ਟਮਾਟਰ, ਮਿਰਚਾਂ ਅਤੇ ਮੱਕੀ ਦਾ ਪਰ-ਪਰਾਗਣ ਘਟਾ ਦਿੰਦੇ ਹਨ। ਇਸ ਨਦੀਨ ਦੇ ਬੇਤਹਾਸ਼ਾ ਵਾਧੇ ਦੇ ਨਾਲ ਪਾਰਕਾਂ, ਬਾਗ਼ਾਂ ਤੇ ਰਿਹਾਇਸ਼ੀ ਕਲੋਨੀਆਂ ਦੇ ਰਾਹ ਮੱਲਣ ਕਾਰਨ ਆਉਣ-ਜਾਣ 'ਚ ਪਰੇਸ਼ਾਨੀ ਹੁੰਦੀ ਹੈ।*

### ਰੋਕਥਾਮ

*ਇਸ ਨਦੀਨ ਦੀ ਰਸਾਇਣਕ ਤਰੀਕੇ ਨਾਲ ਰੋਕਥਾਮ 1.5 ਕਿੱਲੋ ਐਟਰਾਜ਼ੀਨ ਜਾਂ ਇਕ ਲਿਟਰ ਗਲਾਈਫੋਸੇਟ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰ ਕੇ ਕੀਤੀ ਜਾ ਸਕਦੀ ਹੈ। ਕੇਸੀਆ ਜਾਤੀ ਦੇ ਬੂਟੇ ਲਗਾਉਣ ਨਾਲ ਵੀ ਇਸ ਨਦੀਨ ਦਾ ਵਾਧਾ ਘੱਟ ਹੁੰਦਾ ਹੈ। ਕਾਂਗਰਸ ਘਾਹ ਨੂੰ ਖ਼ਤਮ ਕਰਨ ਲਈ ਖੇਤਾਂ ਨੂੰ ਜੂਨ ਮਹੀਨੇ ਵਿਚ ਫੁੱਲ ਪੈਣ ਤੋਂ ਪਹਿਲਾਂ ਵਾਹ ਦੇਣਾ ਚਾਹੀਦਾ ਹੈ। ਇਸ ਦੇ ਬੂਟਿਆਂ ਨੂੰ ਹੱਥਾਂ ਉੱਪਰ ਦਸਤਾਨੇ ਜਾਂ ਲਿਫ਼ਾਫ਼ੇ ਚੜ੍ਹਾ ਕੇ ਕਹੀ ਨਾਲ ਜੜ੍ਹੋਂ ਪੁੱਟ ਕੇ ਡੂੰਘੇ ਦੱਬ ਦੇਣਾ ਚਾਹੀਦਾ ਹੈ, ਜਿਸ ਦੀ ਡੇਢ ਮਹੀਨੇ ਬਾਅਦ ਗਲਣ ਉਪਰੰਤ ਕੰਪੋਸਟ ਖਾਦ ਬਣ ਜਾਂਦੀ ਹੈ। ਇਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕਾਬੂ ਕਰਨ ਲਈ ਦੱਖਣੀ ਅਮਰੀਕਾ ਤੋਂ ਭਾਰਤ ਵਿਚ 1984 'ਚਜਾਈਗੋਗਰਾਮਾ ਬਾਈਕਲੋਰੇਟਾ ਨਾਂ ਦੇ ਕੀੜੇ ਨੂੰ ਲਿਆਂਦਾ ਗਿਆ ਸੀ। ਇਸ ਕੀੜੇ ਦੀਆਂ ਸੁੰਡੀਆਂ ਅਤੇ ਬਾਲਗ ਕਾਂਗਰਸ ਘਾਹ ਨੂੰ ਖਾ ਕੇ ਖ਼ਤਮ ਕਰ ਦਿੰਦੇ ਹਨ।*



# ਵੈਟਰਨਰੀ ਯੂਨੀਵਰਸਿਟੀ ਦਾ ਪਸ਼ੂ ਪਾਲਣ ਮੇਲਾ

*ਗਡਵਾਸੂ ਵੱਲੋਂ ਲਗਾਏ ਜਾਂਦੇ ਸਾਲਾਨਾ ਮੇਲੇ ਪਸ਼ੂ-ਪਾਲਕਾਂ ਅਤੇ ਯੂਨੀਵਰਸਿਟੀ ਦਰਮਿਆਨ ਪੁਲ ਦੀ ਭੂਮਿਕਾ ਨਿਭਾਉਂਦੇ ਹਨ। ਇਨ੍ਹਾਂ ਮੇਲਿਆਂ 'ਚ ਸ਼ਾਮਲ ਹੋ ਕੇ ਪਸ਼ੂ-ਪਾਲਕ ਜਿੱਥੇ ਡੇਅਰੀ ਫਾਰਮਿੰਗ ਤੇ ਹੋਰ ਸਹਾਇਕ ਧੰਦਿਆਂ ਬਾਰੇ ਬੁਨਿਆਦੀ ਜਾਣਕਾਰੀ ਪ੍ਰਾਪਤ ਕਰਦੇ ਹਨ, ਉੱਥੇ ਇਹ ਮੇਲੇ ਉਨ੍ਹਾਂ ਦੀ ਕਿੱਤਾਮੁਖੀ ਅਗਵਾਈ ਵੀ ਕਰਦੇ ਹਨ। ਇਸ ਵਾਰ ਯੂਨੀਵਰਸਿਟੀ ਵੱਲੋਂ 22-23 ਸਤੰਬਰ ਨੂੰ ਪਸ਼ੂ ਪਾਲਣ ਮੇਲਾ ਲਗਾਇਆ ਜਾ ਰਿਹਾ ਹੈ...*

• ਡਾ. ਹਰੀਸ਼ ਕੁਮਾਰ ਵਰਮਾ

ਗੁਰੂ ਅੰਗਦ ਦੇਵ ਵੈਟਰਨਰੀ ਐਂਡ ਐਨੀਮਲ ਸਾਇੰਸਿਜ਼ ਯੂਨੀਵਰਸਿਟੀ ਲੁਧਿਆਣਾ ਵਿਖੇ 22-23 ਸਤੰਬਰ 2017 ਨੂੰ ਪਸ਼ੂ ਪਾਲਣ ਮੇਲਾ ਲਗਾਇਆ ਜਾ ਰਿਹਾ ਹੈ। ਯੂਨੀਵਰਸਿਟੀ ਵੱਲੋਂ ਸਾਲ 'ਚ ਦੋ ਵਾਰ ਲੁਧਿਆਣਾ ਕੈਂਪਸ ਵਿਖੇ ਮਾਰਚ ਅਤੇ ਸਤੰਬਰ ਵਿਚ 'ਪਸ਼ੂ ਪਾਲਣ ਮੇਲਾ' ਲਗਾਇਆ ਜਾਂਦਾ ਹੈ। ਇਸ ਵਾਰ ਇਹ ਮੇਲਾ 22-23 ਸਤੰਬਰ ਨੂੰ ਲਗਾਇਆ ਜਾ ਰਿਹਾ ਹੈ।

## ਪ੍ਰਦਰਸ਼ਨੀਆਂ

ਇਸ ਮੇਲੇ ਵਿਚ ਵਧੀਆ ਨਸਲ ਦੇ ਜਾਨਵਰਾਂ ਜਿਵੇਂ ਮੱਝਾਂ, ਗਾਵਾਂ, ਬੱਕਰੀਆਂ, ਸੂਰ, ਖਰਗੋਸ਼, ਬਰਾਇਲਰ, ਬਟੇਰੇ, ਮੁਰਗੀਆਂ ਤੇ ਮੱਛੀਆਂ ਆਦਿ ਦੀ ਪ੍ਰਦਰਸ਼ਨੀ ਲਗਾਈ ਜਾਵੇਗੀ। ਇਸ ਤੋਂ ਇਲਾਵਾ ਮੱਝਾਂ, ਵਲਾਇਤੀ ਗਾਵਾਂ, ਬੀਟਲ ਬੱਕਰੀਆਂ, ਸਤਲੁਜ ਮੁਰਗੀਆਂ, ਆਈਬੀਐੱਲ 80 ਬਰਾਇਲਰ, ਪੰਜਾਬ ਬਟੇਰ ਆਦਿ ਵੀ ਪ੍ਰਦਰਸ਼ਿਤ ਕੀਤੇ ਜਾਣਗੇ। ਇਸ ਤੋਂ ਇਲਾਵਾ ਮਿਆਰੀ ਨਸਲ ਦੇ ਸਾਨ੍ਹਾਂ, ਝੋਟਿਆਂ, ਬੱਕਰਿਆਂ ਆਦਿ ਦੀ ਵੀ ਨੁਮਾਇਸ਼ ਲਗਾਈ ਜਾਏਗੀ। ਮਸਨੂਈ ਗਰਭਦਾਨ ਤੇ ਭਰੂਣ ਤਬਾਦਲੇ ਦੀ ਵਿਧੀ ਬਾਰੇ ਕਿਸਾਨਾਂ ਤੇ ਪਸ਼ੂ-ਪਾਲਕਾਂ ਨੂੰ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ। ਵੱਖ-ਵੱਖ ਕਿਸਮ ਦੇ ਪਸ਼ੂਆਂ ਲਈ ਮਿਆਰੀ ਤੇ ਸਸਤੇ ਸ਼ੈੱਡ ਬਣਾਉਣ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ। ਮਿਆਰੀ ਦੁੱਧ ਦੀ ਪੈਦਾਵਾਰ, ਚੁਆਈ ਦੇ ਸਹੀ ਤਰੀਕਿਆਂ ਤੇ ਮਸ਼ੀਨੀ ਚੁਆਈ ਬਾਰੇ ਦੱਸਿਆ ਜਾਵੇਗਾ। ਕਟੜੂ/ਵਛੜੂਆਂ ਦੇ ਸੁਚੱਜਾ ਪ੍ਰਬੰਧ ਕਰਨ ਬਾਰੇ ਮਾਹਿਰਾਂ ਵੱਲੋਂ ਜਾਣਕਾਰੀ ਦਿੱਤੀ ਜਾਵੇਗੀ। ਜਾਨਵਰਾਂ ਦੀ ਸਾਂਭ ਸੰਭਾਲ ਦੇ ਤਰੀਕਿਆਂ ਤੇ ਸੰਤੁਲਿਤ ਵੰਡ-ਦਾਣਾ ਬਣਾਉਣ ਦੀਆਂ ਤਕਨੀਕਾਂ ਬਾਰੇ ਦੱਸਿਆ ਜਾਵੇਗਾ। ਪਸ਼ੂ ਖ਼ੁਰਾਕ ਵਿਚ ਧਾਤਾਂ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ ਜਾਵੇਗਾ। ਦੁਧਾਰੂਆਂ ਲਈ ਧਾਤਾਂ ਦਾ ਮਿਸ਼ਰਣ ਸਸਤੀ ਕੀਮਤ 'ਤੇ ਉਪਲਬਧ ਹੋਵੇਗਾ। ਪਸ਼ੂ-ਪਾਲਕਾਂ ਨੂੰ 'ਯੂਰੋਮਿਨ ਚਾਟ' ਤੇ 'ਸੂਬਾਬੂਲ ਚਾਟ' ਬਣਾਉਣ ਦੀ ਵਿਧੀ ਬਾਰੇ ਵੀ ਦੱਸਿਆ ਜਾਵੇਗਾ।

## ਪਸ਼ੂ ਖ਼ੁਰਾਕ ਬਾਰੇ ਜਾਣਕਾਰੀ

ਤੂੜੀ ਅਤੇ ਪਰਾਲੀ ਦੀ ਯੂਰੀਏ ਨਾਲ ਸੋਧ ਕਰਨ ਦੀ ਵਿਧੀ ਦੱਸੀ ਜਾਵੇਗੀ। ਪਸ਼ੂ ਪਾਲਣ 'ਚ ਹਰੇ ਚਾਰੇ ਦੀ ਮਹੱਤਤਾ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਏਗਾ। ਵਾਧੂ ਹਰੇ ਚਾਰੇ ਨੂੰ ਲੰਬੇ ਅਰਸੇ ਤਕ ਸੰਭਾਲਣ ਦੇ ਤਰੀਕੇ ਅਤੇ ਅਚਾਰ/ਸਾਈਲੇਜ ਬਣਾਉਣ ਬਾਰੇ ਪ੍ਰਦਰਸ਼ਨੀ ਵੀ ਲਗਾਈ ਜਾਏਗੀ। ਪਸ਼ੂ ਖ਼ੁਰਾਕ ਤੇ ਖ਼ੁਰਾਕੀ ਵਸਤਾਂ ਨੂੰ ਪ੍ਰਯੋਗਸ਼ਾਲਾ ਰਾਹੀਂ ਪਰਖਣ ਦੀ ਸਹੂਲਤ ਵੀ ਮੇਲੇ ਵਿਚ ਮੁਹੱਈਆ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਪਸ਼ੂਆਂ ਦੀਆਂ ਸਿਹਤ ਸਬੰਧੀ ਸਮੱਸਿਆਵਾਂ ਅਤੇ ਇਨ੍ਹਾਂ ਦੀ ਮੁੱਢਲੀ ਸਹਾਇਤਾ ਬਾਰੇ ਮਾਹਿਰਾਂ ਵੱਲੋਂ ਜਾਣਕਾਰੀ ਦਿੱਤੀ ਜਾਵੇਗੀ।

## ਪਸ਼ੂਆਂ ਦੀ ਸਿਹਤ ਸੰਭਾਲ

ਪਸ਼ੂਆਂ ਦੀਆਂ ਸਿਹਤ ਸਮੱਸਿਆਵਾਂ ਜਿਵੇਂ ਅਫਾਰਾ, ਮੋਕ, ਲੰਙ ਮਾਰਨਾ, ਖੁਰ ਵਧਣੇ, ਲੇਵੇ ਦੀ ਸੋਜ਼ਿਸ਼, ਲਹੂ ਮੂਤਣ, ਧਾਤਾਂ ਦੀ ਘਾਟ ਤੋਂ ਬਚਾਅ ਅਤੇ ਰੋਕਥਾਮ ਬਾਰੇ ਵੀ ਮਾਹਿਰਾਂ ਵੱਲੋਂ ਜਾਣਕਾਰੀ ਦਿੱਤੀ ਜਾਵੇਗੀ। ਮਲੱਪਾਂ ਅਤੇ ਚਿੱਚੜਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੇ ਛੁਟਕਾਰੇ ਦੇ ਉਪਾਅ ਵੀ ਦੱਸੇ ਜਾਣਗੇ। ਆਪ੍ਰੇਸ਼ਨ ਰਾਹੀਂ ਪਸ਼ੂਆਂ ਦੇ ਇਲਾਜਯੋਗ ਰੋਗਾਂ ਦੇ ਇਲਾਜ ਦੀਆਂ ਸਹੂਲਤਾਂ ਜਿਵੇਂ ਰਸੌਲੀ, ਸਰਨ, ਟੁੱਟੀ ਹੱਡੀ, ਬੰਨ੍ਹ ਪੈਣ, ਹਰਨੀਆਂ, ਪਿਸ਼ਾਬ ਦਾ ਬੰਨ੍ਹ, ਥਣ ਦਾ ਬੰਦ ਹੋਣਾ ਬਾਰੇ ਡਾਕਟਰ ਮੌਕੇ 'ਤੇ ਹੀ ਇਲਾਜ ਦੱਸਣਗੇ। ਪ੍ਰਜਨਣ ਸਬੰਧੀ ਸਮੱਸਿਆਵਾਂ ਜਿਵੇਂ ਗੂੰਗਾ ਹੇਹਾ, ਹੇਹੇ ਵਿਚ ਨਾ ਆਉਣਾ, ਵਾਰ ਵਾਰ ਫਿਰਨਾ, ਪਿੱਛਾ ਮਾਰਨਾ, ਔਖੀ ਸੁਆਈ, ਜ਼ੇਰ ਨਾ ਪੈਣਾ, ਬੱਚੇਦਾਨੀ ਦਾ ਵਲੇਵਾਂ ਆਦਿ ਦੇ ਬਚਾਅ ਤੇ ਇਲਾਜ ਬਾਰੇ ਵੀ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ। ਪਸ਼ੂਆਂ ਨੂੰ ਸਿਹਤਮੰਦ ਰੱਖਣ ਲਈ ਕਿਰਮ ਰਹਿਤ ਕਰਨ ਦੀ ਵਿਧੀ, ਬਿਮਾਰੀਆਂ ਦੇ ਬਚਾਅ ਲਈ ਟੀਕਾਕਰਣ ਦੇ ਢੰਗ ਤਰੀਕਿਆਂ ਅਤੇ ਸਮਾਂ ਸਾਰਣੀ ਬਾਰੇ ਜਾਗਰੂਕ ਕੀਤਾ ਜਾਏਗਾ।

ਪਸ਼ੂਆਂ ਦੀਆਂ ਬਿਮਾਰੀਆਂ ਦਾ ਕਾਰਨ ਲੱਭਣ ਲਈ ਦੁੱਧ, ਗੋਹਾ, ਖ਼ੂਨ, ਪਿਸ਼ਾਬ ਆਦਿ ਦੀ ਮੌਕੇ 'ਤੇ ਹੀ ਜਾਂਚ ਕੀਤੀ ਜਾਵੇਗੀ। ਯੂਨੀਵਰਸਿਟੀ ਦੇ ਪਸ਼ੂ ਹਸਪਤਾਲ ਵਿਚ ਮੌਜੂਦ ਇਲਾਜ, ਐਕਸਰੇ, ਅਲਟਰਾਸਾਊਂਡ, ਪ੍ਰਯੋਗਸ਼ਾਲਾ, ਪੋਸਟ ਮਾਰਟਮ ਆਦਿ ਸੇਵਾਵਾਂ ਬਾਰੇ ਚਾਨਣਾ ਪਾਇਆ ਜਾਏਗਾ। ਪਸ਼ੂਆਂ ਤੋਂ ਇਨਸਾਨਾਂ ਨੂੰ ਹੋਣ ਵਾਲੀਆਂ ਬਿਮਾਰੀਆਂ ਜਿਵੇਂ ਹਲਕਾਅ, ਤਪਦਿਕ, ਆਦਿ ਦੀ ਜਾਂਚ ਤੇ ਬਚਾਅ ਬਾਰੇ ਸੁਚੇਤ ਕੀਤਾ ਜਾਵੇਗਾ। ਚਾਰਿਆਂ ਦੇ ਜ਼ਹਿਰਬਾਦ ਤੇ ਹੋਰ ਜ਼ਹਿਰਾਂ ਤੋਂ ਬਚਾਅ ਦੀਆਂ ਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਜਾਵੇਗੀ।

## ਪਸ਼ੂ ਤੇ ਮਨੁੱਖੀ ਬਿਮਾਰੀਆਂ ਬਾਰੇ ਗਿਆਨ

ਜਾਨਵਰਾਂ ਵਿਚ ਕੀਟਨਾਸ਼ਕ ਵਰਤਣ ਦੇ ਸਹੀ ਢੰਗ ਤਰੀਕੇ ਤੇ ਸਾਵਧਾਨੀਆਂ ਬਾਰੇ ਪਸ਼ੂ ਪਾਲਕਾਂ ਨੂੰ ਤਕਨੀਕਾਂ ਦੱਸੀਆਂ ਜਾਣਗੀਆਂ। ਨਵੀਆਂ ਬਿਮਾਰੀਆਂ ਜਿਵੇਂ ਸਵਾਈਨ ਫਲੂ, ਮੈਡ ਕਾਊ ਆਦਿ ਬਾਰੇ ਗਿਆਨ ਦਿੱਤਾ ਜਾਏਗਾ। ਊੱਲੀ ਰੋਗਾਂ ਤੋਂ ਬਚਾਅ ਤੇ ਛੁਟਕਾਰੇ ਦੇ ਉਪਾਅ ਦੱਸੇ ਜਾਣਗੇ। ਮੁਰਗੀਆਂ ਦੀਆਂ ਬਿਮਾਰੀਆਂ, ਖ਼ਾਸ ਕਰਕੇ ਬਰਡ ਫਲੂ ਬਾਰੇ ਚਾਨਣਾ ਪਇਆ ਜਾਏਗਾ। ਦੁੱਧ, ਆਂਡਿਆਂ ਤੇ ਮਾਸ ਦੇ ਪਦਾਰਥ ਬਣਾਉਣ ਬਾਰੇ ਗਿਆਨ ਦਿੱਤਾ ਜਾਵੇਗਾ। ਵੱਖ-ਵੱਖ ਤਕਨੀਕਾਂ ਜਿਵੇਂ ਥਣਾਂ ਨੂੰ ਡੋਬਾ ਦੇਣਾ, ਦੁੱਧ ਦੀ ਸਹੀ ਚੁਆਈ, ਖੁਰਾਂ ਦੀ ਕਟਾਈ ਆਦਿ ਬਾਰੇ ਪ੍ਰਦਰਸ਼ਨੀ ਲਗਾਈ ਜਾਏਗੀ। ਐਮਰਜੈਂਸੀ ਲਈ ਯੂਨੀਵਰਸਿਟੀ ਤੋਂ ਉਪਲੱਬਧ ਸਹਾਇਤਾ ਤੇ ਐਂਬੂਲੈਂਸ ਦੀ ਸਹੂਲਤ ਬਾਰੇ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ।

## ਨਵੀਆਂ ਤਕਨੀਕਾਂ ਦੇ ਰੂ-ਬ-ਰੂ

ਮੇਲੇ ਵਿੱਚ ਆਏ ਪਸ਼ੂ ਪਾਲਕਾਂ ਦੀਆਂ ਸਮੱਸਿਆਵਾਂ ਸਬੰਧੀ ਪੁੱਛੇ ਸਵਾਲਾਂ ਦੇ ਜੁਵਾਬ ਦੇਣ ਲਈ ਵੱਖਰੇ ਸਵਾਲ-ਜੁਆਬ ਸੈਸ਼ਨ ਦਾ ਪ੍ਰਬੰਧ ਕੀਤਾ ਗਿਆ ਹੈ। ਪਸ਼ੂਧਨ ਨਾਲ ਸਬੰਧਤ ਵੱਖ-ਵੱਖ ਸਰਕਾਰੀ ਵਿਭਾਗਾਂ ਜਿਵੇਂ ਪਸ਼ੂ ਪਾਲਣ ਵਿਭਾਗ, ਡੇਅਰੀ ਵਿਕਾਸ ਵਿਭਾਗ, ਮੱਛੀ ਪਾਲਣ ਵਿਭਾਗ, ਮਿਲਕਫੈੱਡ, ਮਾਰਕਫੈੱਡ ਵੀ ਆਪਣੇ ਵਿਭਾਗਾਂ ਦੀਆਂ ਸਹੂਲਤਾਂ ਬਾਰੇ ਦੱਸਣਗੇ। ਨੁਮਾਇਸ਼ ਵਿੱਚ ਦਵਾਈਆਂ, ਖ਼ੁਰਾਕ ਤੇ ਮਸ਼ੀਨਾਂ ਬਣਾਉਣ ਵਾਲੀਆਂ ਕੰਪਨੀਆਂ ਆਪੋ ਆਪਣੇ ਉਤਪਾਦਾਂ ਬਾਰੇ ਜਾਣਕਾਰੀ ਦੇਣਗੀਆਂ। ਯੂਨੀਵਰਸਿਟੀ ਦੇ ਸਹਿਯੋਗ ਅਧੀਨ ਕੰਮ ਕਰਦੀਆਂ ਪਸ਼ੂ ਪਾਲਕਾਂ ਦੀਆਂ ਜਥੇਬੰਦੀਆਂ ਵੀ ਮੇਲੇ ਵਿਚ ਆਪਣੇ ਸਟਾਲ ਸਜਾਉਣਗੀਆਂ। ਯੂਨੀਵਰਸਿਟੀ ਵਿਚ ਪੜ੍ਹਾਈ ਕਰਨ ਅਤੇ ਦਾਖ਼ਲੇ ਸਬੰਧੀ ਵੀ ਜਾਣਕਾਰੀ ਦਿੱਤੀ ਜਾਵੇਗੀ। •



### ਪਸ਼ੂ ਪਾਲਣ ਤੇ ਸਹਾਇਕ ਧੰਦਿਆਂ ਬਾਰੇ ਜਾਣਕਾਰੀ

*ਮੇਲੇ ਵਿਚ ਪਸ਼ੂ ਪਾਲਣ, ਮੱਛੀ ਪਾਲਣ, ਝੀਂਗਾ ਮੱਛੀ ਤੇ ਸਜਾਵਟੀ ਮੱਛੀਆਂ ਦੀ ਸਾਂਭ ਸੰਭਾਲ, ਬਿਮਾਰੀਆਂ ਤੇ ਕਿੱਤਾ ਕਰਨ ਬਾਰੇ ਮਾਹਿਰਾਂ ਵੱਲੋਂ ਜਾਣਕਾਰੀ ਦਿੱਤੀ ਜਾਵੇਗੀ। ਪਾਲਤੂ ਜਾਨਵਰਾਂ ਕੁੱਤੇ, ਬਿੱਲੀਆਂ ਆਦਿ ਨੂੰ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ ਜਾਏਗੀ। ਪਸ਼ੂ ਪਾਲਣ, ਬੱਕਰੀ ਪਾਲਣ, ਸੂਰ ਪਾਲਣ, ਮੁਰਗੀ, ਬਟੇਰ, ਬਰਾਇਲਰ ਪਾਲਣ ਤੇ ਮੱਛੀ ਪਾਲਣ ਆਦਿ ਧੰਦਿਆਂ ਬਾਰੇ ਲਗਾਏ ਜਾਣ ਵਾਲੇ ਸਿਖਲਾਈ ਕੋਰਸਾਂ 'ਚ ਦਾਖ਼ਲੇ ਬਾਰੇ ਵੀ ਸੂਚਿਤ ਕੀਤਾ ਜਾਵੇਗਾ। ਪਸ਼ੂ ਪਾਲਣ ਧੰਦਿਆਂ ਨੂੰ ਵਿਗਿਆਨਕ ਤਰੀਕੇ ਨਾਲ ਕਰਨ ਲਈ ਕਿਤਾਬਾਂ ਤੇ ਰਸਾਲੇ ਸਸਤੀ ਕੀਮਤ 'ਤੇ ਉਪਲੱਬਧ ਹੋਣਗੇ।*



# ਐਸ.ਆਈ.ਆਰ. 2026: ਪੰਜਾਬ ਵਿੱਚ ਡਰਾਫਟ ਵੋਟਰ ਸੂਚੀ ਪ੍ਰਕਾਸ਼ਿਤ: ਅਨਿੰਦਿਤਾ ਮਿਤਰਾ

## ➢ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ ਅਤੇ ਡਰਾਫਟ ਵੋਟਰ ਸੂਚੀ ਸੌਂਪੀ ➢ ਵੋਟਰਾਂ ਨੂੰ ਵੇਰਵਿਆਂ ਦੀ ਜਾਂਚ ਕਰਨ ਵਿੱਚ ਸਹਾਇਤਾ ਲਈ 19 ਅਗਸਤ, ਦਿਨ ਐਤਵਾਰ ਨੂੰ ਸਾਰੇ ਪੋਲਿੰਗ ਬੂਥਾਂ 'ਤੇ ਇੱਕ ਰੋਜ਼ਾ ਦਾ ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਚੋਣ ਕਮਿਸ਼ਨ ਵੱਲੋਂ ਐਲਾਨੇ ਪ੍ਰੋਗਰਾਮ ਅਨੁਸਾਰ ਅੱਜ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.), 2026 ਤਹਿਤ ਸੂਬੇ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਲਈ ਡਰਾਫਟ ਵੋਟਰ ਸੂਚੀ, 2026 ਨੂੰ ਪ੍ਰਕਾਸ਼ਿਤ ਕੀਤਾ ਗਿਆ ਹੈ। ਡਰਾਫਟ ਵੋਟਰ ਸੂਚੀ ਦੀ ਪ੍ਰਕਾਸ਼ਨਾ ਨਾਲ ਦੂਜੇ ਪੜਾਅ ਦੀ ਸ਼ੁਰੂਆਤ ਹੋ ਗਈ ਹੈ ਜਿਸ ਤਹਿਤ ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਦੀ ਮਿਆਦ 13 ਅਗਸਤ, 2026 ਤੋਂ 12 ਸਤੰਬਰ, 2026 ਤੱਕ ਹੋਵੇਗੀ ਅਤੇ ਨੋਟਿਸ ਪੜਾਅ/ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 13 ਅਗਸਤ, 2026 ਤੋਂ 8 ਅਕਤੂਬਰ, 2026 ਤੱਕ ਕੀਤਾ ਜਾਵੇਗਾ।

ਸੋਧ ਪ੍ਰਕਿਰਿਆ ਦੇ ਹਿੱਸੇ ਵਜੋਂ, ਅੱਜ ਮੁੱਖ ਚੋਣ ਅਫਸਰ, ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ, ਆਈ.ਏ.ਐਸ. ਦੀ ਪ੍ਰਧਾਨਗੀ ਹੇਠ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਇੱਕ ਮੀਟਿੰਗ ਹੋਈ। ਮੀਟਿੰਗ ਦੌਰਾਨ, ਮੁੱਖ ਚੋਣ ਅਫਸਰ ਪੰਜਾਬ ਨੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਡਰਾਫਟ ਵੋਟਰ ਸੂਚੀ ਸੌਂਪੀ।



ਇਸ ਦੌਰਾਨ ਨੁਮਾਇੰਦਿਆਂ ਨੂੰ ਨਿਰਧਾਰਤ ਫਾਰਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ ਜਿਹਨਾਂ ਵਿੱਚ ਨਾਮ ਸ਼ਾਮਲ ਕਰਨ ਲਈ ਫਾਰਮ 6, ਐਨ.ਆਰ.ਆਈ. ਵੋਟਰਾਂ ਨੂੰ ਸ਼ਾਮਲ ਕਰਨ ਲਈ ਫਾਰਮ 6ਏ, ਨਾਮ ਕਟਵਾਉਣ ਲਈ ਫਾਰਮ 7 ਅਤੇ ਐਂਟਰੀਆਂ ਵਿੱਚ ਸੋਧ ਜਾਂ ਸ਼ਿਫਟਿੰਗ ਲਈ ਫਾਰਮ 8 ਸ਼ਾਮਲ ਹਨ।

ਉਨ੍ਹਾਂ ਅੱਗੇ ਦੱਸਿਆ ਕਿ 01.10.2026 ਦੀ ਯੋਗਤਾ ਮਿਤੀ ਵਾਲੇ ਨੌਜਵਾਨ ਨਾਮਾਂਕਣ ਲਈ ਯੋਗ ਹਨ।

ਇਸ ਦੌਰਾਨ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਨਾਗਰਿਕ ਸੇਵਾ ਪੋਰਟਲ ਅਤੇ ਬੁੱਕ ਏ ਕਾਲ ਰਿਕੁਐਸਟ ਵਿਦ ਬੀ.ਐਲ.ਓ. ਸਹੂਲਤ ਸਮੇਤ ਵੱਖ-ਵੱਖ ਪਲੇਟਫਾਰਮਾਂ ਬਾਰੇ ਜਾਣੂ ਕਰਵਾਇਆ ਗਿਆ।

ਸੀ.ਈ.ਓ. ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ, ਆਈ.ਏ.ਐਸ. ਨੇ ਅੱਗੇ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ 19 ਅਗਸਤ, 2026 ਨੂੰ ਸਾਰੇ ਪੋਲਿੰਗ ਬੂਥਾਂ 'ਤੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਅਧੀਨ ਇੱਕ ਰੋਜ਼ਾ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ ਤਾਂ ਜੋ ਵੋਟਰਾਂ ਨੂੰ ਉਨ੍ਹਾਂ ਦੇ ਵੇਰਵਿਆਂ ਦੀ ਜਾਂਚ ਕਰਨ ਵਿੱਚ ਸਹਾਇਤਾ ਕੀਤੀ ਜਾ ਸਕੇ। ਡਰਾਫਟ ਸੂਚੀ ਵਿਚਲੇ ਵੇਰਵਿਆਂ ਦੀ ਜਾਂਚ ਕਰਨ ਅਤੇ ਵੋਟਰਾਂ ਨੂੰ ਸਾਰੀਆਂ ਚੋਣ ਸੇਵਾਵਾਂ ਵਿੱਚ ਸਹਾਇਤਾ ਕਰਨ ਲਈ ਬੀ.ਐਲ.ਓ. ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਪੋਲਿੰਗ ਸਟੇਸ਼ਨਾਂ 'ਤੇ ਮੌਜੂਦ ਰਹਿਣਗੇ।

ਉਨ੍ਹਾਂ ਅੱਗੇ ਕਿਹਾ ਕਿ ਪ੍ਰਕਾਸ਼ਿਤ ਡਰਾਫਟ ਵੋਟਰ ਸੂਚੀ ਨੂੰ ਪ੍ਰਦਰਸ਼ਿਤ ਕਰਨ ਲਈ ਰਾਜ ਭਰ ਦੇ ਡੀ.ਈ.ਓ. ਅਤੇ ਈ.ਆਰ.ਓ. ਦਫਤਰਾਂ ਵਿੱਚ ਹੈਲਪ ਡੈਸਕ ਸਥਾਪਤ ਕੀਤਾ ਜਾਵੇਗਾ।

ਸੀਈਓ ਨੇ ਦੱਸਿਆ ਕਿ ਵੋਟਰ ਪ੍ਰਕਾਸ਼ਿਤ ਡਰਾਫਟ ਵੋਟਰ ਸੂਚੀ ਵਿੱਚ ਆਪਣੇ ਵੇਰਵੇ ਦੇਖ ਸਕਦੇ ਹਨ, ਜੋ ਕਿ ਸੀ.ਈ.ਓ. ਪੰਜਾਬ ਦੀ ਵੈੱਬਸਾਈਟ (www.ceopunjab.gov.in) ਅਤੇ ਸਿਟੀਜਨ ਪੋਰਟਲ (voters.eci.gov.in) 'ਤੇ ਉਪਲਬਧ ਹੈ।

ਜਿਨ੍ਹਾਂ ਨਾਗਰਿਕਾਂ ਦੇ ਨਾਮ ਡਰਾਫਟ ਵੋਟਰ ਸੂਚੀ ਵਿੱਚ ਨਹੀਂ ਹਨ, ਉਹ 13 ਅਗਸਤ, 2026 ਤੋਂ 12 ਸਤੰਬਰ, 2026 ਤੱਕ ਦਾਅਵਿਆਂ ਅਤੇ ਇਤਰਾਜ਼ਾਂ ਦੀ ਮਿਆਦ ਦੌਰਾਨ ਆਪਣਾ ਨਾਮ ਸ਼ਾਮਲ ਕਰਨ ਲਈ ਨਿਰਧਾਰਤ ਘੋਸ਼ਣਾ ਅਤੇ ਸਹਾਇਕ ਦਸਤਾਵੇਜ਼ਾਂ ਦੇ ਨਾਲ ਆਪਣੇ ਦਾਅਵੇ ਜਮ੍ਹਾਂ ਕਰਵਾ ਸਕਦੇ ਹਨ।

ਇਸ ਸਬੰਧੀ ਕਿਸੇ ਵੀ ਸਹਾਇਤਾ ਲਈ ਨਾਗਰਿਕ ਵੋਟਰ ਹੈਲਪਲਾਈਨ ਨੰਬਰ 1950 'ਤੇ ਸੰਪਰਕ ਕਰ ਸਕਦੇ ਹਨ ਜਾਂ ਈ.ਸੀ.ਆਈ.ਐਨ.ਈ.ਟੀ. ਮੋਬਾਈਲ ਐਪਲੀਕੇਸ਼ਨ 'ਤੇ ਉਪਲਬਧ ਬੁੱਕ ਏ ਕਾਲ ਰਿਕੁਐਸਟ ਵਿਦ ਬੀ.ਐਲ.ਓ. ਸਹੂਲਤ ਦਾ ਲਾਭ ਉਠਾ ਸਕਦੇ ਹਨ।

# ਸਰਕਾਰੀ ਕਾਲਜ ਮਾਛੀਵਾੜਾ ਵਿਖੇ ਨਵੇਂ ਸੈਸ਼ਨ ਦੀ ਹੋਈ ਸ਼ੁਰੂਆਤ, ਤੀਆਂ ਦੇ ਮੇਲੇ ਨੇ ਲਾਈਆਂ ਰੌਣਕਾਂ



**ਮਾਛੀਵਾੜਾ ਸਾਹਿਬ, 19 ਅਗਸਤ**
**-ਸਤੀਸ਼ ਕੁਮਾਰ-**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਕਾਲਜ ਮਾਛੀਵਾੜਾ ਵਿਖੇ ਪ੍ਰਿੰਸੀਪਲ ਨੰਦਿਨੀ ਵੈਦ ਦੀ ਯੋਗ ਅਗਵਾਈ ਹੇਠ ਨਵੇਂ ਅਕਾਦਮਿਕ ਵਰ੍ਹੇ ਦੀ ਸ਼ੁਰੂਆਤ ਲਈ ਪਰਮਾਤਮਾ ਦਾ ਓਟ ਆਸਰਾ ਲੈਂਦੇ ਹੋਇਆ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਗੁਰਮਤਿ ਰਹਿਤ ਮਰਿਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕਰਨ ਉਪਰੰਤ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ। ਪਾਠ ਉਪਰੰਤ ਬੱਚਿਆਂ ਨੇ ਬਾਣੀ ਦੇ ਕੀਰਤਨ ਅਤੇ ਗੁਰਮਤਿ ਵਿਚਾਰਾਂ ਨੂੰ ਸੁਣਿਆ। ਕਥਾਕਾਰ ਨੇ ਵਿਦਿਆਰਥੀਆਂ ਨੂੰ ਸਬਰ ਸੰਤੋਖ ਅਤੇ ਸ਼ੁਕਰ ਚ ਰਹਿਣ ਲਈ ਪ੍ਰੇਰਿਤ ਕੀਤਾ।ਵਿਦਿਆਰਥੀਆਂ ਦੇ ਚੰਗੇ ਭਵਿੱਖ,ਨਵੇਂ ਅਕਾਦਮਿਕ ਵਰ੍ਹੇ ਦੌਰਾਨ ਕਾਲਜ ਦੀ ਚੜਦੀ ਕਲਾ ਅਤੇ ਤਰੱਕੀ ਲਈ ਅਰਦਾਸ ਕੀਤੀ ਗਈ। ਇਸ ਉਪਰੰਤ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਲੰਗਰ ਛੱਕਿਆ। ਸਾਉਣ ਦਾ ਮਹੀਨਾ ਹੋਣ ਕਾਰਨ ਕਾਲਜ ਦੀਆਂ ਵਿਦਿਆਰਥਣਾਂ ਲਈ ਤੀਜ ਦਾ ਪ੍ਰੋਗਰਾਮ ਕਰਵਾਇਆ ਗਿਆ। ਵਿਦਿਆਰਥਣਾਂ ਨੇ ਸੱਭਿਆਚਾਰਕ ਗਤੀਵਿਧੀਆਂ ਵਿਚ ਹਿੱਸਾ ਲੈ ਕੇ ਤੀਆਂ ਦਾ ਤਿਉਹਾਰ ਮਨਾਇਆ। ਕਾਲਜ ਵਿਦਿਆਰਥਣਾਂ ਨੇ ਸੱਭਿਆਚਾਰਿਕ ਵੰਨਗੀਆਂ ਪੇਸ਼ ਕਰਦਿਆਂ ਖੂਬ ਰੌਣਕਾਂ ਲਾਉਂਦੇ ਹੋਏ ਪੁਰਾਤਨ ਸੱਭਿਆਚਾਰ ਨੂੰ ਪੇਸ਼ ਕਰਨਾ ਕਾਬਿਲੇ ਤਾਰੀਫ ਸੀ।ਵਿਦਿਆਰਥਣਾਂ ਨੇ ਪੀਂਘ ਝੂਟਣ ਅਤੇ ਗਿੱਧੇ ਦੀ ਰਵਾਇਤ ਨਾਲ ਇਸ ਸਮਾਰੋਹ ਨੂੰ ਸੰਪੰਨ ਕੀਤਾ। ਪ੍ਰਿੰਸੀਪਲ ਨੇ ਵਿਦਿਆਰਥਣਾਂ ਨੂੰ ਚੰਗੇ ਭਵਿੱਖ ਲਈ ਸ਼ੁੱਭਕਾਮਨਾਵਾਂ ਅਤੇ ਦੁਆਵਾਂ ਦਿੱਤੀਆਂ। ਇਸ ਸਮੇਂ ਸਮੂਹ ਸਟਾਫ਼ ਅਤੇ ਵਿਦਿਆਰਥੀ ਕਾਲਜ ਚ ਹਾਜ਼ਰ ਸਨ।

# ਪੰਜਾਬ ਨੇ ਸੂਬਾ ਮਾਨਸਿਕ ਸਿਹਤ ਅਥਾਰਟੀ ਰਾਹੀਂ ਮਾਨਸਿਕ ਸਿਹਤ ਸੁਧਾਰਾਂ ਨੂੰ ਦਿੱਤੀ ਨਵੀਂ ਗਤੀ

## ਸੂਬਾ ਮਾਨਸਿਕ ਸਿਹਤ ਅਥਾਰਟੀ ਦੇ ਪੁਨਰਗਠਨ ਨਾਲ ਮਾਨਸਿਕ ਬੀਮਾਰੀ ਤੋਂ ਪੀੜਤ ਵਿਅਕਤੀਆਂ ਦੇ ਮਾਣ-ਸਨਮਾਨ ਅਤੇ ਅਧਿਕਾਰਾਂ ਦੀ ਬਿਹਤਰ ਸੁਰੱਖਿਆ ਯਕੀਨੀ ਬਣਾਈ ਜਾਵੇਗੀ: ਡਾ. ਬਲਬੀਰ ਸਿੰਘ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਨਸਿਕ ਸਿਹਤ ਸੇਵਾਵਾਂ ਦੇ ਬਿਹਤਰ ਪ੍ਰਬੰਧਨ ਅਤੇ ਮਾਨਸਿਕ ਬੀਮਾਰੀ ਤੋਂ ਪੀੜਤ ਵਿਅਕਤੀਆਂ ਦੇ ਅਧਿਕਾਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ, ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬਾ ਮਾਨਸਿਕ ਸਿਹਤ ਅਥਾਰਟੀ (ਐਸਐਮਐਚਏ) ਨੂੰ ਮਜ਼ਬੂਤ ਕਰਨ ਦੀ ਪ੍ਰਕਿਰਿਆ ਅਧੀਨ ਹੈ।

ਭਗਵੰਤ ਮਾਨ ਸਰਕਾਰ ਦਾ ਇਹ ਕਦਮ ਮਾਨਸਿਕ ਸਿਹਤ ਸੇਵਾਵਾਂ ਦੇ ਨਿਯਮਨ ਲਈ ਇੱਕ ਵਿਆਪਕ ਢਾਂਚਾ ਯਕੀਨੀ ਬਣਾਏਗਾ, ਪੂਰੇ ਪੰਜਾਬ ਵਿੱਚ ਬਿਹਤਰ ਮਾਨਸਿਕ ਸਿਹਤ ਸੇਵਾਵਾਂ ਤੱਕ ਪਹੁੰਚ ਦਾ ਵਿਸਥਾਰ ਕਰੇਗਾ ਅਤੇ ਸੂਬੇ ਦੀ ਮੁੱਖ ਨਸ਼ਾ-ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੀ ਗਤੀ ਨੂੰ ਬਰਕਰਾਰ ਰੱਖਣ ਵਿੱਚ ਮਦਦ ਕਰੇਗਾ।

ਸੂਬਾ ਮਾਨਸਿਕ ਸਿਹਤ ਅਥਾਰਟੀ ਸੂਬੇ ਦੀ ਸਰਵਉੱਚ ਵਿਧਾਨਕ ਸੰਸਥਾ ਹੈ, ਜੋ ਮੈਂਟਲ ਹੈਲਥਕੇਅਰ ਐਕਟ, 2017 ਦੇ ਲਾਗੂਕਰਨ ਦੀ ਨਿਗਰਾਨੀ ਅਤੇ ਇਸ ਨੂੰ ਕੰਟਰੋਲ ਕਰਦੀ ਹੈ। ਇਹ ਮਾਨਸਿਕ ਸਿਹਤ ਸੰਸਥਾਵਾਂ ਦੀ ਰਜਿਸਟ੍ਰੇਸ਼ਨ ਅਤੇ ਨਿਗਰਾਨੀ, ਗੁਣਵੱਤਾ ਅਤੇ ਸੇਵਾ ਮਾਪਦੰਡ ਤੈਅ ਕਰਨ, ਨਿਰਧਾਰਤ ਮਾਨਸਿਕ ਸਿਹਤ ਪੇਸ਼ੇਵਰਾਂ ਦੀ ਰਜਿਸਟ੍ਰੇਸ਼ਨ ਕਰਨ ਅਤੇ ਮਾਨਸਿਕ ਸਿਹਤ ਨੀਤੀ ਨਾਲ ਸਬੰਧਤ ਮਾਮਲਿਆਂ ਵਿੱਚ ਸਰਕਾਰ ਨੂੰ ਸਲਾਹ ਦੇਣ ਦਾ ਕੰਮ ਕਰਦੀ ਹੈ। ਇਸ ਦੇ ਨਾਲ ਹੀ, ਇਹ ਵੀ ਯਕੀਨੀ ਬਣਾਏਗੀ ਕਿ ਐਕਟ ਤਹਿਤ ਦਿੱਤੇ ਗਏ ਅਧਿਕਾਰਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇ। ਇਸ ਵਿਵਸਥਾ ਵਿੱਚ ਜ਼ਿਲ੍ਹਿਆਂ ਲਈ ਮਾਨਸਿਕ ਸਿਹਤ ਸਮੀਖਿਆ ਬੋਰਡ (ਐਮਐਚਆਰਬੀ) ਵੀ ਸ਼ਾਮਲ ਹਨ।



ਹਰੇਕ ਬੋਰਡ ਦੀ ਅਗਵਾਈ ਜ਼ਿਲ੍ਹਾ ਜੱਜ ਜਾਂ ਯੋਗ ਨਿਆਂਇਕ ਅਧਿਕਾਰੀ ਵੱਲੋਂ ਕੀਤੀ ਜਾਂਦੀ ਹੈ। ਇਹ ਬੋਰਡ ਦਾਖ਼ਲੇ ਅਤੇ ਇਲਾਜ ਸਬੰਧੀ ਫ਼ੈਸਲਿਆਂ ਦੀ ਸੁਤੰਤਰ ਸਮੀਖਿਆ, ਸ਼ਿਕਾਇਤਾਂ ਅਤੇ ਅਧਿਕਾਰਾਂ ਦੀ ਉਲੰਘਣਾ ਸਬੰਧੀ ਸੁਣਵਾਈ, ਅਗਾਊਂ ਨਿਰਦੇਸ਼ਾਂ ਅਤੇ ਨਾਮਜ਼ਦ ਨੁਮਾਇੰਦਿਆਂ ਦੀ ਸਮੀਖਿਆ ਅਤੇ ਲੋੜ ਪੈਣ 'ਤੇ ਮਾਨਸਿਕ ਸਿਹਤ ਸੰਸਥਾਵਾਂ ਦਾ ਨਿਰੀਖਣ ਵੀ ਕਰਦਾ ਹੈ।

ਇਹ ਅਥਾਰਟੀ ਵੱਖ-ਵੱਖ ਵਿਭਾਗਾਂ ਦੇ ਪ੍ਰਸ਼ਾਸਕਾਂ ਅਤੇ ਮਾਹਿਰਾਂ ਨੂੰ ਇੱਕ ਮੰਚ 'ਤੇ ਲਿਆਉਂਦੀ ਹੈ। ਐਕਟ ਦੇ ਅਨੁਸਾਰ, ਇਸ ਦੀ ਅਗਵਾਈ ਸਿਹਤ ਵਿਭਾਗ ਦੇ ਪ੍ਰਮੁੱਖ ਸਕੱਤਰ ਵੱਲੋਂ ਕੀਤੀ ਜਾਂਦੀ ਹੈ। ਚੇਅਰਪਰਸਨ ਤੋਂ ਇਲਾਵਾ ਸਿਹਤ, ਮੈਡੀਕਲ ਸਿੱਖਿਆ ਅਤੇ ਸਮਾਜਿਕ ਭਲਾਈ ਵਿਭਾਗਾਂ ਦੇ ਹੋਰ ਸੀਨੀਅਰ ਅਧਿਕਾਰੀ ਵੀ ਇਸ ਵਿੱਚ ਸ਼ਾਮਲ ਹੁੰਦੇ ਹਨ। ਇਸ ਵੇਲੇ ਪ੍ਰਸ਼ਾਸਨਿਕ ਅਤੇ ਭਾਈਚਾਰਕ ਦੋਵਾਂ ਪੱਧਰਾਂ 'ਤੇ ਨੁਮਾਇੰਦਗੀ ਯਕੀਨੀ ਬਣਾਉਣ ਲਈ ਸੂਬੇ ਨੇ ਅਥਾਰਟੀ ਵਿੱਚ ਗੈਰ-ਸਰਕਾਰੀ ਮੈਂਬਰਾਂ ਦੇ ਨਾਮ ਨਾਮਜ਼ਦ ਕੀਤੇ ਹਨ। ਸੂਬਾ ਹੁਣ ਅਥਾਰਟੀ ਵਿੱਚ ਮਨੋਚਿਕਿਤਸਕਾਂ, ਮਾਨਸਿਕ ਬੀਮਾਰੀ ਤੋਂ ਪੀੜਤ ਲੋਕਾਂ ਦੇ ਨੁਮਾਇੰਦਿਆਂ, ਦੇਖਭਾਲ ਕਰਨ ਵਾਲਿਆਂ, ਗੈਰ-ਸਰਕਾਰੀ ਸੰਗਠਨਾਂ (ਐਨਜੀਓਜ਼) ਅਤੇ ਹੋਰ ਪ੍ਰਮੁੱਖ ਹਿੱਸੇਦਾਰਾਂ ਨੂੰ ਵੀ ਸ਼ਾਮਲ ਕਰ ਰਿਹਾ ਹੈ। ਇਸ ਨਾਲ ਮਾਨਸਿਕ ਸਿਹਤ ਅਤੇ ਨਸ਼ਿਆਂ ਵਿਰੁੱਧ ਲੜਾਈ ਨੂੰ ਲੋਕ ਲਹਿਰ ਬਣਾਉਣ ਦੇ ਸਰਕਾਰ ਦੇ ਯਤਨਾਂ ਨੂੰ ਹੋਰ ਮਜ਼ਬੂਤੀ ਮਿਲੇਗੀ।

ਇਹ ਪਹਿਲ ਇਸ ਲਈ ਵੀ ਮਹੱਤਵਪੂਰਨ ਹੈ ਕਿਉਂਕਿ ਪੰਜਾਬ ਟੈਲੀ-ਮਾਨਸਿਕ ਸਿਹਤ ਸੇਵਾਵਾਂ, ਕਾਊਂਸਲਿੰਗ ਸਬੰਧੀ ਪਹਿਲਕਦਮੀਆਂ ਅਤੇ ਭਾਈਚਾਰਾ-ਆਧਾਰਿਤ ਉਪਰਾਲਿਆਂ ਰਾਹੀਂ ਜ਼ਿਲ੍ਹਾ ਪੱਧਰ 'ਤੇ ਆਪਣੇ ਮਾਨਸਿਕ ਸਿਹਤ ਢਾਂਚੇ ਦਾ ਵਿਸਥਾਰ ਕਰ ਰਿਹਾ ਹੈ। ਸੂਬੇ ਦੀ ਮੁੱਖ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਸ਼ੁਰੂ ਹੋਣ ਤੋਂ ਬਾਅਦ ਮੌਜੂਦਾ ਮਾਨਸਿਕ ਸਿਹਤ ਸੇਵਾਵਾਂ ਦੇ ਵਿਸਥਾਰ ਵਿੱਚ ਤੇਜ਼ੀ ਆਈ ਹੈ। ਐਸਐਮਐਚਏ ਇਨ੍ਹਾਂ ਸਾਰੇ ਯਤਨਾਂ ਨੂੰ ਇੱਕ ਮਜ਼ਬੂਤ ਪ੍ਰਬੰਧ ਅਧੀਨ ਲਿਆਵੇਗੀ ਅਤੇ ਇਹ ਯਕੀਨੀ ਬਣਾਏਗੀ ਕਿ ਮਰੀਜ਼ਾਂ ਨੂੰ ਨਿਰਧਾਰਤ ਕੌਮੀ ਮਾਪਦੰਡਾਂ ਅਨੁਸਾਰ ਇਲਾਜ ਅਤੇ ਦੇਖਭਾਲ ਮਿਲੇ। ਇਸ ਸਬੰਧੀ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਐਸਐਮਐਚਏ ਵਿੱਚ ਮੈਂਟਲ ਹੈਲਥਕੇਅਰ ਐਕਟ ਵਿੱਚ ਦਰਸਾਏ ਅਨੁਸਾਰ ਭਾਈਚਾਰੇ ਦੇ ਲੋਕਾਂ ਦੀ ਸ਼ਮੂਲੀਅਤ ਨਾਲ ਮਾਨਸਿਕ ਬੀਮਾਰੀ ਤੋਂ ਪੀੜਤ ਲੋਕਾਂ ਦੀ ਖ਼ੁਦਮੁਖ਼ਤਿਆਰੀ, ਮਾਣ-ਸਨਮਾਨ ਅਤੇ ਕਾਨੂੰਨੀ ਅਧਿਕਾਰਾਂ ਦੀ ਹੋਰ ਬਿਹਤਰ ਸੁਰੱਖਿਆ ਯਕੀਨੀ ਬਣਾਉਣ ਵਿੱਚ ਮਦਦ ਮਿਲੇਗੀ। ਇਸ ਵਿੱਚ ਨਸ਼ੇ ਦੀ ਲਤ ਨਾਲ ਜੂਝ ਰਹੇ ਲੋਕ ਵੀ ਸ਼ਾਮਲ ਹਨ। ਉਨ੍ਹਾਂ ਕਿਹਾ, ਸੂਬਾ ਮਾਨਸਿਕ ਸਿਹਤ ਅਥਾਰਟੀ ਦੇ ਪੁਨਰਗਠਨ ਨਾਲ ਪੰਜਾਬ ਇੱਕ ਅਜਿਹੀ ਮਰੀਜ਼-ਕੇਂਦਰਿਤ ਅਤੇ ਅਧਿਕਾਰ-ਆਧਾਰਿਤ ਮਾਨਸਿਕ ਸਿਹਤ ਪ੍ਰਣਾਲੀ ਤਿਆਰ ਕਰਨ ਨੂੰ ਤਰਜੀਹ ਦੇ ਰਿਹਾ ਹੈ, ਜੋ ਵਧੇਰੇ ਜਵਾਬਦੇਹ ਹੋਵੇ ਅਤੇ ਸੂਬੇ ਭਰ ਵਿੱਚ ਮਾਨਸਿਕ ਸਿਹਤ ਅਤੇ ਨਸ਼ਾ-ਮੁਕਤੀ ਸੇਵਾਵਾਂ ਦੀ ਵਧਦੀ ਮੰਗ ਨੂੰ ਪੂਰਾ ਕਰਨ ਦੇ ਸਮਰੱਥ ਹੋਵੇ।

# ਚੌਧਰੀਆਂ ਦੀ ਚਖੰਡੀ (ਸ਼ਿਵ ਮੰਦਿਰ) ਵਿੱਚ ਲਗਾਇਆ ਗਿਆ ਮਾਲ ਪੂੜੇ ਅਤੇ ਖੀਰ ਦਾ ਵਿਸ਼ਾਲ ਲੰਗਰ



**ਮੋਰਿੰਡਾ, 19 ਅਗਸਤ/ਰਾਧੇ ਸ਼ਾਮ ਸ਼ਰਮਾ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਵਣ ਮਹੀਨੇ ਦੀ ਸ਼ਿਵਰਾਤਰੀ (ਤਰਿਉਦਸ਼ੀ) ਦੇ ਉਪਲਕਸ਼ ਵਿੱਚ ਸ਼ਿਵ ਮੰਦਿਰ ਚੌਧਰੀ ਦੀ ਚਖੰਡੀ ਵਿੱਚ ਰਾਤ 7 ਵਜੇ ਤੋਂ ਅਟੁੱਟ ਭੰਡਾਰਾ ਚਲਾਇਆ ਗਿਆ। ਜਾਣਕਾਰੀ ਦਿੰਦੇ ਹੋਏ ਪ੍ਰਧਾਨ ਜਸਪਾਲ ਸਿੰਘ ਚੌਧਰੀ ਨੇ ਦੱਸਿਆ ਕਿ ਲੰਗਰ ਵਿੱਚ ਮਾਲ ਪੂੜੇ ਖੀਰ ਅਤੇ ਹੋਰ ਕਈ ਵਿਅੰਜਨ ਲੰਗਰ ਵਿੱਚ ਸੰਗਤਾਂ ਨੂੰ ਵੰਡੇ ਗਏ।

ਇਸ ਮੌਕੇ ਤੇ ਸੋਨੀ ਰਾਣਾ, ਵਿਜੇ ਰਾਣਾ, ਰਾਧੇ ਸ਼ਾਮ ਸ਼ਰਮਾ, ਮਨੀ, ਦਿਨੇਸ਼ ਕੁਮਾਰ ਚੀਕਾ, ਸਚਿਨ, ਮੰਗਲ ਸੈਨ, ਨੀਰੂ ਰਾਣਾ, ਰੇਖਾ ਰਾਣੀ, ਪੁਸ਼ਪਾ ਰਾਣੀ, ਮਧੂ ਰਾਣਾ, ਰੇਨੂ ਰਾਣਾ, ਮੀਨਾ ਰਾਣੀ, ਸੋਨੀਆ ਸ਼ਰਮਾ, ਪ੍ਰੀਤੀ ਰਾਣਾ, ਊਸ਼ਾ ਰਾਣੀ, ਪੁਸ਼ਪਾ ਰਾਣੀ, ਹੇਮਾ ਰਾਣੀ, ਆਦਿ ਵੱਲੋਂ ਲੰਗਰ ਵਿੱਚ ਸੇਵਾ ਨਿਭਾਈ ਗਈ।

# ਹਰਭਜਨ ਸਿੰਘ ਈ.ਟੀ.ਓ. ਨੇ ਪੰਜਾਬ ਭਰ ਦੇ ਸੜਕ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ, ਮਾਨਸੂਨ ਸੀਜ਼ਨ ਵਿੱਚ ਸੜਕੀ ਆਵਾਜਾਈ ਨਿਰਵਿਘਨ ਚਲਾਈ ਰੱਖਣ ਦੇ ਦਿੱਤੇ ਨਿਰਦੇਸ਼

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਪੰਜਾਬ ਭਵਨ ਵਿਖੇ ਹੋਈ ਮੀਟਿੰਗ ਦੌਰਾਨ ਪੰਜਾਬ ਭਰ ਵਿੱਚ ਸੜਕ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬਾ ਵਾਸੀਆਂ ਨੂੰ ਬਿਹਤਰ ਅਵਾਜਾਈ ਨੈਟਵਰਕ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।



ਕੈਬਨਿਟ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸੂਬੇ ਵਿਚ 45000 ਕਿਲੋਮੀਟਰ ਸੜਕਾਂ ਦੇ ਨਿਰਮਾਣ ਅਤੇ ਨਵੀਨੀਕਰਨ ਦੇ ਕੰਮ ਕਰਵਾਏ ਜਾ ਰਹੇ ਹਨ। ਮੀਟਿੰਗ ਦੌਰਾਨ ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰ ਖੇਤਰ ਵਿੱਚ ਆਉਣ ਵਾਲੇ ਰਾਜ ਮਾਰਗਾਂ ਅਤੇ ਲਿੰਕ ਸੜਕਾਂ ਨਾਲ ਸਬੰਧਤ ਚੱਲ ਰਹੇ ਕੰਮਾਂ ਦੀ ਹਲਕਾ ਅਤੇ ਮੰਡਲ-ਵਾਰ ਸਥਿਤੀ ਦਾ ਮੁਲਾਂਕਣ ਕੀਤਾ।

ਮਿੱਥੇ ਸਮੇ ਵਿੱਚ ਕੰਮਾਂ ਨੂੰ ਮੁਕੰਮਲ ਕਰਨ ਤੇ ਜ਼ੋਰ ਦਿੰਦਿਆਂ ਕੈਬਨਿਟ ਮੰਤਰੀ ਨੇ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਾਨਸੂਨ ਸੀਜ਼ਨ ਦੌਰਾਨ ਵਿਭਾਗ ਅਧੀਨ ਆਉਂਦੀਆਂ ਸੜਕਾਂ ਦਾ ਲਗਾਤਾਰ ਨਿਰੀਖਣ ਕਰਕੇ ਆਵਾਜਾਈ ਨਿਰਵਿਘਨ ਜਾਰੀ ਰੱਖੀ ਜਾਵੇ। ਮੌਨਸੂਨ ਮੌਸਮ ਵਿੱਚ ਜਦੋਂ ਲੁੱਕ ਦੇ ਕੰਮ ਨਹੀਂ ਚਲ ਸਕਦੇ, ਡਬਲਿਊ. ਬੀ. ਐਮ. ਸੜਕਾਂ ਦੀ ਰੋਲਿੰਗ ਕਰਕੇ ਬਾਰਿਸ਼ਾਂ ਉਪਰੰਤ ਲੁੱਕ ਦੇ ਕੰਮ ਲਈ ਤਿਆਰ ਕਰਨ ਲਈ ਵੀ ਸੇਧ ਦਿੱਤੀ ਗਈ। ਉਨ੍ਹਾਂ ਨੇ ਮਹਿਕਮੇ ਦੇ ਅਧਿਕਾਰੀਆਂ ਨੂੰ ਪ੍ਰਗਤੀ ਦੀ ਰੋਜ਼ਾਨਾ ਆਧਾਰ 'ਤੇ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਕੰਮਾਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ।ਗੁਰੂ ਰਵਿਦਾਸ ਜੀ ਦੇ 650ਵੇਂ ਜਨਮ ਦਿਹਾੜੇ ਸਬੰਧੀ ਆਦਮਪੁਰ ਨੂੰ ਲਗਦੇ ਹਾਈਵੇ ਕੰਮਾਂ ਦਾ ਵੀ ਜਾਇਜਾ ਲਿਆ ਗਿਆ।

ਕੁਆਲਿਟੀ ਕੰਟਰੋਲ 'ਤੇ ਜ਼ੋਰ ਦਿੰਦਿਆਂ ਲੋਕ ਨਿਰਮਾਣ ਮੰਤਰੀ ਨੇ ਅਧਿਕਾਰੀਆਂ ਨੂੰ ਚੰਗੀ ਮਿਆਰ ਦੇ ਕੰਮ ਕਰਵਾਉਣ ਨੂੰ ਯਕੀਨੀ ਬਣਾਉਣ ਦੀ ਸਰਕਾਰ ਦੀ ਨੀਤੀ ਬਾਰੇ ਆਗਾਹ ਕੀਤਾ ਤਾਂ ਜੋ ਲੋਕਾਂ ਦਾ ਪੈਸਾ ਕਿਸੇ ਵੀ ਰੂਪ ਵਿੱਚ ਬਰਬਾਦ ਨਾ ਹੋਵੇ। ਉਨ੍ਹਾਂ ਅੱਗੇ ਹਦਾਇਤ ਕੀਤੀ ਕਿ ਸਬੰਧਤ ਅਧਿਕਾਰੀਆਂ ਵੱਲੋਂ ਹਰ ਪੱਧਰ 'ਤੇ ਨਿਰੰਤਰ ਜਾਂਚ ਅਤੇ ਨਿਰੀਖਣ ਕੀਤਾ ਜਾਵੇ ਤਾਂ ਜੋ ਜ਼ਮੀਨੀ ਪੱਧਰ 'ਤੇ ਉੱਚ ਮਿਆਰਾਂ ਨੂੰ ਸਖ਼ਤੀ ਨਾਲ ਕਾਇਮ ਰੱਖਿਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਹਰ ਪੜਾਅ 'ਤੇ ਲੋੜੀਂਦੇ ਸਾਈਨ ਬੋਰਡ, ਲੇਨ ਮਾਰਕਿੰਗ ਅਤੇ ਕੁਆਲਿਟੀ ਕੰਟਰੋਲ ਮਾਪਦੰਡਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ।

ਕੈਬਨਿਟ ਮੰਤਰੀ ਨੇ ਸਾਰੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਫੰਡਾਂ ਸਬੰਧੀ ਬਕਾਇਆ ਮੰਗਾਂ ਤੁਰੰਤ ਦਰਜ ਕਰਕੇ ਅਦਾਇਗੀਆਂ ਕੀਤੀਆਂ ਜਾਣ ਤਾਂ ਜੋ ਕੰਮਾਂ ਦੀ ਪ੍ਰਗਤੀ ਵਿੱਚ ਕੋਈ ਦੇਰੀ ਨਾ ਹੋਵੇ।

ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਉਹ ਮੁੜ ਛੇਤੀ ਹੀ ਕੰਮਾਂ ਦੀ ਪ੍ਰਗਤੀ ਦੀ ਦੁਬਾਰਾ ਸਮੀਖਿਆ ਕਰਨਗੇ।

ਮੀਟਿੰਗ ਵਿੱਚ ਸਕੱਤਰ ਲੋਕ ਨਿਰਮਾਣ ਰਵੀ ਭਗਤ, ਸੰਯੁਕਤ ਸਕੱਤਰ ਅਮਰਬੀਰ ਸਿੱਧੂ,ਇੰਜੀਨੀਅਰ-ਇਨ-ਚੀਫ਼ ਸ੍ਰੀ ਗਗਨਦੀਪ ਸਿੰਘ, ਮੁੱਖ ਇੰਜੀਨੀਅਰਜ਼ ਸ੍ਰੀ ਅਨਿਲ ਗੁਪਤਾ, ਸ੍ਰੀ ਅਰਸ਼ਦੀਪ ਸਿੰਘ, ਅਤੇ ਸੁਪਰੀਟੇਂਡਿੰਗ ਇੰਜੀਨੀਅਰਜ਼ ਸਣੇ ਕਾਰਜਕਾਰੀ ਇੰਜੀਨੀਅਰ ਸ਼ਾਮਿਲ ਸਨ।

# ਸ਼੍ਰੋਮਣੀ ਅਕਾਲੀ ਦਲ 'ਚ ਹਲਕਾ ਸਮਰਾਲਾ ਦੇ ਮਾਛੀਵਾੜਾ ਦੇ ਆਗੂਆਂ ਨੂੰ ਮਿਲੀਆਂ ਅਹਿਮ ਜ਼ਿੰਮੇਵਾਰੀਆਂ



**ਮਾਛੀਵਾੜਾ ਸਾਹਿਬ, 19 ਅਗਸਤ**
**-ਸਤੀਸ਼ ਕੁਮਾਰ-**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਸਮਰਾਲਾ ਦੇ ਸ਼ਹਿਰ ਮਾਛੀਵਾੜਾ ਦੇ ਅਕਾਲੀ ਆਗੂਆਂ ਨੂੰ ਪਾਰਟੀ ਵੱਲੋਂ ਵੱਡੀ ਜਿੰਮੇਵਾਰੀ ਦਿੰਦਿਆਂ ਪੀ.ਏ.ਸੀ.ਮੈਂਬਰ ਨਾਮਜ਼ਦ ਕੀਤਾ ਗਿਆ ਹੈ,ਜਿਸ ਨਾਲ ਮਾਛੀਵਾੜਾ ਇਲਾਕੇ ਦੇ ਅਕਾਲੀ ਆਗੂਆਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ।ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸਮਰਾਲਾ ਹਲਕੇ ਦੇ ਤਿੰਨ ਅਤੇ ਇਸ ਵਿੱਚੋਂ ਮਾਛੀਵਾੜਾ ਸਾਹਿਬ ਨਾਲ ਸਬੰਧਤ ਦੋ ਆਗੂਆਂ ਨੂੰ ਪੀ.ਏ.ਸੀ. 'ਚ ਮੈਂਬਰ ਨਿਯੁਕਤ ਕਰਨ ਨਾਲ ਹਲਕੇ ਦੇ ਲੋਕਾਂ 'ਚ ਭਾਰੀ ਉਤਸ਼ਾਹ ਹੈ। ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਦਿਹਾਤੀ ਤੇ ਹਲਕਾ ਇੰਚਾਰਜ ਸਮਰਾਲਾ ਪਰਮਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਸਮਰਾਲਾ ਹਲਕੇ ਤੋਂ ਆਲਮਦੀਪ ਸਿੰਘ ਮੱਲਮਾਜਰਾ, ਹਰਜੀਤ ਸਿੰਘ ਸ਼ੇਰੀਆਂ ਤੇ ਟਹਿਲ ਸਿੰਘ ਔਜਲਾ ਨੂੰ ਪੀ.ਏ.ਸੀ. ਦੇ ਮੈਂਬਰ ਨਾਮਜ਼ਦ ਕੀਤਾ ਗਿਆ ਹੈ। ਇਹ ਸਾਡੇ ਲਈ ਮਾਣ ਤੇ ਗੌਰਵ ਵਾਲੀ ਗੱਲ ਹੈ ਕਿ ਇਕ ਹਲਕੇ ਵਿੱਚੋਂ ਤਿੰਨ ਮੈਂਬਰ ਚੁਣੇ ਜਾਣਾ ਇਸ ਗੱਲ ਦੀ ਗਵਾਹੀ ਭਰ ਰਿਹਾ ਹੈ ਕਿ ਸਮਰਾਲਾ 'ਚ ਸ਼੍ਰੋਮਣੀ ਅਕਾਲੀ ਦਲ ਦਾ ਅਧਾਰ ਪੂਰੀ ਤਰ੍ਹਾਂ ਕਾਇਮ ਹੋ ਚੁੱਕਾ ਹੈ।

ਆਗੂਆਂ ਨੇ ਧੰਨਵਾਦ ਕਰਦਿਆਂ ਕਿਹਾ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੇ ਸਾਨੂੰ ਸੌਂਪੀ ਹੈ, ਉਸ ਨੂੰ ਪੂਰੀ ਈਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ਤੇ ਸਮਰਾਲਾ ਹਲਕੇ 'ਚ ਸ਼੍ਰੋਮਣੀ ਅਕਾਲੀ ਦਲ ਦੇ ਉਥਾਨ ਲਈ ਦਿਨ-ਰਾਤ ਇਕ ਕਰ ਦੇਣਗੇ। ਜ਼ਿਲ੍ਹਾ ਪਰਿਸ਼ਦ ਮੈਂਬਰ ਹਰਜੋਤ ਸਿੰਘ ਮਾਂਗਟ,ਸਾਬਕਾ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਹਰਜਿੰਦਰ ਸਿੰਘ ਖੇੜਾ, ਸਾਬਕਾ ਪ੍ਰਧਾਨ ਅਮਰੀਕ ਸਿੰਘ ਔਜਲਾ, ਨੰਬਰਦਾਰ ਦਰਸ਼ਨ ਸਿੰਘ ਮਿੱਠੇਵਾਲ, ਅਰੁਣ ਲੂਥਰਾ, ਅਰਵਿੰਦਰਪਾਲ ਸਿੰਘ ਵਿੱਕੀ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਐਡਵੋਕੇਟ ਗੁਰਜੀਤ ਸਿੰਘ ਮਿੱਠੇਵਾਲ, ਕੁਲਜਿੰਦਰ ਸਿੰਘ ਖੇੜਾ, ਵਿਨੀਤ ਜੈਨ, ਸੁਰਜੀਤ ਕਾਹਲੋਂ, ਮਿੰਟੂ ਸਿੰਘ ਰਾਮਗੜ੍ਹ, ਹਰਵਿੰਦਰ ਸ਼ੇਰੀਆਂ, ਅਮਰ ਸਿੰਘ ਹੇਠੋਂ, ਗੁਰਮੀਤ ਗਰੇਵਾਲ, ਨਰਿੰਦਰ ਸਿੰਘ ਮਾਂਗਟ, ਹਰਵਿੰਦਰ ਸਿੰਘ,ਨੇ ਕਿਹਾ ਕਿ ਪਾਰਟੀ ਨੇ ਯੋਗ ਆਗੂਆਂ ਨੂੰ ਅਹੁਦਾ ਦੇ ਕੇ ਮਾਣ ਬਖ਼ਸ਼ਿਆ ਹੈ, ਜੋ ਪਾਰਟੀ ਦੀਆਂ ਉਮੀਦਾਂ 'ਤੇ ਖਰਾ ਉਤਰਨਗੇ।

# ਰਾਜਪਾਲ ਨੇ ਸੁਖਨਾ ਝੀਲ 'ਤੇ 'ਹਰ ਘਰ ਤਿਰੰਗਾ' ਵਾਕਾਥੌਨ ਵਿੱਚ ਹਿੱਸਾ ਲਿਆ, ਨਾਗਰਿਕਾਂ ਨੂੰ ਰਾਸ਼ਟਰੀ ਕਦਰਾਂ-ਕੀਮਤਾਂ ਅਪਣਾਉਣ ਦੀ ਤਾਕੀਦ ਕੀਤੀ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸੁਖਨਾ ਝੀਲ 'ਤੇ 'ਹਰ ਘਰ ਤਿਰੰਗਾ' ਵਾਕਾਥੌਨ ਵਿੱਚ ਹਿੱਸਾ ਲਿਆ। ਇਹ ਆਯੋਜਨ 'ਵੰਦੇ ਮਾਤਰਮ' ਦੀ ਭਾਵਨਾ ਅਤੇ ਭਾਰਤ ਦੇ ਸੁਤੰਤਰਤਾ ਸੈਨਾਨੀਆਂ ਦੇ ਸਾਹਸ ਅਤੇ ਬਲੀਦਾਨ ਨੂੰ ਸਨਮਾਨਿਤ ਕਰਨ ਲਈ ਸਮਰਪਿਤ ਸੀ। ਇਸ ਅਵਸਰ 'ਤੇ ਮੁੱਖ ਸਕੱਤਰ ਸ਼੍ਰੀ ਐਚ. ਰਾਜੇਸ਼ ਪ੍ਰਸਾਦ, ਗ੍ਰਹਿ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ ਅਤੇ ਟੂਰਿਜ਼ਮ-ਅਤੇ-ਸੱਭਿਆਚਾਰ ਸਕੱਤਰ ਡਾ. ਸਈਦ ਆਬਿਦ ਰਸ਼ੀਦ ਸ਼ਾਹ ਵੀ ਉਪਸਥਿਤ ਰਹੇ।



ਪ੍ਰਸ਼ਾਸਕ ਨੇ ਕਿਹਾ ਕਿ ਵਾਕਾਥੌਨ ਨੇ ਰਾਸ਼ਟਰ-ਭਗਤੀ, ਰਾਸ਼ਟਰੀ ਏਕਤਾ, ਸਮਾਜਿਕ ਸਦਭਾਵ, ਤੰਦਰੁਸਤ ਜੀਵਨਸ਼ੈਲੀ ਅਤੇ ਸਰਗਰਮ ਨਾਗਰਿਕਤਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਕਿਹਾ ਕਿ ਭਾਰਤ ਸਰਕਾਰ ਦੇ ਸੱਭਿਆਚਾਰ ਮੰਤਰਾਲੇ ਦੀ ਪਹਿਲ 'ਹਰ ਘਰ ਤਿਰੰਗਾ' ਮੁਹਿੰਮ 9 ਤੋਂ 17 ਅਗਸਤ ਤੱਕ ਦੇਸ਼ਭਰ ਵਿੱਚ ਆਯੋਜਿਤ ਕੀਤੀ ਜਾ ਰਹੀ ਹੈ, ਜਿਸ ਦਾ ਉਦੇਸ਼ ਨਾਗਰਿਕਾਂ ਨੂੰ ਸੁਤੰਤਰਤਾ ਸੈਨਾਨੀਆਂ ਦੇ ਬਲੀਦਾਨ ਨੂੰ ਯਾਦ ਕਰਨ ਅਤੇ ਤਿਰੰਗੇ ਦੀ ਭਾਵਨਾ ਨੂੰ ਹਰ ਘਰ ਤੱਕ ਪਹੁੰਚਾਉਣ ਲਈ ਪ੍ਰੇਰਿਤ ਕਰਨਾ ਹੈ।

ਸ਼੍ਰੀ ਕਟਾਰੀਆ ਨੇ ਵਿਸ਼ੇਸ਼ ਕਰਕੇ ਨੌਜਵਾਨਾਂ ਨੂੰ ਰਾਸ਼ਟਰੀ ਝੰਡੇ ਦਾ ਸਨਮਾਨ ਕਰਨ ਅਤੇ ਸੁਤੰਤਰਤਾ ਸੈਨਾਨੀਆਂ ਦੇ ਬਲੀਦਾਨ ਨੂੰ ਯਾਦ ਰੱਖਣ, ਤੰਦਰੁਸਤ ਜੀਵਨਸ਼ੈਲੀ ਅਪਣਾਉਣ ਅਤੇ ਨਸ਼ੇ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦੀ ਤਾਕੀਦ ਕੀਤੀ। ਉਨ੍ਹਾਂ ਨੇ ਨਾਗਰਿਕਾਂ ਨੂੰ ਰਾਸ਼ਟਰੀ ਏਕਤਾ, ਸੰਵਿਧਾਨਕ ਕਦਰਾਂ-ਕੀਮਤਾਂ, ਵਾਤਾਵਰਣ ਸੁਰੱਖਿਆ ਅਤੇ ਸਮਾਜਿਕ ਸਦਭਾਵ ਨੂੰ ਮਜ਼ਬੂਤ ਕਰਨ ਵਿੱਚ ਯੋਗਦਾਨ ਦੇਣ ਦਾ ਸੱਦਾ ਵੀ ਦਿੱਤਾ। ਉਨ੍ਹਾਂ ਨੇ ਵਾਕਾਥੌਨ ਵਿੱਚ ਸਰਗਰਮ ਭਾਗੀਦਾਰੀ ਅਤੇ ਸਹਿਯੋਗ ਲਈ ਸਾਰੇ ਵਿਭਾਗਾਂ, ਸੰਗਠਨਾਂ, ਸੰਸਥਾਵਾਂ, ਨੌਜਵਾਨਾਂ ਅਤੇ ਨਾਗਰਿਕਾਂ ਦੀ ਸ਼ਲਾਘਾ ਕੀਤੀ।

ਇਸ ਸਮਾਗਮ ਦੇ ਦੌਰਾਨ ਨਾਗਰਿਕਾਂ ਨੂੰ 'ਹਰ ਘਰ ਤਿਰੰਗਾ' ਮੁਹਿੰਮ ਵਿੱਚ ਹਿੱਸਾ ਲੈਣ ਲਈ ਆਪਣੇ ਘਰਾਂ, ਕਾਰਜ ਸਥਾਨਾਂ ਅਤੇ ਸੰਸਥਾਵਾਂ 'ਤੇ ਤਿਰੰਗਾ ਲਹਿਰਾਉਣ/ ਪ੍ਰਦਰਸ਼ਿਤ ਕਰਨ, ਰਾਸ਼ਟਰੀ ਝੰਡੇ ਨਾਲ ਸੈਲਫੀ ਲੈ ਕੇ ਹਰ ਘਰ ਤਿਰੰਗਾ ਪੋਰਟਲ 'ਤੇ ਅਪਲੋਡ ਕਰਕੇ ਡਿਜੀਟਲ ਸਰਟੀਫਿਕੇਟ ਪ੍ਰਾਪਤ ਕਰਨ ਅਤੇ ਸੋਸ਼ਲ ਮੀਡੀਆ 'ਤੇ #HarGharTiranga ਅਤੇ #HGT2026 ਦੇ ਜ਼ਰੀਏ ਆਪਣੀ ਭਾਗੀਦਾਰੀ ਸਾਂਝੀ ਕਰਨ ਲਈ ਪ੍ਰੋਤਸਾਹਿਤ ਕੀਤਾ ਗਿਆ। ਪ੍ਰਸ਼ਾਸਕ ਨੇ ਇਸ ਅਵਸਰ 'ਤੇ 'ਨਸ਼ਾ ਮੁਕਤ' ਸਹੁੰ ਵੀ ਚੁਕਾਈ, ਜਿਸ ਵਿੱਚ ਪ੍ਰਤੀਭਾਗੀਆਂ ਨੇ ਨਸ਼ੇ ਤੋਂ ਦੂਰ ਰਹਿਣ ਅਤੇ ਤੰਦਰੁਸਤ, ਨਸ਼ਾਮੁਕਤ ਸਮਾਜ ਦੇ ਨਿਰਮਾਣ ਵਿੱਚ ਯੋਗਦਾਨ ਦੇਣ ਦਾ ਸੰਕਲਪ ਲਿਆ।

ਇਸ ਸਮਾਗਮ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ, ਵਿਦਿਆਰਥੀ, ਚੰਡੀਗੜ੍ਹ ਦੇ ਨਾਗਰਿਕ, ਸਵੈ-ਸੇਵੀ ਸੰਗਠਨਾਂ ਦੇ ਪ੍ਰਤੀਨਿਧੀ ਵੀ ਉਪਸਥਿਤ ਰਹੇ।

# ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਮਲੋਆ ਵਿਖੇ ਨਵੇਂ ਬਲਾਕ ਦਾ ਨੀਂਹ ਪੱਥਰ ਰੱਖਿਆ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਮਲੋਆ ਵਿਖੇ ਇੱਕ ਨਵੇਂ ਬਲਾਕ ਦਾ ਨੀਂਹ ਪੱਥਰ ਰੱਖਿਆ। ਇਹ ਚੰਡੀਗੜ੍ਹ ਵਿੱਚ ਵਿੱਦਿਅਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਹੈ। ਸ਼੍ਰੀ ਸੌਰਭ ਜੋਸ਼ੀ, ਮੇਅਰ, ਚੰਡੀਗੜ੍ਹ; ਸ਼੍ਰੀ ਐਚ. ਰਾਜੇਸ਼ ਪ੍ਰਸਾਦ, ਆਈਏਐੱਸ, ਮੁੱਖ ਸਕੱਤਰ, ਯੂਟੀ ਚੰਡੀਗੜ੍ਹ; ਸੁਸ਼੍ਰੀ ਪ੍ਰੇਰਣਾ ਪੁਰੀ, ਆਈਏਐੱਸ, ਸਕੱਤਰ ਸਿੱਖਿਆ; ਸ਼੍ਰੀ ਨਿਤੀਸ਼ ਸਿੰਗਲਾ, ਪੀਸੀਐੱਸ, ਡਾਇਰੈਕਟਰ ਸਕੂਲ ਸਿੱਖਿਆ; ਸ਼੍ਰੀ ਰਾਜੀਵ ਤਿਵਾਰੀ, ਡਾਇਰੈਕਟਰ ਲੋਕ ਸੰਪਰਕ; ਸ਼੍ਰੀ ਸੀ.ਬੀ. ਓਝਾ, ਮੁੱਖ ਇੰਜੀਨੀਅਰ; ਸ਼੍ਰੀ ਰਾਜੀਵ ਮਹਿਤਾ, ਚੀਫ਼ ਆਰਕੀਟੈਕਟ; ਅਤੇ ਸਿੱਖਿਆ ਵਿਭਾਗ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀ ਇਸ ਅਵਸਰ 'ਤੇ ਉਪਸਥਿਤ ਰਹੇ। ਪ੍ਰਿੰਸੀਪਲ, ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਮਲੋਆ ਡਾ. ਤੇਜਵੀਰ ਕੌਰ ਨੇ ਪਤਵੰਤੇ ਸੱਜਣਾਂ ਦਾ ਸੁਆਗਤ ਕੀਤਾ ਅਤੇ ਸਕੂਲ ਅਤੇ ਉਸ ਦੀਆਂ ਉਪਲਬਧੀਆਂ ਬਾਰੇ ਜਾਣਕਾਰੀ ਦਿੱਤੀ। ਸਕੂਲ ਦੇ ਵਿਦਿਆਰਥੀਆਂ ਨੇ ਦੇਸ਼-ਭਗਤੀ ਗੀਤ ਅਤੇ ਬੰਸਰੀ ਵਾਦਨ ਪ੍ਰਸਤੁਤ ਕੀਤਾ। ਪ੍ਰਸ਼ਾਸਕ ਨੇ ਖੇਡਾਂ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੋਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਨੂੰ ਨਿਰੰਤਰ ਉਤਕ੍ਰਿਸ਼ਟ ਪ੍ਰਦਰਸ਼ਨ ਲਈ ਪ੍ਰੇਰਿਤ ਕੀਤਾ। ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਡਾ. ਏ.ਪੀ.ਜੇ. ਅਬਦੁਲ ਕਲਾਮ ਅਤੇ ਡਾ. ਬੀ.ਆਰ. ਅੰਬੇਡਕਰ ਦੀਆਂ ਉਦਾਹਰਣਾਂ ਦਿੰਦੇ ਹੋਏ ਕਿਹਾ ਕਿ ਦ੍ਰਿੜ੍ਹ ਸੰਕਲਪ ਅਤੇ ਸਿੱਖਿਆ ਦੇ ਮਾਧਿਅਮ ਨਾਲ ਕਠਿਨ ਤੋਂ ਕਠਿਨ ਪਰਿਸਥਿਤੀਆਂ ਦਾ ਸਾਹਮਣਾ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਚੰਡੀਗੜ੍ਹ ਨੇ ਸਕੂਲੀ ਸਿੱਖਿਆ ਦੇ ਖੇਤਰ ਵਿੱਚ ਇੱਕ ਮਜ਼ਬੂਤ ਉਦਾਹਰਣ ਪ੍ਰਸਤੁਤ ਕੀਤੀ ਹੈ ਅਤੇ ਸਿੱਖਿਆ ਮੰਤਰਾਲੇ ਦੇ ਪਰਫਾਰਮੈਂਸ ਗ੍ਰੇਡਿੰਗ ਇੰਡੈਕਸ ਵਿੱਚ ਸਿਖਰਲਾ ਸਥਾਨ ਬਣਾਈ ਰੱਖਦੇ ਹੋਏ ਵਰ੍ਹੇ 2025-26 ਵਿੱਚ 'ਉੱਤਮ-3' ਗ੍ਰੇਡ ਹਾਸਲ ਕੀਤਾ ਹੈ। ਉਨ੍ਹਾਂ ਨੇ ਦੱਸਿਆ ਕਿ 10ਵੀਂ ਅਤੇ 12ਵੀਂ ਕਲਾਸ ਵਿੱਚ 538 ਸਰਕਾਰੀ ਸਕੂਲ ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਅਧਿਕ ਅੰਕ ਪ੍ਰਾਪਤ ਕੀਤੇ ਹਨ ਅਤੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਮਲੋਆ ਨੇ ਇਸ ਵਰ੍ਹੇ 100 ਪ੍ਰਤੀਸ਼ਤ ਪਰਿਣਾਮ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ 10ਵੀਂ ਤੋਂ ਬਾਅਦ ਵਿਦਿਆਰਥੀਆਂ ਲਈ ਕਾਉਂਸਲਿੰਗ ਅਤੇ ਅਨੁਭਵੀ ਪੇਸ਼ੇਵਰਾਂ ਦੁਆਰਾ ਮੈਂਟਰਸ਼ਿਪ ਉਨ੍ਹਾਂ ਨੂੰ ਭਵਿੱਖ ਲਈ ਬਿਹਤਰ ਵਿਕਲਪ ਚੁਣਨ ਅਤੇ ਆਪਣੇ ਪ੍ਰਦਰਸ਼ਨ ਨੂੰ ਹੋਰ ਮਜ਼ਬੂਤ ਕਰਨ ਵਿੱਚ ਮਦਦ ਕਰ ਸਕਦੀ ਹੈ।

# ਗੁਰੂਘਰ ਨਤਮਸਤਕ ਹੋਣ ਗਏ ਸੁਖਬੀਰ ਬਾਦਲ ਤੇ ਹਮਲਾ ਕਰਨਾ ਅਤਿ ਨਿੰਦਣਯੋਗ ਕਾਰਾ: ਮਾਂਗਟ / ਖੇੜਾ

**ਮਾਛੀਵਾੜਾ ਸਾਹਿਬ, 19 ਅਗਸਤ**
**-ਸਤੀਸ਼ ਕੁਮਾਰ-**
**-ਕੌਮੀ ਪੱਤ੍ਰਿਕਾ ਬਿਊਰੋ-**

ਨੰਦੇੜ ਸਾਹਿਬ ਪਰਿਵਾਰ ਸਮੇਤ ਦਰਸ਼ਨ ਕਰਨ ਗਏ ਅਕਾਲੀ ਦਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਨਿਹੰਗ ਬਾਣੇ ਵਿੱਚ ਇੱਕ ਵਿਅਕਤੀ ਵੱਲੋਂ ਹਮਲਾ ਕੀਤਾ ਗਿਆ, ਜਿਸ ਦੌਰਾਨ ਉਹ ਜ਼ਖਮੀ ਹੋ ਗਏ। ਇਹ ਬੇਹੱਦ ਕਾਇਰਤਾ ਭਰਿਆ ਕਾਰਾ ਹੈ, ਜਿਸ ਦੀ ਜਿੰਨੀ ਨਿੰਦਿਆ ਕੀਤੀ ਜਾਵੇ ਉਹ ਘੱਟ ਹੈ।

ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਮਾਛੀਵਾੜਾ ਸਾਹਿਬ ਤੋਂ ਜਿਲ੍ਹਾ ਪ੍ਰੀਸ਼ਦ ਮੈਂਬਰ ਹਰਜੋਤ ਸਿੰਘ ਮਾਂਗਟ ਅਤੇ ਸਾਬਕਾ ਆੜ੍ਹਤੀ ਐਸੋਸੀਏਸ਼ਨ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਨੇ ਕਿਹਾ ਕਿ ਗੁਰੂ ਘਰ ਵਿੱਚ ਕਿਸੇ ਤੇ ਵੀ ਹਮਲਾ ਕਰਨਾ ਮਾੜਾ ਤੇ ਨਿੰਦਣਯੋਗ ਹੈ, ਅਜਿਹਾ ਕੰਮ ਕਰਨਾ ਤੇ ਕਰਾਉਣਾ ਮਾੜੀ ਮਾਨਸਿਕਤਾ ਦਾ ਪ੍ਰਗਟਾਵਾ ਕਰਦਾ ਹੈ। ਉਹਨਾਂ ਕਿਹਾ ਕਿ ਅੱਜ ਪੰਜਾਬ ਦੇ ਲੋਕ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਮੁੜ ਸੱਤਾ ਵਿੱਚ ਦੁਬਾਰਾ ਦੇਖਣਾ ਚਾਹੁੰਦੇ ਹਨ ਤੇ ਅਜਿਹੇ ਘਟੀਆ ਕਾਰੇ ਕਰਕੇ ਉਹਨਾਂ ਨੂੰ ਸੱਤਾ ਵਿੱਚ ਆਉਣ ਤੋਂ ਰੋਕਿਆ ਨਹੀਂ ਜਾ ਸਕਦਾ। ਉਨ੍ਹਾਂ ਸੁਖਬੀਰ ਸਿੰਘ ਬਾਦਲ ਤੇ ਹੋਏ ਹਮਲੇ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਦੋਸ਼ੀ ਵਿਅਕਤੀ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਕੇ ਸਖਤ ਸਜ਼ਾ ਦੇਣ ਦੀ ਮੰਗ ਕੀਤੀ। ਉਹਨਾਂ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੱਗੇ ਪਰਿਵਾਰ ਸਮੇਤ ਸਿਰ ਝੁਕਾਉਣ ਆਏ ਸੁਖਬੀਰ ਬਾਦਲ ਤੇ ਇਹ ਹਮਲਾ ਕਿਸੇ ਵੀ ਕੀਮਤੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਸਿੱਖੀ ਬਾਣੇ ਵਿਚ ਆਕੇ ਕੀਤਾ ਗਿਆ ਇਹ ਹਮਲਾ ਸੁਖਬੀਰ ਸਿੰਘ ਬਾਦਲ ਤੇ ਨਹੀਂ ਸਿੱਖੀ ਬਾਣੇ ਦੇ ਵੀ ਹੈ, ਜਿਸ ਨੂੰ ਬਦਨਾਮ ਕਰਨ ਲਈ ਇਹ ਕੋਝੀ ਚਾਲ ਚਲੀ ਗਈ ਮਹਿਸੂਸ ਹੁੰਦੀ ਹੈ।

# ਪੇਪਰ ਲੀਕ ਕਰਨ ਵਾਲਿਆਂ ਦੀ ਜਾਇਦਾਦ ਜ਼ਬਤ ਕਰਨ 'ਤੇ ਸੁਪਰੀਮ ਕੋਰਟ ਨੇ ਮੰਗਿਆ ਜਵਾਬ

## ਸੁਪਰੀਮ ਕੋਰਟ ਵੱਲੋਂ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਨੋਟਿਸ ਜਾਰੀ

**ਨਵੀਂ ਦਿੱਲੀ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਕੇਂਦਰ ਅਤੇ ਸੂਬਾ ਸਰਕਾਰਾਂ ਤੋਂ ਇੱਕ ਜਨਹਿਤ ਪਟੀਸ਼ਨ 'ਤੇ ਜਵਾਬ ਮੰਗਿਆ ਹੈ, ਜਿਸ ਵਿੱਚ ਪ੍ਰਸ਼ਨ ਪੱਤਰ ਲੀਕ ਕਰਨ ਦੇ ਮਾਮਲਿਆਂ ਵਿੱਚ ਸ਼ਾਮਲ ਅਪਰਾਧੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਚੱਲ-ਅਚੱਲ ਜਾਇਦਾਦ ਜ਼ਬਤ ਕਰਨ ਦੇ ਨਿਰਦੇਸ਼ ਦੇਣ ਦੀ ਅਪੀਲ ਕੀਤੀ ਗਈ ਹੈ।

ਜਸਟਿਸ ਪੀ.ਐਸ. ਨਰਸਿਮ੍ਹਾ ਅਤੇ ਜਸਟਿਸ ਆਲੋਕ ਅਰਾਧੇ ਦੀ ਬੈਂਚ ਨੇ ਵਕੀਲ ਅਸ਼ਵਨੀ ਕੁਮਾਰ ਉਪਾਧਿਆਏ ਦੀ ਪਟੀਸ਼ਨ 'ਤੇ ਕੇਂਦਰ ਸਰਕਾਰ ਅਤੇ ਸੂਬਾ ਸਰਕਾਰਾਂ ਨੂੰ ਨੋਟਿਸ ਜਾਰੀ ਕੀਤਾ ਹੈ।

ਸੁਣਵਾਈ ਦੌਰਾਨ, ਉਪਾਧਿਆਏ ਨੇ ਕਿਹਾ ਕਿ ਉਹ ਪ੍ਰਸ਼ਨ ਪੱਤਰ ਲੀਕ ਮਾਮਲਿਆਂ ਵਿੱਚ ਸਮਾਂ ਸੀਮਾ ਦੇ ਅੰਦਰ ਜਾਂਚ ਅਤੇ ਮੁਕੱਦਮਾ ਯਕੀਨੀ ਬਣਾਉਣ ਦੇ ਉਪਾਵਾਂ ਦੀ ਆਪਣੀ ਮੰਗ 'ਤੇ ਜ਼ੋਰ ਨਹੀਂ ਦੇ ਰਹੇ ਹਨ, ਕਿਉਂਕਿ 'ਸਰਵਜਨਿਕ ਪ੍ਰੀਖਿਆ (ਅਨੁਚਿਤ ਸਾਧਨਾਂ ਦੀ ਰੋਕਥਾਮ) ਸੋਧ ਬਿੱਲ, 2026' ਪਾਸ ਹੋ ਚੁੱਕਿਆ ਹੈ, ਜੋ ਪੇਪਰ ਲੀਕ ਰੋਕਣ ਵਾਲੇ ਕਾਨੂੰਨਾਂ ਨੂੰ ਹੋਰ ਸਖ਼ਤ ਬਣਾਉਂਦਾ ਹੈ। ਸ਼ਿਖਰ ਅਦਾਲਤ ਨੇ ਸੁਣਵਾਈ ਦੀ ਅਗਲੀ ਤਾਰੀਖ 25 ਸਤੰਬਰ ਨਿਰਧਾਰਤ ਕਰ ਦਿੱਤੀ ਹੈ।

ਵਕੀਲ ਅਸ਼ਵਨੀ ਕੁਮਾਰ ਦੂਬੇ ਰਾਹੀਂ ਦਾਇਰ ਇਸ ਪਟੀਸ਼ਨ ਵਿੱਚ ਇਹ ਵੀ ਬੇਨਤੀ ਕੀਤੀ ਗਈ ਕਿ ਦੋਸ਼ੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਪੂਰੀ ਜਾਇਦਾਦ ਦਾ ਮੁਲਾਂਕਣ ਕਰਨ ਲਈ ਕਦਮ ਚੁੱਕੇ ਜਾਣ ਅਤੇ ਉਸ ਅਨੁਸਾਰ ਭ੍ਰਿਸ਼ਟਾਚਾਰ ਰੋਕਥਾਮ ਐਕਟ, ਧਨ ਸੋਧ ਰੋਕਥਾਮ ਐਕਟ, ਬੇਨਾਮੀ ਜਾਇਦਾਦ ਐਕਟ ਅਤੇ ਕਾਲਾ ਧਨ ਐਕਟ ਦੇ ਉਚਿਤ ਪ੍ਰਾਵਧਾਨ ਲਾਗੂ ਕੀਤੇ ਜਾਣ।

ਪਟੀਸ਼ਨ ਵਿੱਚ ਕਿਹਾ ਗਿਆ ਹੈ, ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਇਹ ਨਿਰਦੇਸ਼ ਅਤੇ ਹੁਕਮ ਦਿੱਤਾ ਜਾਵੇ ਕਿ ਪੇਪਰ ਲੀਕ ਦੇ ਮਾਮਲੇ ਵਿੱਚ ਸਜ਼ਾ ਦਿੱਤੀ ਜਾਵੇ, ਸਗੋਂ ਇਸ ਦੇ ਬਾਅਦ ਵਿੱਚ ਇੱਕ ਭੂਗਤੀ ਜਾਵੇ। ਵਿੱਧੀ ਆਯੋਗ ਨੂੰ ਨਿਰਦੇਸ਼ ਦਿੱਤਾ ਜਾਵੇ ਕਿ ਉਹ ਅੰਤਰਰਾਸ਼ਟਰੀ ਤੌਰ-ਤਰੀਕਿਆਂ ਦੀ ਪੜਤਾਲ ਕਰੇ ਅਤੇ ਤਿੰਨ ਮਹੀਨੇ ਦੇ ਅੰਦਰ ਪੇਪਰ ਲੀਕ 'ਤੇ ਇੱਕ ਰਿਪੋਰਟ ਤਿਆਰ ਕਰੇ।

# CJP ਦੇ ਸੰਸਥਾਪਕ Abhijeet Dipke ਨੂੰ NDA ਵਿੱਚ ਸ਼ਾਮਲ ਹੋਣ ਦਾ ਸੱਦਾ

## ਦੀਪਕੇ ਨੇ ਸਿਆਸਤ ਵਿੱਚ ਆਉਣ ਤੋਂ ਕੀਤਾ ਸਾਫ ਇਨਕਾਰ



**ਨਵੀਂ ਦਿੱਲੀ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਕੱਕਰੋਚ ਜਨਤਾ ਪਾਰਟੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੂੰ ਕੇਂਦਰੀ ਮੰਤਰੀ ਅਤੇ ਰਿਪਬਲਿਕਨ ਪਾਰਟੀ ਆਫ ਇੰਡੀਆ (1) ਦੇ ਮੁਖੀ ਰਾਮਦਾਸ ਅਠਾਵਲੇ ਨੇ ਆਪਣੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ, ਜੋ ਕਿ ਕੇਂਦਰ ਵਿੱਚ ਭਾਜਪਾ ਦੀ ਅਗਵਾਈ ਵਾਲੇ ਨੈਸ਼ਨਲ ਡੈਮੋਕ੍ਰੇਟਿਕ ਅਲਾਇੰਸ (NDA) ਦਾ ਹਿੱਸਾ ਹੈ।

ਅਠਾਵਲੇ ਨੇ ਕਿਹਾ ਕਿ ਦੀਪਕੇ, ਜਿਨ੍ਹਾਂ ਨੂੰ ਉਨ੍ਹਾਂ ਨੇ ਇੱਕ ਨੌਜਵਾਨ ਅੰਬੇਡਕਰਵਾਦੀ ਕਾਰਕੁਨ ਦੱਸਿਆ, ਸਮਾਜ ਦੇ ਨਾਲ-ਨਾਲ ਆਰ.ਪੀ.ਆਈ. (ਏ) ਨੂੰ ਮਜ਼ਬੂਤ ਕਰਨ ਵਿੱਚ ਯੋਗਦਾਨ ਪਾ ਸਕਦੇ ਹਨ। ਪੀ.ਟੀ.ਆਈ. ਦੀ ਰਿਪੋਰਟ ਮੁਤਾਬਕ ਅਠਾਵਲੇ ਨੇ ਕਿਹਾ, ਮੈਨੂੰ ਲੱਗਦਾ ਹੈ ਕਿ ਅਭਿਜੀਤ ਦੀਪਕੇ ਇੱਕ ਅੰਬੇਡਕਰਵਾਦੀ ਹਨ। ਉਹ ਸਰਗਰਮ ਅਤੇ ਨੌਜਵਾਨ ਹਨ। ਉਨ੍ਹਾਂ ਨੂੰ ਰਿਪਬਲਿਕਨ ਪਾਰਟੀ ਆਫ ਇੰਡੀਆ (1) ਵਿੱਚ ਸ਼ਾਮਲ ਹੋਣ ਬਾਰੇ ਵਿਚਾਰ ਕਰਨਾ ਚਾਹੀਦਾ ਹੈ।

ਦੀਪਕੇ ਨੇ ਵਾਰ-ਵਾਰ ਕਿਹਾ ਹੈ ਕਿ ਸੀ.ਜੇ.ਪੀ. ਦੀ ਚੋਣ ਸਿਆਸਤ ਵਿੱਚ ਦਾਖਲ ਹੋਣ ਦੀ ਕੋਈ ਤਤਕਾਲ ਯੋਜਨਾ ਨਹੀਂ ਹੈ। ਇਸ ਮਹੀਨੇ ਦੇ ਸ਼ੁਰੂ ਵਿੱਚ ਏ.ਐਨ.ਆਈ. ਨਾਲ ਗੱਲ ਕਰਦਿਆਂ, ਦੀਪਕੇ ਨੇ ਸਿਆਸੀ ਸੰਸਥਾਵਾਂ ਦੀ ਭਰੋਸੇਯੋਗਤਾ 'ਤੇ ਸਵਾਲ ਉਠਾਏ ਸਨ ਅਤੇ ਕਿਹਾ ਸੀ ਕਿ ਇੱਕ ਹੋਰ ਸਿਆਸੀ ਪਾਰਟੀ ਬਣਾਉਣ ਨਾਲ ਨੌਜਵਾਨ ਭਾਰਤੀਆਂ ਦੀਆਂ ਚਿੰਤਾਵਾਂ ਦਾ ਹੱਲ ਨਹੀਂ ਹੋਵੇਗਾ।

ਉਨ੍ਹਾਂ ਕਿਹਾ, ਸਾਡੀ ਅਜਿਹੀ ਕੋਈ ਇੱਛਾ ਨਹੀਂ ਹੈ। ਅਸੀਂ ਦੇਖ ਰਹੇ ਹਾਂ ਕਿ ਕਿਵੇਂ ਈ.ਡੀ. (54) ਅਤੇ ਸੀ.ਬੀ.ਆਈ. (329) ਦੀ ਵਰਤੋਂ ਕਰਕੇ ਰਾਜਨੀਤਿਕ ਪਾਰਟੀਆਂ ਨੂੰ ਤੋੜਿਆ ਜਾ ਰਿਹਾ ਹੈ। ਚੋਣਾਂ ਵਿੱਚ ਵੋਟਾਂ ਕੱਟੀਆਂ ਜਾ ਰਹੀਆਂ ਹਨ। ਦੀਪਕੇ ਨੇ ਅੱਗੇ ਕਿਹਾ, ਇਸ ਸਮੇਂ, ਜਦੋਂ ਲੋਕਾਂ ਦਾ ਰਾਜਨੀਤੀ ਤੋਂ ਭਰੋਸਾ ਉੱਠ ਚੁੱਕਾ ਹੈ, ਤਾਂ ਅਸੀਂ ਰਾਜਨੀਤਿਕ ਪਾਰਟੀ ਬਣਾ ਕੇ ਕੀ ਕਰਾਂਗੇ ਅਤੇ ਤਰਕ ਦਿੱਤਾ ਕਿ ਦੇਸ਼ ਨੂੰ ਇਸ ਦੀ ਬਜਾਏ ਇੱਕ ਵਿਆਪਕ ਜਨਤਕ ਅੰਦੋਲਨ ਦੀ ਲੋੜ ਹੈ।

ਸੀ.ਜੇ.ਪੀ. ਨੇ ਉਦੋਂ ਤੋਂ ਆਪਣੇ ਆਪ ਨੂੰ ਚੋਣਵੇਂ ਸੰਗਠਨ ਦੀ ਬਜਾਏ ਇੱਕ ਪ੍ਰੈਸ਼ਰ ਗਰੁੱਪ ਵਜੋਂ ਸਥਾਪਿਤ ਕੀਤਾ ਹੈ, ਜਿਸ ਦਾ ਮੌਜੂਦਾ ਧਿਆਨ ਸਰਕਾਰੀ ਸਕੂਲਾਂ ਅਤੇ ਨੌਜਵਾਨਾਂ ਨਾਲ ਜੁੜੇ ਮੁੱਦਿਆਂ 'ਤੇ ਆਲੇ-ਦੁਆਲੇ ਮੁਹਿੰਮਾਂ ਚਲਾਉਣਾ ਹੈ।

ਦੀਪਕੇ ਨੇ ਸਕੂਲ ਠੀਕ ਕਰੋ ਸਿਰਲੇਖ ਹੇਠ ਇੱਕ ਨਵੀਂ ਮੁਹਿੰਮ ਸ਼ੁਰੂ ਕੀਤੀ ਹੈ ਜਿਸ ਦਾ ਉਦੇਸ਼ ਰਾਜ ਵੱਲੋਂ ਚਲਾਏ ਜਾਂਦੇ ਸਕੂਲਾਂ ਵਿੱਚ ਮੁੱਦਿਆਂ ਨੂੰ ਹੱਲ ਕਰਨਾ ਹੈ। ਐਤਵਾਰ ਨੂੰ, ਦੀਪਕੇ ਨੇ ਸ਼ਰਾਬ ਪੀਣ ਦੇ ਦੋਸ਼ਾਂ ਤਹਿਤ ਮਹਾਰਾਸ਼ਟਰ ਵਿੱਚ ਇੱਕ ਸਰਕਾਰੀ ਸਕੂਲ ਦੇ ਪ੍ਰਿੰਸੀਪਲ ਨੂੰ ਤੁਰੰਤ ਮੁਅੱਤਲ ਕਰਨ ਦੀ ਮੰਗ ਕੀਤੀ।

# ਫਾਂਸੀ ਦੀ ਸਜ਼ਾ ਬਦਲਣ ਦੀ ਮੰਗ ਵਾਲੀ ਜਨਹਿਤ ਪਟੀਸ਼ਨ ਸੁਪਰੀਮ ਕੋਰਟ ਵੱਲੋਂ ਖਾਰਜ



**ਨਵੀਂ ਦਿੱਲੀ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਫਾਂਸੀ ਦੀ ਸਜ਼ਾ ਪ੍ਰਾਪਤ ਦੋਸ਼ੀਆਂ ਨੂੰ ਫਾਂਸੀ 'ਤੇ ਲਟਕਾਉਣ ਦੀ ਮੌਜੂਦਾ ਵਿਵਸਥਾ ਨੂੰ ਖ਼ਤਮ ਕਰਕੇ ਉਸ ਦੀ ਥਾਂ 'ਘੱਟ ਦਰਦਨਾਕ' ਤਰੀਕੇ (ਜਿਵੇਂ ਜ਼ਹਿਰੀਲਾ ਟੀਕਾ ਲਗਾਉਣਾ, ਗੋਲੀ ਮਾਰਨਾ, ਇਲੈਕਟ੍ਰੋਕਿਊਸ਼ਨ ਜਾਂ ਗੈਸ ਚੈਂਬਰ) ਅਪਣਾਉਣ ਦੀ ਮੰਗ ਕਰਨ ਵਾਲੀ ਜਨਹਿਤ ਪਟੀਸ਼ਨ ਨੂੰ ਮੰਗਲਵਾਰ ਨੂੰ ਖਾਰਜ ਕਰ ਦਿੱਤਾ।

ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੇ ਬੈਂਚ ਨੇ ਕਿਹਾ ਕਿ ਅਦਾਲਤ ਨੂੰ ਅਜਿਹਾ ਕੋਈ ਠੋਸ ਆਧਾਰ ਨਹੀਂ ਮਿਲਿਆ ਜਿਸ ਨਾਲ CrPC ਦੀ ਧਾਰਾ CED(E) / BNSS ਦੀ ਧਾਰਾ 393(5) ਦੀ ਸੰਵਿਧਾਨਕ ਵੈਧਤਾ 'ਤੇ ਮੁੜ-ਵਿਚਾਰ ਲਈ ਮਾਮਲਾ ਵੱਡੇ ਬੈਂਚ ਕੋਲ ਭੇਜਿਆ ਜਾਵੇ। ਵਰਕਰ ਸੀਨੀਅਰ ਵਕੀਲ ਰਿਸ਼ੀ ਮਲਹੋਤਰਾ ਵੱਲੋਂ 2017 ਵਿੱਚ ਦਾਇਰ ਪਟੀਸ਼ਨ ਨੂੰ ਰੱਦ ਕਰਦਿਆਂ ਬੈਂਚ ਨੇ ਸਪੱਸ਼ਟ ਕੀਤਾ ਕਿ ਕੇਂਦਰ ਸਰਕਾਰ ਮੌਜੂਦਾ ਤਰੀਕੇ ਦੀ ਬਿਆਨਬਾਜ਼ੀ ਜਾਂ ਸਮੀਖਿਆ ਕਰਨ ਲਈ ਪੂਰੀ ਤਰ੍ਹਾਂ ਸੁਤੰਤਰ ਹੈ।

ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਇਹ ਫ਼ੈਸਲਾ ਅੰਤਿਮ ਨਹੀਂ ਹੈ। ਜੇਕਰ ਭਵਿੱਖ ਵਿੱਚ ਕੋਈ ਠੋਸ ਵਿਗਿਆਨਕ ਤੱਥ ਸਾਹਮਣੇ ਆਉਂਦੇ ਹਨ, ਤਾਂ ਇਸ ਮੁੱਦੇ 'ਤੇ ਦੁਬਾਰਾ ਵਿਚਾਰ ਕੀਤਾ ਜਾ ਸਕਦਾ ਹੈ। ਬੈਂਚ ਨੇ ਕਿਹਾ ਕਿ ਕੇਂਦਰ ਸਰਕਾਰ ਚਾਹੇ ਤਾਂ ਕਾਨੂੰਨ, ਫੋਰੈਂਸਿਕ ਮੈਡੀਸਨ, ਨਿਊਰੋਸਾਇੰਸ ਅਤੇ ਅਪਰਾਧ ਵਿਗਿਆਨ ਦੇ ਮਾਹਿਰਾਂ ਦੀ ਕਮੇਟੀ ਬਣਾ ਕੇ ਮੌਜੂਦਾ ਵਿਵਸਥਾ ਦੀ ਸਮੀਖਿਆ ਕਰ ਸਕਦੀ ਹੈ ਤਾਂ ਜੋ ਕੈਦੀਆਂ ਦੀ ਗਰਿਮਾ ਨੂੰ ਕਾਇਮ ਰੱਖਦੇ ਹੋਏ ਬਿਨਾਂ ਵਜ੍ਹਾ ਦਰਦ ਨੂੰ ਘੱਟ ਕੀਤਾ ਜਾ ਸਕੇ।

ਪਟੀਸ਼ਨਰ ਨੇ ਲਾਅ ਕਮਿਸ਼ਨ ਦੀ 187ਵੀਂ ਰਿਪੋਰਟ ਦਾ ਹਵਾਲਾ ਦਿੰਦਿਆਂ ਦਾਅਵਾ ਕੀਤਾ ਸੀ ਕਿ ਅਮਰੀਕਾ ਦੇ 50 ਵਿੱਚੋਂ 49 ਸੂਬਿਆਂ ਵਿੱਚ ਜ਼ਹਿਰੀਲੇ ਟੀਕੇ ਦੀ ਵਰਤੋਂ ਕੀਤੀ ਜਾਂਦੀ ਹੈ ਅਤੇ ਫਾਂਸੀ ਵਿੱਚ ਲੰਬੇ ਸਮੇਂ ਤੱਕ ਦਰਦ ਹੁੰਦਾ ਹੈ। ਇਸ ਲਈ ਸੰਵਿਧਾਨ ਦੀ ਧਾਰਾ 21 ਤਹਿਤ 'ਸਨਮਾਨਜਨਕ ਮੌਤ ਦਾ ਅਧਿਕਾਰ' ਦਿੱਤਾ ਜਾਵੇ। ਦੂਜੇ ਪਾਸੇ, ਕੇਂਦਰ ਸਰਕਾਰ ਨੇ ਆਪਣੇ ਹਲਫ਼ਨਾਮੇ ਵਿੱਚ ਫਾਂਸੀ ਦੀ ਪ੍ਰਕਿਰਿਆ ਦਾ ਬਚਾਅ ਕਰਦਿਆਂ ਕਿਹਾ ਕਿ ਇਹ ਸਭ ਤੋਂ ਸੁਰੱਖਿਅਤ ਅਤੇ ਤੇਜ਼ ਤਰੀਕਾ ਹੈ। ਕੇਂਦਰ ਨੇ ਦਲੀਲ ਦਿੱਤੀ ਕਿ ਟੀਕਾ ਲਗਾਉਣ ਜਾਂ ਗੋਲੀ ਮਾਰਨ ਦੇ ਤਰੀਕਿਆਂ ਵਿੱਚ ਗੜਬੜ ਹੋਣ 'ਤੇ ਉਹ ਜ਼ਿਆਦਾ ਕਰੂਰ ਅਤੇ ਅਣਮਨੁੱਖੀ ਸਾਬਤ ਹੋ ਸਕਦੇ ਹਨ।

# ਐਸ.ਜੀ.ਪੀ.ਸੀ. ਵੱਲੋਂ ਪੰਜਾਬ ਬੰਦ ਦੇ ਸਮਰਥਨ ਦਾ ਐਲਾਨ



**ਅੰਮ੍ਰਿਤਸਰ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੌਮੀ ਇਨਸਾਫ਼ ਮੋਰਚੇ ਵੱਲੋਂ 21 ਅਗਸਤ ਨੂੰ ਦਿੱਤੇ ਗਏ ਪੰਜਾਬ ਬੰਦ ਦੇ ਸੱਦੇ ਦਾ ਪੂਰਨ ਸਮਰਥਨ ਕੀਤਾ ਹੈ। ਇਸ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਅਤੇ ਸਾਰੇ ਅਦਾਰੇ 21 ਅਗਸਤ ਨੂੰ ਬੰਦ ਰਹਿਣਗੇ।

ਪੰਜਾਬ ਬੰਦ ਦੇ ਸੱਦੇ ਕਾਰਨ, ਸ਼੍ਰੋਮਣੀ ਕਮੇਟੀ ਦੀ ਪਹਿਲਾਂ ਤੋਂ ਤੈਅ ਕੀਤੀ ਗਈ ਅੰਤਰਿੰਗ ਕਮੇਟੀ ਦੀ ਮੀਟਿੰਗ ਹੁਣ 21 ਅਗਸਤ ਦੀ ਬਜਾਏ 22 ਅਗਸਤ ਨੂੰ ਹੋਵੇਗੀ। ਇਹ ਮੀਟਿੰਗ ਸਵੇਰੇ 11:00 ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ, ਅੰਮ੍ਰਿਤਸਰ ਵਿਖੇ ਹੋਵੇਗੀ।

ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਬੰਦੀ ਸਿੰਘਾਂ ਦੀ ਰਿਹਾਈ ਲਈ ਹਮੇਸ਼ਾ ਯਤਨਸ਼ੀਲ ਰਹੀ ਹੈ ਅਤੇ ਇਸ ਮੰਤਵ ਲਈ ਕੀਤੇ ਜਾਣ ਵਾਲੇ ਹਰ ਸੰਘਰਸ਼ ਦਾ ਪੂਰਾ ਸਮਰਥਨ ਕਰਦੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਲਈ ਲੋਕਾਂ ਦੀਆਂ ਭਾਵਨਾਵਾਂ ਸਮਝਣ ਦੀ ਬਜਾਏ ਸੰਘਰਸ਼ ਕਰਨ ਵਾਲਿਆਂ ਦੀ ਆਵਾਜ਼ ਦਬਾਉਣਾ ਚਾਹੁੰਦੀ ਹੈ, ਜਿਸ ਦਾ ਹਰ ਇਨਸਾਫ਼ਪਸੰਦ ਵਿਅਕਤੀ ਨੂੰ ਵਿਰੋਧ ਕਰਨਾ ਚਾਹੀਦਾ ਹੈ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਘਰਸ਼ ਦੇ ਹੱਕ ਵਿੱਚ 21 ਅਗਸਤ ਦੇ ਪੰਜਾਬ ਬੰਦ ਦੇ ਸੱਦੇ ਦੀ ਹਮਾਇਤ ਕਰਦਿਆਂ ਕਿਹਾ ਕਿ ਇਸ ਦੌਰਾਨ ਸਕੂਲ, ਕਾਲਜ, ਦੁਕਾਨਾਂ ਅਤੇ ਰੇਲ ਸੇਵਾਵਾਂ ਬੰਦ ਰਹਿਣਗੀਆਂ। ਉਨ੍ਹਾਂ ਕਿਹਾ ਕਿ ਇਹ ਬੰਦ ਸਿਰਫ਼ ਪੰਜਾਬ ਤੱਕ ਸੀਮਿਤ ਨਾ ਰਹਿ ਕੇ ਪੰਜਾਬੀ ਵਸੋਂ ਵਾਲੇ ਰਾਜਸਥਾਨ, ਉੱਤਰ ਪ੍ਰਦੇਸ਼, ਦਿੱਲੀ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਆਦਿ ਖੇਤਰਾਂ ਵਿੱਚ ਵੀ ਕੀਤਾ ਜਾਵੇਗਾ।

ਅੱਜ ਅੰਮ੍ਰਿਤਸਰ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਗੁਰਦੁਆਰਾ ਕਰਤਾਰਪੁਰ ਸਾਹਿਬ ਲਾਂਘੇ ਸਬੰਧੀ ਕੇਂਦਰ ਸਰਕਾਰ ਵੱਲੋਂ ਲਗਾਈਆਂ ਜਾ ਰਹੀਆਂ ਪਾਬੰਦੀਆਂ 'ਤੇ ਸਵਾਲ ਚੁੱਕਦਿਆਂ ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸੁਰੱਖਿਆ ਦਾ ਦਿੱਤਾ ਜਾ ਰਿਹਾ ਤਰਕ ਤਸੱਲੀਬਖ਼ਸ਼ ਨਹੀਂ ਹੈ। ਉਨ੍ਹਾਂ ਨੇ ਅਮਰਨਾਥ ਯਾਤਰਾ ਦਾ ਹਵਾਲਾ ਦਿੰਦਿਆਂ ਦੋਸ਼ ਲਗਾਇਆ ਕਿ ਸਰਕਾਰ ਵੱਲੋਂ ਸਿੱਖਾਂ ਅਤੇ ਹਿੰਦੂਆਂ ਨਾਲ ਵੱਖ-ਵੱਖ ਮਾਪਦੰਡ ਅਪਣਾਏ ਜਾ ਰਹੇ ਹਨ, ਜਿਸ ਨਾਲ ਦੋਵਾਂ ਭਾਈਚਾਰਿਆਂ ਵਿੱਚ ਵਖਰੇਵੇਂ ਦੀ ਭਾਵਨਾ ਪੈਦਾ ਹੋ ਸਕਦੀ ਹੈ। ਉਨ੍ਹਾਂ ਸਰਕਾਰ ਤੋਂ ਧਾਰਮਿਕ ਯਾਤਰਾਵਾਂ ਅਤੇ ਗੁਰਧਾਮਾਂ ਦੇ ਦਰਸ਼ਨਾਂ ਸਬੰਧੀ ਇਕਸਾਰ ਨੀਤੀ ਅਪਣਾਉਣ ਦੀ ਮੰਗ ਕੀਤੀ।

# ਫਾਜ਼ਿਲਕਾ ਵਿਚ ਤੋਸ਼ੇ ਵਾਲਿਆਂ ਦੀ ਦੁਕਾਨ 'ਤੇ ਆਮਦਨ ਕਰ ਵਿਭਾਗ ਦਾ ਛਾਪਾ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਵਿਚ ਅੱਜ ਨਾਮਵਰ ਮਠਿਆਈ ਦੀ ਦੁਕਾਨ 'ਤੇ ਇਨਕਮ ਟੈਕਸ ਵਿਭਾਗ ਨੇ ਛਾਪਾ ਮਾਰਿਆ। ਇਸ ਦੁਕਾਨ ਦੇ ਤੋਸ਼ੇ ਪੂਰੇ ਉਤਰੀ ਖੇਤਰ ਵਿਚ ਮਸ਼ਹੂਰ ਹਨ ਤੇ ਲੋਕ ਦੂਰ ਦੂਰ ਤੋਂ ਤੋਸ਼ੇ ਲੈਣ ਇਸ ਦੁਕਾਨ 'ਤੇ ਆਉਂਦੇ ਜਾਂਦੇ ਰਹਿੰਦੇ ਹਨ।

ਇਸ ਕਾਰੋਬਾਰੀ ਦੇ ਕਈ ਟਿਕਾਣਿਆਂ ਉੱਤੇ ਇਨਕਮ ਟੈਕਸ ਵਿਭਾਗ ਦੀਆਂ ਟੀਮਾਂ ਵੱਲੋਂ ਇੱਕੋ ਸਮੇਂ ਛਾਪੇ ਮਾਰੇ ਗਏ। ਇਨਕਮ ਟੈਕਸ ਵਿਭਾਗ ਦੀਆਂ ਟੀਮਾਂ ਵੱਲੋਂ ਅਚਾਨਕ ਕੀਤੀ ਗਈ ਇਸ ਕਾਰਵਾਈ ਕਾਰਨ ਸ਼ਹਿਰ ਵਿੱਚ ਹਲਚਲ ਮਚ ਗਈ।

ਜਾਣਕਾਰੀ ਅਨੁਸਾਰ ਟੀਮਾਂ ਨੇ ਇਸ ਕਾਰੋਬਾਰ ਨਾਲ ਸਬੰਧਤ ਦਸਤਾਵੇਜ਼ਾਂ ਅਤੇ ਹੋਰ ਰਿਕਾਰਡ ਦੀ ਜਾਂਚ ਕੀਤੀ। ਇਸ ਛਾਪੇ ਦੌਰਾਨ ਦੁਕਾਨਾਂ ਦੇ ਬਾਹਰ ਸੁਰੱਖਿਆ ਮੁਲਾਜ਼ਮ ਵੀ ਤਾਇਨਾਤ ਕੀਤੇ ਗਏ।

# ਡਿਪਟੀ ਕਮਿਸ਼ਨਰ ਨੇ 26ਵੀਂ ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ; ਸੜਕ ਸੁਰੱਖਿਆ ਉਪਾਵਾਂ 'ਤੇ ਸਮਾਂਬੱਧ ਕਾਰਵਾਈ ਦੇ ਨਿਰਦੇਸ਼ ਦਿੱਤੇ



**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ (ਡੀਆਰਐੱਸਸੀ) ਦੀ 26ਵੀਂ ਮੀਟਿੰਗ ਅੱਜ ਡਿਪਟੀ ਕਮਿਸ਼ਨਰ, ਚੰਡੀਗੜ੍ਹ, ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ ਦੀ ਪ੍ਰਧਾਨਗੀ ਵਿੱਚ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਸੀਨੀਅਰ ਪੁਲਿਸ ਸੁਪਰਡੈਂਟ (ਟ੍ਰੈਫਿਕ) ਅਤੇ ਇੰਜੀਨੀਅਰਿੰਗ ਵਿਭਾਗ, ਨਗਰ ਨਿਗਮ ਚੰਡੀਗੜ੍ਹ, ਚੰਡੀਗੜ੍ਹ ਟ੍ਰੈਫਿਕ ਪੁਲਿਸ, ਸਿਹਤ ਵਿਭਾਗ ਸਹਿਤ ਵਿਭਿੰਨ ਸਬੰਧਿਤ ਵਿਭਾਗਾਂ ਅਤੇ ਏਜੰਸੀਆਂ ਦੇ ਪ੍ਰਤੀਨਿਧੀਆਂ ਨੇ ਹਿੱਸਾ ਲਿਆ।

ਮੀਟਿੰਗ ਦੇ ਦੌਰਾਨ ਕਮੇਟੀ ਨੇ ਚੰਡੀਗੜ੍ਹ ਪ੍ਰਸ਼ਾਸਨ ਦੇ ਸ਼ਹਿਰੀ ਯੋਜਨਾ ਵਿਭਾਗ ਦੇ ਚੀਫ਼ ਆਰਕੀਟੈਕਟ ਦੁਆਰਾ ਪ੍ਰਸਤਾਵਿਤ ਕੈਪੀਟਲ ਕੰਪਲੈਕਸ, ਸੈਕਟਰ-1, ਚੰਡੀਗੜ੍ਹ ਦੀ ਵਿਆਪਕ ਸੁਰੱਖਿਆ ਯੋਜਨਾ ਨੂੰ ਪ੍ਰਵਾਨਗੀ ਦਿੱਤੀ।

ਮੀਟਿੰਗ ਵਿੱਚ ਸੜਕ ਦੁਰਘਟਨਾ ਪੀੜਿਤਾਂ ਦੇ ਕੈਸ਼ਲੈੱਸ ਇਲਾਜ ਲਈ ਸੰਚਾਲਿਤ ਪੀਐੱਮ ਰਾਹਤ ਯੋਜਨਾ ਦੀ ਪ੍ਰਗਤੀ ਬਾਰੇ ਵੀ ਕਮੇਟੀ ਨੂੰ ਜਾਣੂ ਕਰਵਾਇਆ ਗਿਆ। ਇਹ ਦੱਸਿਆ ਗਿਆ ਕਿ ਯੋਜਨਾ ਦੀ ਸ਼ੁਰੂਆਤ ਤੋਂ ਬਾਅਦ, ਟੀਐੱਮਐੱਸ 2.0 ਪੋਰਟਲ 'ਤੇ 30 ਕੇਸ ਦਰਜ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ 21 ਕੇਸਾਂ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ।

ਸ਼ਹਿਰ ਵਿੱਚ ਸੜਕ ਸੁਰੱਖਿਆ ਦੇ ਬੁਨਿਆਦੀ ਢਾਂਚੇ ਦੀ ਸਮੀਖਿਆ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਸੈਕਟਰ 29/30 ਲਾਇਟ ਪੁਆਇੰਟ ਦੇ ਵਿਚਕਾਰਲੇ ਹਿੱਸੇ (ਮੀਡੀਅਨ) ਵਿੱਚ ਗਰਿੱਲਾਂ ਲਗਾਉਣ ਦਾ ਕਾਰਜ ਦੋ ਮਹੀਨਿਆਂ ਦੇ ਅੰਦਰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ, ਵੀ-3, ਵੀ-4 ਅਤੇ ਵੀ-5 ਸੜਕਾਂ ਦੇ 61 ਸਥਾਨਾਂ 'ਤੇ 195 ਬਲਿੰਕਰ ਲਗਾਉਣ ਦਾ ਕਾਰਜ ਇੱਕ ਮਹੀਨੇ ਦੇ ਅੰਦਰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਗਏ।

ਕਮੇਟੀ ਨੇ ਸਬੰਧਿਤ ਵਿਭਾਗਾਂ ਨੂੰ ਧਨਾਸ ਬ੍ਰਿਜ, ਮਟਕਾ ਚੌਕ ਅਤੇ ਇੰਡਸਟ੍ਰੀਅਲ ਏਰੀਆ ਫੇਜ਼-1/ਬਲਟਾਣਾ ਟਰਨ 'ਤੇ ਅਡੈਪਟਿਵ ਟ੍ਰੈਫਿਕ ਕੰਟਰੋਲ (ਏਟੀਸੀ) ਲਾਇਟਾਂ ਸਥਾਪਿਤ ਕਰਨ ਦੇ ਨਿਰਦੇਸ਼ ਦਿੱਤੇ। ਏਅਰਪੋਰਟ ਲਾਇਟ ਪੁਆਇੰਟ 'ਤੇ ਸੜਕ ਚੌੜੀ ਕਰਨ ਦੇ ਕਾਰਜ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਗਈ ਅਤੇ ਇਸ ਨੂੰ ਨਿਰਧਾਰਿਤ ਸਮਾਂ ਸੀਮਾ ਦੇ ਅੰਦਰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਗਏ।

ਕਮੇਟੀ ਨੇ ਸ਼ਹਿਰ ਵਿੱਚ 83 ਘਾਤਕ ਸੜਕ ਦੁਰਘਟਨਾ ਸਥਲਾਂ ਦੇ ਸੰਯੁਕਤ ਨਿਰੀਖਣ ਦੇ ਬਾਅਦ ਕੀਤੀ ਗਈ ਕਾਰਵਾਈ ਦੀ ਵੀ ਸਮੀਖਿਆ ਕੀਤੀ। ਮੀਟਿੰਗ ਵਿੱਚ ਦੱਸਿਆ ਗਿਆ ਕਿ ਸਬੰਧਿਤ ਦੋ ਸਰਕਲ ਡਿਵੀਜ਼ਨਾਂ ਦੇ ਤਹਿਤ ਕ੍ਰਮਵਾਰ 16 ਅਤੇ 26 ਸਥਾਨਾਂ 'ਤੇ ਸਿਫ਼ਾਰਸ਼ ਕੀਤੇ ਗਏ ਸੜਕ ਸੁਰੱਖਿਆ ਉਪਾਅ ਲਾਗੂ ਕੀਤੇ ਜਾ ਚੁੱਕੇ ਹਨ। ਬਾਕੀ ਸਥਾਨਾਂ 'ਤੇ ਸੁਰੱਖਿਆ ਸਬੰਧੀ ਸਿਫ਼ਾਰਸ਼ਾਂ ਨੂੰ ਜਲਦੀ ਲਾਗੂ ਕਰਨ ਦੇ ਨਿਰਦੇਸ਼ ਸਬੰਧਿਤ ਅਧਿਕਾਰੀਆਂ ਨੂੰ ਦਿੱਤੇ ਗਏ। ਪੀਜੀਆਈਐੱਮਈਆਰ ਦੇ ਆਸਪਾਸ ਕਬਜ਼ਿਆਂ ਅਤੇ ਟ੍ਰੈਫਿਕ ਸਬੰਧੀ ਸਮੱਸਿਆਵਾਂ ਦਾ ਨੋਟਿਸ ਲੈਂਦੇ ਹੋਏ ਡਿਪਟੀ ਕਮਿਸ਼ਨਰ ਨੇ ਐੱਸਡੀਐੱਮ (ਸੈਂਟਰਲ) ਨੂੰ ਖੇਤਰ ਵਿੱਚ ਕਬਜ਼ਿਆਂ ਵਿਰੁੱਧ ਨਿਯਮਿਤ ਤੌਰ 'ਤੇ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਨਾਲ ਹੀ, ਚੰਡੀਗੜ੍ਹ ਟ੍ਰੈਫਿਕ ਪੁਲਿਸ ਨੂੰ ਸੜਕਾਂ 'ਤੇ ਵਾਹਨਾਂ ਦੀ ਅਣਅਧਿਕਾਰਿਤ ਪਾਰਕਿੰਗ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ ਗਏ, ਤਾਕਿ ਆਵਾਜਾਈ ਦਾ ਸੁਚਾਰੂ ਸੰਚਾਲਨ ਸੁਨਿਸ਼ਚਿਤ ਕੀਤਾ ਜਾ ਸਕੇ ਅਤੇ ਸੜਕ ਉਪਯੋਗ ਕਰਨ ਵਾਲਿਆਂ ਨੂੰ ਕਿਸੇ ਪ੍ਰਕਾਰ ਦੀ ਰੁਕਾਵਟ ਨਾ ਹੋਵੇ।

# ਦਿੱਲੀ ਹਾਈ ਕੋਰਟ ਵੱਲੋਂ ਮੁਲਜ਼ਮ ਨੂੰ ਡਿਫਾਲਟ ਜ਼ਮਾਨਤ ਦੇਣ ਤੋਂ ਇਨਕਾਰ

**ਨਵੀਂ ਦਿੱਲੀ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਹਾਈ ਕੋਰਟ ਨੇ ਮੰਗਲਵਾਰ ਨੂੰ 2025 ਦੇ ਲਾਲ ਕਿਲ੍ਹਾ ਕਾਰ ਬੰਬ ਧਮਾਕੇ ਦੇ ਮਾਮਲੇ ਵਿੱਚ ਮੁਲਜ਼ਮਾਂ ਵਿੱਚੋਂ ਇੱਕ ਜਸੀਰ ਬਿਲਾਲ ਵਾਨੀ ਉਰਫ਼ ਦਾਨਿਸ਼ ਨੂੰ ਡਿਫਾਲਟ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ। ਜਸਟਿਸ ਪ੍ਰਤਿਭਾ ਐੱਮ. ਸਿੰਘ ਅਤੇ ਵਿਕਾਸ ਮਹਾਜਨ ਦੇ ਬੈਂਚ ਨੇ ਵਾਨੀ ਦੀ ਉਸ ਅਪੀਲ ਨੂੰ ਖਾਰਜ ਕਰ ਦਿੱਤਾ ਜਿਸ ਵਿੱਚ ਡਿਫਾਲਟ ਜ਼ਮਾਨਤ ਦੀ ਮੰਗ ਕਰਨ ਵਾਲੀ ਉਸ ਦੀ ਅਰਜ਼ੀ ਨੂੰ ਰੱਦ ਕਰਨ ਵਾਲੇ 30 ਮਾਰਚ ਦੇ ਹੇਠਲੇ ਕੋਰਟ ਦੇ ਹੁਕਮ ਨੂੰ ਚੁਣੌਤੀ ਦਿੱਤੀ ਗਈ ਸੀ। ਬੈਂਚ ਨੇ ਕਿਹਾ, ਇਹ ਮੰਨਿਆ ਜਾਂਦਾ ਹੈ ਕਿ ਦੋਸ਼ੀ 90 ਦਿਨਾਂ ਤੋਂ ਬਾਅਦ ਹੱਕਦਾਰ ਨਹੀਂ ਹੈ। ਅਪੀਲ ਖਾਰਜ ਕੀਤੇ ਜਾਣ ਯੋਗ ਹੈ।

ਜੇ ਜਾਂਚ ਏਜੰਸੀ ਨਿਰਧਾਰਤ ਸਮੇਂ ਦੇ ਅੰਦਰ ਚਾਰਜਸ਼ੀਟ ਦਾਇਰ ਕਰਨ ਵਿੱਚ ਅਸਫਲ ਰਹਿੰਦੀ ਹੈ ਤਾਂ ਇੱਕ ਦੋਸ਼ੀ ਡਿਫਾਲਟ ਜ਼ਮਾਨਤ ਦਾ ਹੱਕਦਾਰ ਬਣ ਜਾਂਦਾ ਹੈ। ©91 ਨੇ ਨਵੰਬਰ 2025 ਵਿੱਚ ਇੱਕ ਕਸ਼ਮੀਰੀ ਜਸੀਰ, ਜਿਸ 'ਤੇ ਸਰਗਰਮ ਸਹਿ-ਸਾਜ਼ਿਸ਼ਕਰਤਾ ਹੋਣ ਦਾ ਦੋਸ਼ ਹੈ, ਨੂੰ ਗ੍ਰਿਫ਼ਤਾਰ ਕੀਤਾ ਸੀ।

ਏਜੰਸੀ ਨੇ ਦੋਸ਼ ਲਾਇਆ ਹੈ ਕਿ ਜਸੀਰ ਨੇ ਡਰੋਨਾਂ ਵਿੱਚ ਸੋਧ ਕਰਕੇ ਅਤੇ ਰਾਕੇਟ ਬਣਾਉਣ ਦੀ ਕੋਸ਼ਿਸ਼ ਕਰਕੇ ਅੱਤਵਾਦੀ ਹਮਲੇ ਕਰਨ ਲਈ ਤਕਨੀਕੀ ਸਹਾਇਤਾ ਪ੍ਰਦਾਨ ਕੀਤੀ ਸੀ। ਇਸ ਨੇ ਦਾਅਵਾ ਕੀਤਾ ਹੈ ਕਿ ਉਸ ਨੇ ਲਾਲ ਕਿਲ੍ਹਾ ਧਮਾਕੇ ਦੀ ਯੋਜਨਾ ਬਣਾਉਣ ਵਿੱਚ ਆਤਮਘਾਤੀ ਹਮਲਾਵਰ ਉਮਰ ਉਨ ਨਬੀ ਨਾਲ ਨੇੜਿਓਂ ਕੰਮ ਕੀਤਾ ਸੀ।

# ਸਤੀਸ਼ ਪੂਨੀਆ ਬਣੇ ਪੰਜਾਬ ਭਾਜਪਾ ਦੇ ਨਵੇਂ ਇੰਚਾਰਜ



**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਜਪਾ ਪ੍ਰਧਾਨ ਨਿਤਿਨ ਨਬੀਨ ਨੇ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇੱਕ ਵੱਡਾ ਫੇਰਬਦਲ ਕਰਦਿਆਂ ਰਾਜਸਥਾਨ ਦੇ ਆਗੂ ਸਤੀਸ਼ ਪੂਨੀਆ ਨੂੰ ਪੰਜਾਬ ਦਾ ਭਾਜਪਾ ਇੰਚਾਰਜ ਨਿਯੁਕਤ ਕੀਤਾ ਹੈ। ਉਹ ਪਿਛਲੇ ਦੋ-ਤਿੰਨ ਮਹੀਨਿਆਂ ਤੋਂ ਪਰਦੇ ਪਿੱਛੇ ਰਹਿ ਕੇ ਪੰਜਾਬ ਭਾਜਪਾ ਦਾ ਕੰਮ ਦੇਖ ਰਹੇ ਸਨ। ਇਸ ਤੋਂ ਪਹਿਲਾਂ ਪੰਜਾਬ ਭਾਜਪਾ ਦੇ ਇੰਚਾਰਜ ਵਿਜੇ ਰੂਪਾਨੀ ਸਨ, ਜਿਨ੍ਹਾਂ ਦੀ 12 ਜੂਨ 2025 ਨੂੰ ਏਅਰ ਇੰਡੀਆ ਦੀ ਉਡਾਣ ਦੇ ਹਾਦਸਾਗ੍ਰਸਤ ਹੋਣ ਕਾਰਨ ਮੌਤ ਹੋ ਗਈ ਸੀ। ਕਰੀਬ ਇੱਕ ਸਾਲ ਤੋਂ ਵੱਧ ਸਮੇਂ ਤੋਂ ਇਹ ਅਹੁਦਾ ਖ਼ਾਲੀ ਪਿਆ ਸੀ। ਸਤੀਸ਼ ਪੂਨੀਆ ਨੂੰ ਕੁਝ ਮਹੀਨੇ ਪਹਿਲਾਂ ਪੰਜਾਬ ਭਾਜਪਾ ਦੇ ਸੰਗਠਨ ਨੂੰ ਮਜ਼ਬੂਤ ਕਰਨ ਦਾ ਕੰਮ ਸੌਂਪਿਆ ਗਿਆ ਸੀ। ਪੂਨੀਆ ਇਸ ਸਮੇਂ ਹਰਿਆਣਾ ਭਾਜਪਾ ਦਾ ਵੀ ਕੰਮ ਦੇਖ ਰਹੇ ਹਨ। ਰਾਜਸਥਾਨ ਭਾਜਪਾ ਦੇ ਸਾਬਕਾ ਪ੍ਰਧਾਨ ਪੂਨੀਆ ਪੰਜਾਬ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਮਿਲ ਕੇ ਕੰਮ ਕਰਨਗੇ, ਜਿਨ੍ਹਾਂ ਨੂੰ ਓ.ਬੀ.ਸੀ. ਭਾਈਚਾਰੇ ਨਾਲ ਤਾਲਮੇਲ ਵਧਾਉਣ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ। ਭਾਜਪਾ ਵੱਲੋਂ 'ਮਿਸ਼ਨ ਪੰਜਾਬ' ਤਹਿਤ ਸਿਆਸੀ ਤੌਰ 'ਤੇ ਰਸੂਖਦਾਰ ਜੱਟ ਸਿੱਖਾਂ ਦੇ ਨਾਲ-ਨਾਲ ਓ.ਬੀ.ਸੀ. ਅਤੇ ਦਲਿਤ ਭਾਈਚਾਰੇ ਵਿੱਚ ਆਪਣੀ ਪਹੁੰਚ ਨੂੰ ਮਜ਼ਬੂਤ ਕੀਤਾ ਜਾਵੇਗਾ। ਪੂਨੀਆ ਰਾਜਸਥਾਨ ਤੋਂ ਰਾਜ ਸਭਾ ਲਈ ਚੁਣੇ ਗਏ ਹਨ ਅਤੇ ਉਹ ਖ਼ੁਦ ਵੀ ਜੱਟ ਭਾਈਚਾਰੇ ਨਾਲ ਸਬੰਧਤ ਹਨ।

# ਪੰਜਾਬ ਵਿਧਾਨ ਸਭਾ ਸਪੀਕਰ ਵੱਲੋਂ ਕਿਸਾਨਾਂ ਨੂੰ ਮਿੱਟੀ ਦੀ ਉਪਜਾਊ ਸ਼ਕਤੀ ਬਚਾਉਣ ਲਈ ਜੈਵਿਕ ਖੇਤੀ ਅਪਣਾਉਣ ਦੀ ਅਪੀਲ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਕਿਸਾਨ ਭਾਈਚਾਰੇ ਨੂੰ ਜੈਵਿਕ ਖੇਤੀ ਅਪਣਾਉਣ ਦੀ ਜ਼ੋਰਦਾਰ ਅਪੀਲ ਕੀਤੀ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਦੇ ਖੁਸ਼ਹਾਲ ਜੀਵਨ ਅਤੇ ਤੰਦਰੁਸਤੀ ਲਈ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਸੁਰੱਖਿਅਤ ਰੱਖਣਾ ਬੇਹੱਦ ਜ਼ਰੂਰੀ ਹੈ।

ਖੇਤੀ ਸਥਿਰਤਾ ਦੀ ਫੌਰੀ ਲੋੜ ਦਾ ਹਵਾਲਾ ਦਿੰਦਿਆਂ ਸਪੀਕਰ ਸੰਧਵਾਂ ਨੇ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਿਹਤਮੰਦ, ਉਪਜਾਊ ਜ਼ਮੀਨ ਦੀ ਲੋੜ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਵਾਤਾਵਰਣ ਦੀ ਸੰਭਾਲ ਲਈ ਰਸਾਇਣਕ ਖਾਦਾਂ ਅਤੇ ਜ਼ਹਿਰੀਲੇ ਕੀਟਨਾਸ਼ਕਾਂ ਦੀ ਵਰਤੋਂ ਮੁਕੰਮਲ ਤੌਰ 'ਤੇ ਛੱਡਣ ਦੀ ਲੋੜ ਹੈ।

ਸਪੀਕਰ ਨੇ ਖੇਤੀਬਾੜੀ ਦੇ ਵਪਾਰੀਕਰਨ 'ਤੇ ਡੂੰਘੀ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਵਿੱਤੀ ਲਾਭ ਦੀ ਅੰਨ੍ਹੀ ਦੌੜ ਕਾਰਨ ਰਸਾਇਣਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਵਿੱਚ ਕਾਫ਼ੀ ਵਾਧਾ ਹੋਇਆ ਹੈ। ਇਸ ਅਭਿਆਸ ਨੇ ਗੰਭੀਰ ਸਿਹਤ ਸੰਕਟ ਪੈਦਾ ਕੀਤਾ ਹੈ, ਜਿਸ ਨਾਲ ਆਮ ਲੋਕਾਂ ਵਿੱਚ ਕੈਂਸਰ ਵਰਗੀਆਂ ਖ਼ਤਰਨਾਕ ਬਿਮਾਰੀਆਂ ਵਧ ਰਹੀਆਂ ਹਨ।

ਸ. ਸੰਧਵਾਂ ਨੇ ਕਿਸਾਨਾਂ ਨੂੰ ਤੁਰੰਤ ਜੈਵਿਕ ਖੇਤੀ ਵੱਲ ਮੋੜਾ ਕੱਟਣ ਦੀ ਬੇਨਤੀ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਸਾਕਾਰਾਤਮਕ ਬਦਲਾਅ ਨਾਗਰਿਕਾਂ ਦੀ ਸਿਹਤ ਦੀ ਰਾਖੀ, ਜਾਨਲੇਵਾ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਅਤੇ ਅਗਲੀ ਪੀੜ੍ਹੀ ਲਈ ਸੁਰੱਖਿਅਤ, ਬਿਮਾਰੀ-ਮੁਕਤ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਬਹੁਤ ਜ਼ਰੂਰੀ ਹੈ।

# ਟ੍ਰਾਈਸਿਟੀ ਫੋਟੋ ਆਰਟ ਸੋਸਾਇਟੀ ਵਿਸ਼ਵ ਫੋਟੋਗ੍ਰਾਫੀ ਦਿਵਸ 'ਤੇ ਫੋਟੋ ਪ੍ਰਦਰਸ਼ਨੀ 'ਦ੍ਰਿਸ਼ਟੀ-2026' ਆਯੋਜਿਤ ਕਰੇਗ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਟ੍ਰਾਈਸਿਟੀ ਫੋਟੋ ਆਰਟ ਸੋਸਾਇਟੀ (ਤਪਸ) ਵਿਸ਼ਵ ਫੋਟੋਗ੍ਰਾਫੀ ਦਿਵਸ ਨੂੰ ਮਨਾਉਣ ਲਈ ਆਪਣੀ ਸਾਲਾਨਾ ਫੋਟੋ ਪ੍ਰਦਰਸ਼ਨੀ, 'ਦ੍ਰਿਸ਼ਟੀ-2026' ਦਾ ਆਯੋਜਨ ਕਰ ਰਹੀ ਹੈ। ਪ੍ਰਦਰਸ਼ਨੀ ਦਾ ਉਦਘਾਟਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਅੱਜ ਦੁਪਹਿਰ 12 ਵਜੇ ਕਰਨਗੇ। ਇਹ ਪੰਜ ਦਿਨਾਂ ਫੋਟੋ ਪ੍ਰਦਰਸ਼ਨੀ 19 ਤੋਂ 23 ਅਗਸਤ ਤੱਕ ਚੰਡੀਗੜ੍ਹ ਦੇ ਸੈਕਟਰ 16 ਸਥਿਤ ਪੰਜਾਬ ਕਲਾ ਭਵਨ ਵਿਖੇ ਪੰਜਾਬ ਲਲਿਤ ਕਲਾ ਅਕੈਡਮੀ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਜਾ ਰਹੀ ਹੈ। ਪ੍ਰਦਰਸ਼ਨੀ ਦੌਰਾਨ, 20, 21 ਅਤੇ 22 ਅਗਸਤ ਨੂੰ ਫੋਟੋਗ੍ਰਾਫੀ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ 'ਤੇ ਤਿੰਨ ਵਰਕਸ਼ਾਪਾਂ ਵੀ ਆਯੋਜਿਤ ਕੀਤੀਆਂ ਜਾਣਗੀਆਂ।

ਇਹ ਜ਼ਿਕਰਯੋਗ ਹੈ ਕਿ ਵਿਸ਼ਵ ਫੋਟੋਗ੍ਰਾਫੀ ਦਿਵਸ ਹਰ ਸਾਲ 19 ਅਗਸਤ ਨੂੰ ਮਨਾਇਆ ਜਾਂਦਾ ਹੈ। ਤਪਸ ਦੀ ਸਥਾਪਨਾ 11 ਸਾਲ ਪਹਿਲਾਂ ਹੋਈ ਸੀ। ਇਸ ਦੌਰਾਨ, ਸੰਗਠਨ ਦੁਆਰਾ ਕਲਾਤਮਕ ਫੋਟੋਗ੍ਰਾਫੀ ਨੂੰ ਉਤਸ਼ਾਹਿਤ ਕਰਨ ਲਈ ਕਈ ਵਿਸ਼ੇਸ਼ ਫੋਟੋ ਪ੍ਰਦਰਸ਼ਨੀਆਂ, ਮੁਕਾਬਲੇ, ਫੋਟੋ ਵਾਕ ਅਤੇ ਵਰਕਸ਼ਾਪਾਂ ਦਾ ਆਯੋਜਨ ਕੀਤਾ ਹੈ। ਸੰਗਠਨ ਦਾ ਟੀਚਾ ਫੋਟੋਗ੍ਰਾਫੀ ਨੂੰ ਸਿਰਫ਼ ਇੱਕ ਸ਼ੌਕ ਵਜੋਂ ਨਹੀਂ, ਸਗੋਂ ਇੱਕ ਕਲਾ ਦੇ ਰੂਪ ਵਜੋਂ ਲੋਕਾਂ ਤੱਕ ਪਹੁੰਚਾਉਣਾ ਹੈ। ਪ੍ਰਦਰਸ਼ਨੀ ਵਿੱਚ ਸੰਗਠਨ ਦੇ 24 ਮੈਂਬਰਾਂ ਦੀਆਂ 60 ਤਸਵੀਰਾਂ ਪ੍ਰਦਰਸ਼ਿਤ ਕੀਤੀਆਂ ਜਾਣਗੀਆਂ, ਜੋ ਫੋਟੋ ਪ੍ਰੇਮੀਆਂ ਨੂੰ ਲੈਂਡਸਕੇਪ, ਆਰਕੀਟੈਕਚਰ, ਸਟ੍ਰੀਟ ਲਾਈਫ, ਕੁਦਰਤ, ਜੰਗਲੀ ਜੀਵ, ਗਲਾਸਵਾਰੇ ਫੋਟੋਗ੍ਰਾਫੀ ਅਤੇ ਹੋਰ ਵਿਸ਼ਿਆਂ 'ਤੇ ਸ਼ਾਨਦਾਰ ਕਲਾਤਮਕ ਤਸਵੀਰਾਂ ਦੇਖਣ ਦਾ ਮੌਕਾ ਪ੍ਰਦਾਨ ਕਰੇਗੀ। ਪ੍ਰਦਰਸ਼ਨੀ ਦੌਰਾਨ ਫੋਟੋਗ੍ਰਾਫੀ ਵਰਕਸ਼ਾਪ ਵਿੱਚ 20 ਅਗਸਤ ਨੂੰ ਵਿਨੋਦ ਚੌਹਾਨ ਦੁਆਰਾ ਵਾਇਲਡ ਲਾਈਫ ਫੋਟੋਗ੍ਰਾਫੀ 'ਤੇ, 21 ਅਗਸਤ ਨੂੰ ਬੇਸਿਕਸ ਅਤੇ ਪੋਰਟਰੇਟ 'ਤੇ ਕੈਨਨ ਮਾਹਰ ਦੁਆਰਾ ਅਤੇ 22 ਅਗਸਤ ਨੂੰ ਦੀਪ ਭਾਟੀਆ ਦੁਆਰਾ ਗਲਾਸਵਾਰੇ ਫੋਟੋਗ੍ਰਾਫੀ 'ਤੇ ਪੇਸ਼ਕਾਰੀ ਸ਼ਾਮਲ ਹੋਵੇਗੀ। ਇਸ ਤੋਂ ਇਲਾਵਾ, ਗੋਡੇਕਸ ਅਤੇ ਫਿਊਟੈਕ ਫੋਟੋਗਰਾਫਿਕ ਕੰਪਨੀਆਂ ਆਪਣੇ ਪ੍ਰੋਡਕਟ ਦੀ ਜਾਣਕਾਰੀ ਵੀ ਪ੍ਰਦਾਨ ਕਰਨਗੀਆਂ। ਸਾਰੀਆਂ ਵਰਕਸ਼ਾਪਾਂ ਦੁਪਹਿਰ 2:30 ਵਜੇ ਆਯੋਜਿਤ ਕੀਤੀਆਂ ਜਾਣਗੀਆਂ।

ਟ੍ਰਾਈਸਿਟੀ ਵਿੱਚ ਆਮ ਲੋਕਾਂ ਅਤੇ ਵਿਦਿਆਰਥੀਆਂ ਵਿੱਚ ਫੋਟੋਗ੍ਰਾਫੀ ਪ੍ਰਤੀ ਵਧ ਰਹੀ ਦਿਲਚਸਪੀ ਨੂੰ ਪਛਾਣਦੇ ਹੋਏ, ਤਪਸ ਨੇ ਪ੍ਰਦਰਸ਼ਨੀ ਦੌਰਾਨ ਵਿਸ਼ੇਸ਼ ਮੈਂਬਰਸ਼ਿਪ ਛੋਟਾਂ ਦਾ ਐਲਾਨ ਕੀਤਾ ਹੈ। ਇਸ ਪਹਿਲਕਦਮੀ ਦੇ ਤਹਿਤ, ਆਰਟ ਫੋਟੋਗ੍ਰਾਫੀ ਵਿੱਚ ਦਿਲਚਸਪੀ ਰੱਖਣ ਵਾਲਾ ਕੋਈ ਵੀ ਵਿਅਕਤੀ 1,999 ਵਿੱਚ ਸਾਲਾਨਾ ਮੈਂਬਰਸ਼ਿਪ ਪ੍ਰਾਪਤ ਕਰ ਸਕਦਾ ਹੈ, ਜਦੋਂ ਕਿ ਵਿਦਿਆਰਥੀਆਂ ਲਈ ਫੀਸ ?999 ਹੈ। ਫੋਟੋ ਪ੍ਰਦਰਸ਼ਨੀ ਸਵੇਰੇ 11:00 ਵਜੇ ਤੋਂ ਸ਼ਾਮ 7:00 ਵਜੇ ਤੱਕ ਦਰਸ਼ਕਾਂ ਲਈ ਮੁਫ਼ਤ ਖੁੱਲ੍ਹੀ ਰਹੇਗੀ।

# ਪ੍ਰਦੇਸ਼ ਦੀ 10 ਲੱਖ ਏਕੜ ਜ਼ਮੀਨ ਦੇ ਸੁਧਾਰ ਲਈ ਜਿਪਸਮ ਖਰੀਦ ਨੂੰ ਪ੍ਰਵਾਨਗੀ : ਮੁੱਖ ਮੰਤਰੀ

**➢ ਕਿਸਾਨਾਂ ਨੂੰ 50 ਪ੍ਰਤੀਸ਼ਤ ਸਬਸਿਡੀ 'ਤੇ ਦਿੱਤਾ ਜਾਵੇਗਾ ਜਿਪਸਮ ➢ ਨਿਰਧਾਰਤ ਸਮੇਂ ਤੋਂ ਘੱਟ ਸਮੇਂ ਵਿੱਚ ਕੰਮ ਪੂਰਾ ਕਰਨ 'ਤੇ ਦਿੱਤਾ ਜਾਵੇਗਾ ਪ੍ਰੋਤਸਾਹਨ ➢ ਮੁੱਖ ਮੰਤਰੀ ਨੇ ਹਾਈ ਪਾਵਰਡ ਪਰਚੇਜ਼ ਕਮੇਟੀ ਦੀ ਮੀਟਿੰਗ ਦੀ ਕੀਤੀ ਪ੍ਰਧਾਨਗੀ**



**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਦੇ ਕਿਸਾਨਾਂ ਦੀ 10 ਲੱਖ ਏਕੜ ਜ਼ਮੀਨ ਨੂੰ ਸੁਧਾਰਨ ਲਈ ਲਗਭਗ 15.63 ਕਰੋੜ ਰੁਪਏ ਦੀ ਲਾਗਤ ਨਾਲ 25 ਹਜ਼ਾਰ ਟਨ ਜਿਪਸਮ ਦੀ ਖਰੀਦ ਕੀਤੀ ਜਾਵੇਗੀ, ਤਾਂ ਜੋ ਕਿਸਾਨਾਂ ਨੂੰ ਲੋੜੀਂਦੀ ਮਾਤਰਾ ਵਿੱਚ ਜਿਪਸਮ ਉਪਲਬਧ ਹੋ ਸਕੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਚੰਡੀਗੜ੍ਹ ਵਿੱਚ ਹਾਈ ਪਾਵਰਡ ਪਰਚੇਜ਼ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ।

ਮੀਟਿੰਗ ਵਿੱਚ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ, ਮਾਲ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ੍ਰੀ ਵਿਪੁਲ ਗੋਇਲ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ, ਲੋਕ ਨਿਰਮਾਣ ਅਤੇ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ੍ਰੀ ਅਰੁਣ ਕੁਮਾਰ ਗੁਪਤਾ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

**ਕੈਥਲ ਵਿੱਚ ਬਣੇਗਾ 21680 ਐੱਮ.ਟੀ. ਦਾ ਗੋਦਾਮ ਅਤੇ ਕੁਆਲਿਟੀ ਕੰਟਰੋਲ ਲੈਬ**

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਭੂਮੀ ਸੁਧਾਰ ਨਿਗਮ ਰਾਹੀਂ ਕਿਸਾਨਾਂ ਨੂੰ 50 ਪ੍ਰਤੀਸ਼ਤ ਸਬਸਿਡੀ 'ਤੇ ਜ਼ਮੀਨ ਸੁਧਾਰ ਲਈ ਜਿਪਸਮ ਉਪਲਬਧ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਉੱਚ ਗੁਣਵੱਤਾ ਵਾਲਾ ਜਿਪਸਮ ਆਸਾਨੀ ਨਾਲ ਮੁਹੱਈਆ ਕਰਵਾਇਆ ਜਾਵੇ ਤਾਂ ਜੋ ਜ਼ਮੀਨ ਵਿੱਚ ਜਲਦੀ ਸੁਧਾਰ ਕਰਕੇ ਇਸ ਨੂੰ ਵਧੇਰੇ ਉਪਜਾਊ ਬਣਾਇਆ ਜਾ ਸਕੇ। ਇਸ ਤੋਂ ਇਲਾਵਾ, ਕੈਥਲ ਦੇ ਹੈਫੇਡ ਕੰਪਲੈਕਸ ਵਿੱਚ 9.80 ਕਰੋੜ ਰੁਪਏ ਦੀ ਲਾਗਤ ਨਾਲ 21680 ਐੱਮ.ਟੀ. ਦਾ ਗੋਦਾਮ ਬਣਾਉਣ ਅਤੇ ਕੁਆਲਿਟੀ ਕੰਟਰੋਲ ਲੈਬ ਬਣਾਉਣ ਦੀ ਵੀ ਪ੍ਰਵਾਨਗੀ ਦਿੱਤੀ ਗਈ।

ਮੁੱਖ ਮੰਤਰੀ ਨੇ ਪਾਣੀਪਤ ਜ਼ਿਲ੍ਹੇ ਦੇ ਭੈਂਸਵਾਲ, ਕੁਤਾਨੀ, ਰਾਜਾਖੇੜੀ, ਨਿੰਬਰੀ, ਉਗਰਖੇੜੀ, ਰਿਸਾਲੂ, ਨੰਗਲਖੇੜੀ, ਕਾਬਰੀ, ਗੜ੍ਹੀ, ਸਿਕੰਦਰਪੁਰ ਸਮੇਤ 9 ਪਿੰਡਾਂ ਵਿੱਚ ਮਹਾਗ੍ਰਾਮ ਯੋਜਨਾ ਤਹਿਤ 75.50 ਕਰੋੜ ਰੁਪਏ ਦੀ ਲਾਗਤ ਨਾਲ ਪੀਣ ਵਾਲੇ ਪਾਣੀ ਦੀਆਂ ਯੋਜਨਾਵਾਂ ਨੂੰ ਪ੍ਰਵਾਨਗੀ ਦਿੱਤੀ। ਇਸੇ ਤਰ੍ਹਾਂ ਗੋਹਾਣਾ ਸ਼ਹਿਰ ਦੇ ਸ਼ਨੀ ਮੰਦਰੀ, ਐੱਮ.ਪੀ.ਐੱਸ. ਗੁਢਾ ਖੇਤਰ ਵਿੱਚ ਸੀਵਰੇਜ ਲਾਈਨ ਵੀ 16.30 ਕਰੋੜ ਰੁਪਏ ਦੀ ਲਾਗਤ ਨਾਲ ਮਨਜ਼ੂਰ ਕੀਤੀ ਗਈ।

ਸ੍ਰੀ ਨਾਇਬ ਸਿੰਘ ਸੈਣੀ ਨੇ ਪਿੰਜੌਰ ਕਾਲਕਾ ਸੈਕਟਰ 27 ਵਿੱਚ ਜੁਡੀਸ਼ੀਅਲ ਕੰਪਲੈਕਸ ਬਣਾਉਣ ਦੀ ਪ੍ਰਵਾਨਗੀ ਦਿੱਤੀ। ਇਸ 'ਤੇ 22.70 ਕਰੋੜ ਰੁਪਏ ਦੀ ਲਾਗਤ ਆਵੇਗੀ। ਇਸੇ ਤਰ੍ਹਾਂ ਅੰਬਾਲਾ ਸ਼ਹਿਰ ਵਿੱਚ ਲਘੂ ਸਕੱਤਰੇਤ ਦੇ ਪ੍ਰਸ਼ਾਸਕੀ ਬਲਾਕ ਦੇ ਤੀਜੇ ਪੜਾਅ ਦਾ ਕੰਮ 34 ਕਰੋੜ ਰੁਪਏ ਦੀ ਲਾਗਤ ਨਾਲ ਕਰਨ ਦੀ ਮਨਜ਼ੂਰੀ ਦਿੱਤੀ ਗਈ।

**ਸਫ਼ੀਦੋਂ ਵਿੱਚ ਬਣੇਗਾ ਸਰਕਾਰੀ ਨਰਸਿੰਗ ਕਾਲਜ**

ਮੁੱਖ ਮੰਤਰੀ ਨੇ ਕਿਹਾ ਕਿ ਜੋ ਕੰਮ ਨਿਰਧਾਰਤ ਸਮੇਂ ਤੋਂ ਘੱਟ ਸਮੇਂ ਵਿੱਚ ਪੂਰਾ ਕੀਤਾ ਜਾਵੇਗਾ, ਸਰਕਾਰ ਦੀ ਯੋਜਨਾ ਅਨੁਸਾਰ ਉਸ ਨੂੰ ਪ੍ਰੋਤਸਾਹਨ ਦਿੱਤਾ ਜਾਵੇਗਾ। ਉਨ੍ਹਾਂ ਅੰਬਾਲਾ ਕੈਂਟ ਵਿੱਚ ਬੈਂਕ ਸਕਵੇਅਰ ਭਵਨ ਫੇਜ਼-1 ਦਾ ਨਿਰਮਾਣ ਕੰਮ 52 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕਰਨ ਦੀ ਪ੍ਰਵਾਨਗੀ ਦਿੱਤੀ ਹੈ। ਇਸ ਤੋਂ ਇਲਾਵਾ ਸਰਕਾਰੀ ਨਰਸਿੰਗ ਕਾਲਜ ਸਫ਼ੀਦੋਂ ਦਾ ਨਿਰਮਾਣ ਵੀ 37.49 ਕਰੋੜ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ।

**ਪੰਚਕੂਲਾ ਅਤੇ ਫਤਿਹਾਬਾਦ ਵਿੱਚ ਬਣਨਗੀਆਂ ਜ਼ਿਲ੍ਹਾ ਜੇਲ੍ਹਾਂ**

ਮੁੱਖ ਮੰਤਰੀ ਨੇ ਇੰਡਸਟ੍ਰੀਅਲ ਏਰੀਆ ਫੇਜ਼-1 ਪੰਚਕੂਲਾ ਵਿੱਚ ਸੜਕਾਂ ਨੂੰ ਅੱਪਗ੍ਰੇਡ ਅਤੇ ਮਜ਼ਬੂਤ ਬਣਾਉਣ ਲਈ 16.80 ਕਰੋੜ ਰੁਪਏ ਦੀ ਪ੍ਰਵਾਨਗੀ ਦਿੱਤੀ ਹੈ। ਪੰਚਕੂਲਾ ਦੇ ਪਿੰਡ ਜਲੌਲੀ ਵਿੱਚ ਜ਼ਿਲ੍ਹਾ ਜੇਲ੍ਹ ਦਾ ਨਿਰਮਾਣ ਲਗਭਗ 40 ਕਰੋੜ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ। ਇਸ ਤੋਂ ਇਲਾਵਾ ਕੁੰਡਲੀ ਮਾਨੇਸਰ ਸੜਕ ਸੈਕਸ਼ਨ ਮਾਰਗ ਦੀ 65.66 ਕਰੋੜ ਰੁਪਏ ਦੀ ਲਾਗਤ ਨਾਲ ਲਗਭਗ 83 ਕਿਲੋਮੀਟਰ ਮਾਰਗ ਦੀ ਮੁਰੰਮਤ ਅਤੇ ਰੱਖ-ਰਖਾਅ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਫਤਿਹਾਬਾਦ ਵਿੱਚ ਜ਼ਿਲ੍ਹਾ ਜੇਲ੍ਹ ਬਣਾਉਣ ਦੀ ਵੀ ਪ੍ਰਵਾਨਗੀ ਦਿੱਤੀ। ਇਸ 'ਤੇ 37 ਕਰੋੜ ਰੁਪਏ ਦੀ ਲਾਗਤ ਆਵੇਗੀ। ਇਸੇ ਤਰ੍ਹਾਂ ਜੁਲਾਨਾ ਸ਼ਹਿਰ ਵਿੱਚ ਵਾਟਰ ਸਪਲਾਈ ਦੇ ਕੰਮ ਉੱਤੇ 21.17 ਕਰੋੜ ਦੀ ਰਾਸ਼ੀ ਖਰਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਾਰਨੌਲ ਦੇ ਹਸਪਤਾਲ ਨੂੰ ਅੱਪਗ੍ਰੇਡ ਕਰਕੇ 100 ਤੋਂ 200 ਬੈੱਡ ਦਾ ਬਣਾਇਆ ਜਾਵੇਗਾ। ਇਸ 'ਤੇ 26.30 ਕਰੋੜ ਰੁਪਏ ਦੀ ਲਾਗਤ ਆਵੇਗੀ।

ਯਮੁਨਾਨਗਰ ਵਿੱਚ 16.89 ਕਰੋੜ ਰੁਪਏ ਦੀ ਲਾਗਤ ਨਾਲ 50 ਬੈੱਡ ਦੇ ਆਯੁਸ਼ ਹਸਪਤਾਲ ਦਾ ਨਿਰਮਾਣ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕੁਰੂਕਸ਼ੇਤਰ ਸਹਾਰਨਪੁਰ ਸਟੇਟ ਹਾਈਵੇਅ ਦੇ ਕੰਮ ਦੀ ਮਨਜ਼ੂਰੀ ਦਿੱਤੀ। ਲਗਭਗ 10 ਮੀਟਰ ਚੌੜੀ ਸੜਕ 'ਤੇ 26.90 ਕਰੋੜ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਸੜਕ ਮਾਰਗ ਨੂੰ ਫੋਰ-ਲੇਨ ਬਣਾਉਣ ਲਈ ਡੀ.ਪੀ.ਆਰ. ਤਿਆਰ ਕੀਤੀ ਜਾ ਰਹੀ ਹੈ। ਇਸ ਤੋਂ ਬਾਅਦ ਕੁਰੂਕਸ਼ੇਤਰ ਸਹਾਰਨਪੁਰ ਸੜਕ ਮਾਰਗ ਨੂੰ ਫੋਰ-ਲੇਨ ਬਣਾਇਆ ਜਾਵੇਗਾ।

ਮੀਟਿੰਗ ਵਿੱਚ ਵਧੀਕ ਮੁੱਖ ਸਕੱਤਰ ਸੁਧੀਰ ਰਾਜਪਾਲ, ਏ. ਕੇ. ਸਿੰਘ, ਵਿਜੇਂਦਰ ਕੁਮਾਰ, ਅਨੁਰਾਗ ਅਗਰਵਾਲ, ਜੀ.ਐੱਮ.ਡੀ.ਏ. ਦੇ ਮੁੱਖ ਸਲਾਹਕਾਰ ਡੀ. ਐੱਸ. ਢੇਸੀ, ਉਦਯੋਗ ਅਤੇ ਵਣਜ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ, ਡਾਇਰੈਕਟਰ ਯਸ਼ ਗਰਗ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਜਦੋਂ ਮੁੱਖ ਮੰਤਰੀ ਦੇ ਦਰਵਾਜ਼ੇ 'ਤੇ ਪਹੁੰਚਦੀ ਹੈ ਉਮੀਦ, ਤਾਂ ਸਰਕਾਰ ਦੀਆਂ ਯੋਜਨਾਵਾਂ ਨੂੰ ਮਿਲਦੀ ਹੈ ਨਵੀਂ ਰ਼ਫ਼ਤਾਰ

**ਚੰਡੀਗੜ੍ਹ, 19 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਤ ਦਾ ਸਮਾਂ ਹੈ, ਮੁੱਖ ਮੰਤਰੀ ਨਿਵਾਸ 'ਸੰਤ ਕਬੀਰ ਕੁਟੀਰ' 'ਤੇ ਨਾਇਬ ਸਿੰਘ ਸੈਣੀ ਦੇ ਸਾਹਮਣੇ ਹੱਥਾਂ ਵਿੱਚ ਕਾਗ਼ਜ਼ ਫੜ ਕੇ ਲੋਕ ਆਪਣੀਆਂ ਸਮੱਸਿਆਵਾਂ ਅਤੇ ਉਮੀਦਾਂ ਲੈ ਕੇ ਖੜ੍ਹੇ ਹਨ। ਕਿਸੇ ਨੂੰ ਆਪਣੀ ਧੀ ਦੇ ਭਵਿੱਖ ਦੀ ਚਿੰਤਾ ਹੈ, ਕੋਈ ਪਰਿਵਾਰ ਦੀ ਆਰਥਿਕ ਪ੍ਰੇਸ਼ਾਨੀ ਲੈ ਕੇ ਆਇਆ ਹੈ, ਤਾਂ ਕੋਈ ਸਰਕਾਰੀ ਯੋਜਨਾ ਦਾ ਲਾਭ ਮਿਲਣ ਦੀ ਆਸ ਲਾਈ ਬੈਠਾ ਹੈ। ਸਮਾਂ ਅੱਗੇ ਵਧਦਾ ਜਾਂਦਾ ਹੈ, ਪਰ ਮੁਲਾਕਾਤਾਂ ਦਾ ਸਿਲਸਿਲਾ ਥੰਮਦਾ ਨਹੀਂ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਇੱਕ-ਇੱਕ ਕਰਕੇ ਲੋਕਾਂ ਨੂੰ ਮਿਲਦੇ ਹਨ। ਚਿਹਰੇ 'ਤੇ ਸਹਿਜ ਮੁਸਕਰਾਹਟ, ਸਾਹਮਣੇ ਖੜ੍ਹੇ ਵਿਅਕਤੀ ਦੀ ਗੱਲ ਧਿਆਨ ਨਾਲ ਸੁਣਨਾ ਅਤੇ ਸਮੱਸਿਆ ਦੇ ਹੱਲ ਲਈ ਅਧਿਕਾਰੀਆਂ ਨੂੰ ਤੁਰੰਤ ਨਿਰਦੇਸ਼ ਦੇਣਾ—ਇਹ ਦ੍ਰਿਸ਼ ਹੁਣ ਹਰਿਆਣਾ ਵਿੱਚ ਮੁੱਖ ਮੰਤਰੀ ਅਤੇ ਆਮ ਜਨਤਾ ਵਿਚਕਾਰ ਸਿੱਧੇ ਸੰਵਾਦ ਦੀ ਪਛਾਣ ਬਣਦਾ ਜਾ ਰਿਹਾ ਹੈ। ਮੁੱਖ ਮੰਤਰੀ ਅਤੇ ਆਮ ਜਨਤਾ ਵਿਚਕਾਰ ਦਾ ਇਹ ਸਿੱਧਾ ਸੰਵਾਦ ਸਰਕਾਰ ਦੀ ਲੋਕ-ਭਲਾਈ ਸੋਚ ਨੂੰ ਯੋਜਨਾਵਾਂ ਦੀ ਜ਼ਮੀਨ ਨਾਲ ਜੋੜ ਰਿਹਾ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਨੇ ਸਮਾਜਿਕ ਸੁਰੱਖਿਆ ਅਤੇ ਲੋਕ-ਭਲਾਈ ਨੂੰ ਸਿਰਫ਼ ਬਜਟ ਘੋਸ਼ਣਾਵਾਂ ਤੱਕ ਸੀਮਤ ਰੱਖਣ ਦੀ ਬਜਾਏ ਉਨ੍ਹਾਂ ਨੂੰ ਯੋਗ ਲੋਕਾਂ ਦੇ ਜੀਵਨ ਵਿੱਚ ਅਸਲ ਬਦਲਾਅ ਦਾ ਮਾਧਿਅਮ ਬਣਾਉਣ 'ਤੇ ਜ਼ੋਰ ਦਿੱਤਾ ਹੈ। ਮਹਿਲਾਵਾਂ ਤੋਂ ਲੈ ਕੇ ਸੀਨੀਅਰ ਸਿਟੀਜ਼ਨਾਂ ਅਤੇ ਨਸ਼ੇ ਦੀ ਸਮੱਸਿਆ ਨਾਲ ਜੂਝ ਰਹੇ ਲੋਕਾਂ ਤੱਕ, ਸਰਕਾਰ ਦੀਆਂ ਕਈ ਪਹਿਲਾਂ ਇਸੇ ਸੋਚ ਨੂੰ ਅੱਗੇ ਵਧਾ ਰਹੀਆਂ ਹਨ। ਹਰਿਆਣਾ ਦੀਆਂ ਮਹਿਲਾਵਾਂ ਲਈ 'ਦੀਨਦਿਆਲ ਲਾਡੋ ਲਕਸ਼ਮੀ ਯੋਜਨਾ' ਆਰਥਿਕ ਆਤਮਨਿਰਭਰਤਾ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਬਣ ਕੇ ਸਾਹਮਣੇ ਆਈ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਯੋਜਨਾ ਦਾ ਦਾਇਰਾ ਵਧਾਉਂਦੇ ਹੋਏ ਯੋਗਤਾ ਲਈ ਸਾਲਾਨਾ ਆਮਦਨ ਦੀ ਸੀਮਾ 1 ਲੱਖ ਰੁਪਏ ਤੋਂ ਵਧਾ ਕੇ 1.80 ਲੱਖ ਰੁਪਏ ਕਰਨ ਦਾ ਐਲਾਨ ਕੀਤਾ ਹੈ। ਇਹ ਬਦਲਾਅ ਇਸ ਲਈ ਮਹੱਤਵਪੂਰਨ ਹੈ ਕਿਉਂਕਿ ਆਮਦਨ ਸੀਮਾ ਵਧਣ ਨਾਲ ਵੱਡੀ ਗਿਣਤੀ ਵਿੱਚ ਵਾਧੂ ਮਹਿਲਾਵਾਂ ਯੋਜਨਾ ਦੇ ਦਾਇਰੇ ਵਿੱਚ ਆ ਸਕਣਗੀਆਂ। ਯੋਜਨਾ ਤਹਿਤ ਮੌਜੂਦਾ ਸਮੇਂ ਵਿੱਚ ਲਗਭਗ 10 ਲੱਖ ਮਹਿਲਾਵਾਂ ਨੂੰ ਪ੍ਰਤੀ ਮਹੀਨਾ 2,100 ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਜਾ ਰਹੀ ਹੈ। ਸਰਕਾਰ ਲਈ ਹੁਣ ਸਿਰਫ਼ ਸਹਾਇਤਾ ਦੇਣ ਤੱਕ ਸੀਮਤ ਰਹਿਣਾ ਨਹੀਂ ਹੈ, ਸਗੋਂ ਇਹ ਯਕੀਨੀ ਬਣਾਉਣਾ ਵੀ ਹੈ ਕਿ ਕੋਈ ਵੀ ਯੋਗ ਮਹਿਲਾ ਜਾਣਕਾਰੀ, ਦਸਤਾਵੇਜ਼ ਜਾਂ ਅਰਜ਼ੀ ਪ੍ਰਕਿਰਿਆ ਦੀ ਗੁੰਝਲਤਾ ਕਾਰਨ ਲਾਭ ਤੋਂ ਵਾਂਝੀ ਨਾ ਰਹਿ ਜਾਵੇ। ਇਸੇ ਉਦੇਸ਼ ਤਹਿਤ ਯੋਗ ਮਹਿਲਾਵਾਂ ਦਾ ਡਾਟਾ ਇਕੱਠਾ ਕਰਨ, ਬੈਂਕ ਖਾਤਿਆਂ ਦੀ ਤਸਦੀਕ, ਅਰਜ਼ੀ ਪ੍ਰਣਾਲੀ ਵਿੱਚ ਜ਼ਰੂਰੀ ਬਦਲਾਅ ਅਤੇ ਵਿਆਪਕ ਜਨ-ਜਾਗਰੂਕਤਾ ਮੁਹਿੰਮ ਦੀ ਕਾਰਜਯੋਜਨਾ ਤਿਆਰ ਕੀਤੀ ਗਈ ਹੈ।

# ਬੱਚਿਆਂ ਦੇ ਜਿਨਸੀ ਸ਼ੋਸ਼ਣ ਵਾਲੇ ਕੰਟੈਂਟ ’ਤੇ ਸਰਕਾਰ ਸਖ਼ਤ, ਫੇਸਬੁੱਕ-ਇੰਸਟਾਗ੍ਰਾਮ ਦੀ ਕਾਨੂੰਨੀ ਸੁਰੱਖਿਆ ਵਾਪਸ ਲੈਣ ਦੀ ਦਿੱਤੀ ਚਿਤਾਵਨੀ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 19 ਅਗਸਤ। ਸਰਕਾਰ ਨੇ ਇੰਸਟਾਗ੍ਰਾਮ ’ਤੇ ਬੱਚਿਆਂ ਨਾਲ ਜਿਨਸੀ ਸ਼ੋਸ਼ਣ ਨਾਲ ਸਬੰਧਤ ਸਮੱਗਰੀ ਸਾਂਝੀ ਕਰਨ ’ਤੇ ਮੇਟਾ ਨਾਲ ਸਖ਼ਤ ਇਤਰਾਜ਼ ਪ੍ਰਗਟ ਕੀਤੇ ਹਨ। ਇਨ੍ਹਾਂ ਚਰਚਾਵਾਂ ਤੋਂ ਬਾਅਦ ਸਰਕਾਰ ਨੇ ਕਾਰਵਾਈ ਵੀ ਸ਼ੁਰੂ ਕਰ ਦਿੱਤੀ ਹੈ। ਸਮਾਚਾਰ ਏਜੰਸੀ ਪੀਟੀਆਈ ਦੀ ਇੱਕ ਰਿਪੋਰਟ ਦੇ ਅਨੁਸਾਰ, ਸਰਕਾਰ ਨੇ ਇਸ ਮੁੱਦੇ ’ਤੇ ਮੇਟਾ ਨਾਲ ਸਖ਼ਤ ਗੱਲਬਾਤ ਕੀਤੀ, ਸਪੱਸ਼ਟ ਕੀਤਾ ਕਿ CSAM ਸਮੱਗਰੀ ਦਾ ਪ੍ਰਸਾਰ ਨਿਯਮਾਂ ਦੀ ਸਪੱਸ਼ਟ ਉਲੰਘਣਾ ਹੈ ਅਤੇ ਅਜਿਹੇ ਮਾਮਲਿਆਂ ਵਿੱਚ ਕੋਈ ‘ਸੁਰੱਖਿਅਤ ਬੰਦਰਗਾਹ’ (ਕਾਨੂੰਨੀ ਸੁਰੱਖਿਆ) ਨਹੀਂ ਦਿੱਤੀ ਜਾਵੇਗੀ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਸਰਕਾਰ ਨੇ ਮੇਟਾ ਨੂੰ ਸਪੱਸ਼ਟ ਕੀਤਾ ਕਿ ਇਸਦਾ ਇੱਕੋ ਇੱਕ ਉਦੇਸ਼ ਭਾਰਤੀ ਕਾਨੂੰਨਾਂ ਅਤੇ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣਾ ਹੈ; ਇਸਦਾ ਕਿਸੇ ਵੀ ਤਰੀਕੇ ਨਾਲ ਕਵਰੇਜ ਨੂੰ ਸੈਂਸਰ ਜਾਂ ਸੀਮਤ ਕਰਨ ਦਾ ਇਰਾਦਾ ਨਹੀਂ ਹੈ। ਆਈਟੀ ਮੰਤਰਾਲੇ ਦੇ ਸੂਤਰਾਂ ਦਾ ਹਵਾਲਾ ਦਿੰਦੇ ਹੋਏ, ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਸੋਸ਼ਲ ਮੀਡੀਆ ਨਾਲ ਜੁੜੇ ਨੁਕਸਾਨਾਂ ਨੂੰ ਘਟਾਉਣਾ ਅਤੇ ਸਹੀ ਸੰਤੁਲਨ ਬਣਾਉਣਾ ਇਨ੍ਹਾਂ ਪਲੇਟਫਾਰਮਾਂ ਦੀ ਜ਼ਿੰਮੇਵਾਰੀ ਹੈ।




ਚਰਚਾ ਦੌਰਾਨ, ਮੇਟਾ ਨੇ ਆਪਣਾ ਦ੍ਰਿਸ਼ਟੀਕੋਣ ਪੇਸ਼ ਕੀਤਾ ਅਤੇ ਆਪਣੇ ਐਲਗੋਰਿਦਮ ਅਤੇ ਪ੍ਰਣਾਲੀਆਂ ਦੇ ਕੰਮਕਾਜ ਬਾਰੇ ਦੱਸਿਆ। ਰਿਪੋਰਟ ਵਿੱਚ ਸਰਕਾਰ ਦੇ ਹਵਾਲੇ ਨਾਲ ਕਿਹਾ ਗਿਆ ਹੈ ਕਿ ਇਸ ਮਾਮਲੇ ’ਤੇ ਵਿਚਾਰ-ਵਟਾਂਦਰਾ ਜਾਰੀ ਹੈ ਅਤੇ ਅਜਿਹੇ ਮਾਮਲਿਆਂ ਵਿੱਚ ਫੈਸਲੇ ਲੈਣ ਅਤੇ ਬਦਲਾਅ ਲਾਗੂ ਕਰਨ ਦੀ ਲੋੜ ਹੈ। ਰਿਪੋਰਟ ਵਿੱਚ ਅੱਗੇ ਦੱਸਿਆ ਗਿਆ ਹੈ ਕਿ ਵਟ?ਹਸਐਪ ਯੂਜ਼ਰਨੇਮ ਸੰਬੰਧੀ ਮੁੱਦਾ ਜਾਂਚ ਅਧੀਨ ਹੈ ਅਤੇ ਇਹ ਸਿਰਫ਼ ਉਸ ਪਲੇਟਫਾਰਮ ਤੱਕ ਸੀਮਿਤ ਨਹੀਂ ਹੈ। ਏਆਈ ਲੇਬਲਿੰਗ ਦੇ ਸੰਬੰਧ ਵਿੱਚ ਇੱਕ ਮੰਤਰਾਲੇ ਦੇ ਅਧਿਕਾਰੀ ਨੇ ਕਥਿਤ ਤੌਰ ’ਤੇ ਕਿਹਾ ਕਿ ਕਾਨੂੰਨ ਸਪੱਸ਼ਟ ਤੌਰ ’ਤੇ ਸਿੰਥੈਟਿਕ ਤੌਰ ’ਤੇ ਤਿਆਰ ਕੀਤੀ ਗਈ ਸਮੱਗਰੀ ਦੀ ਲੇਬਲਿੰਗ ਨੂੰ ਲਾਜ਼ਮੀ ਕਰਦਾ ਹੈ। ‘ਸੇਫ ਹਾਰਬਰ’ ਸੁਰੱਖਿਆ ਸੂਚਨਾ ਤਕਨਾਲੋਜੀ ਐਕਟ ਦੀ ਧਾਰਾ 79 ਦੇ ਤਹਿਤ ਦਿੱਤੀ ਗਈ ਹੈ। ਇਹ ਵਿਚੋਲਿਆਂ ਨੂੰ ਉਨ੍ਹਾਂ ਦੇ ਪਲੇਟਫਾਰਮਾਂ ’ਤੇ ਹੋਸਟ ਕੀਤੀ ਗਈ ਤੀਜੀ-ਧਿਰ ਦੀ ਸਮੱਗਰੀ ਲਈ ਕਾਨੂੰਨੀ ਤੌਰ ’ਤੇ ਜ਼ਿੰਮੇਵਾਰ ਠਹਿਰਾਏ ਜਾਣ ਤੋਂ ਬਚਾਉਂਦਾ ਹੈ। ਸੁਪਰੀਮ ਕੋਰਟ ਦੀ ਕਾਰਵਾਈ ਦੌਰਾਨ ਬੱਚਿਆਂ ਦੇ ਜਿਨਸੀ ਸ਼ੋਸ਼ਣ ਵਿਰੁੱਧ ਸੁਰੱਖਿਆ ਉਪਾਵਾਂ ਦੀ ਪਾਲਣਾ ਕਰਨ ਵਿੱਚ ਸੋਸ਼ਲ ਮੀਡੀਆ ਵਿਚੋਲਿਆਂ ਦੁਆਰਾ ਕਥਿਤ ਤੌਰ ’ਤੇ ਕੀਤੀਆਂ ਗਈਆਂ ਗਲਤੀਆਂ ਦਾ ਮੁੱਦਾ ਵੀ ਸਾਹਮਣੇ ਆਇਆ। ਜਸਟਿਸ ਜੇਬੀ ਪਾਰਦੀਵਾਲਾ ਅਤੇ ਜਸਟਿਸ ਕੇ ਵਿਨੋਦ ਚੰਦਰਨ ਦੀ ਬੈਂਚ ਨੇ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਅਤੇ ਬੱਚਿਆਂ ਨੂੰ ਆਨਲਾਈਨ ਜਿਨਸੀ ਸ਼ੋਸ਼ਣ ਤੋਂ ਬਚਾਉਣ ਬਾਰੇ ਚਿੰਤਾਵਾਂ ਜ਼ਾਹਰ ਕਰਨ ਵਾਲੀ ਪਟੀਸ਼ਨ ’ਤੇ ਕੇਂਦਰ ਤੋਂ ਜਵਾਬ ਮੰਗਿਆ। ਅਦਾਲਤ ਨੇ ਕਿਹਾ ਕਿ ਉਸ ਦੇ ਸਾਹਮਣੇ ਲਿਆਂਦੇ ਗਏ ਮੁੱਦੇ ਗੰਭੀਰ ਚਿੰਤਾ ਦੇ ਮਾਮਲੇ ਹਨ ਅਤੇ ਇਨ੍ਹਾਂ ’ਤੇ ਪੂਰੀ ਤਰ੍ਹਾਂ ਅਤੇ ਗੰਭੀਰਤਾ ਨਾਲ ਵਿਚਾਰ ਕਰਨ ਦੀ ਲੋੜ ਹੈ।

# ਮੁੰਬਈ ’ਚ ਬਹੁ-ਮੰਜ਼ਿਲਾ ਇਮਾਰਤ ਨੂੰ ਲੱਗੀ ਅੱਗ, ਮਾਸੂਮ ਬੱਚੇ ਤੇ ਔਰਤ ਦੀ ਦਰਦਨਾਕ ਮੌਤ

ਮੁੰਬਈ 19 ਅਗਸਤ। ਮੁੰਬਈ ਦੇ ਵਿਲੇ ਪਾਰਲੇ ਇਲਾਕੇ ਵਿੱਚ ਇੱਕ ਇਮਾਰਤ ਦੀ 11ਵੀਂ ਮੰਜ਼ਿਲ ’ਤੇ ਅੱਗ ਲੱਗਣ ਕਾਰਨ 2 ਲੋਕਾਂ ਦੀ ਮੌਤ ਹੋ ਗਈ ਅਤੇ 6 ਹੋਰ ਜ਼ਖਮੀ ਹੋ ਗਏ। ਇਹ ਘਟਨਾ ਬੁੱਧਵਾਰ ਰਾਤ ਨੂੰ ਵਾਪਰੀ। ਵਿਲੇ ਪਾਰਲੇ ਵੈਸਟ ਵਿੱਚ 12 ਮੰਜ਼ਿਲਾ ਇਮਾਰਤ ਦੀ 11ਵੀਂ ਮੰਜ਼ਿਲ ’ਤੇ ਅੱਗ ਲੱਗਣ ਤੋਂ ਬਾਅਦ ਕਈ ਲੋਕ ਅੰਦਰ ਫਸ ਗਏ ਸਨ। ਫਾਇਰਫਾਈਟਰਜ਼ ਨੇ ਸਖ਼ਤ ਕੋਸ਼ਿਸ਼ਾਂ ਤੋਂ ਬਾਅਦ ਉਨ੍ਹਾਂ ਨੂੰ ਬਚਾਉਣ ਵਿੱਚ ਕਾਮਯਾਬੀ ਹਾਸਲ ਕੀਤੀ ਅਤੇ ਉਨ੍ਹਾਂ ਨੂੰ ਹਸਪਤਾਲ ਪਹੁੰਚਾਇਆ, ਪਰ ਦੋ ਵਿਅਕਤੀਆਂ ਦੀ ਜਾਨ ਚਲੀ ਗਈ। ਮ੍ਰਿਤਕਾਂ ਵਿੱਚ ਢਾਈ ਸਾਲ ਦਾ ਇੱਕ ਬੱਚਾ ਵੀ ਸ਼ਾਮਲ ਹੈ। ਬੈਪਿਸਟਾ ਰੋਡ ’ਤੇ ਸੇਂਟ ਜ਼ੇਵੀਅਰ ਸਕੂਲ ਦੇ ਨੇੜੇ ਚਰਚ ਰੋਡ ’ਤੇ ਸਥਿਤ ‘ਸ਼ਾਂਤਾ ਭਵਨ’ ਇਮਾਰਤ ਦੇ ਫਲੈਟਾਂ 1101 ਅਤੇ 1102 ਵਿੱਚ ਅੱਗ ਲੱਗ ਗਈ। ਰਿਪੋਰਟਾਂ ਦੇ ਅਨੁਸਾਰ, ਅੱਗ ਹੌਲੀ-ਹੌਲੀ ਬਿਜਲੀ ਦੀਆਂ ਤਾਰਾਂ ਅਤੇ ਸਥਾਪਨਾਵਾਂ, ਇੱਕ ਏਸੀ ਯੂਨਿਟ, ਅਤੇ ਸੋਫੇ, ਬਿਸਤਰੇ, ਫਾਲਸ ਸੀਲਿੰਗ ਅਤੇ ਰਸੋਈ ਦੇ ਸਮਾਨ ਵਰਗੀਆਂ ਘਰੇਲੂ ਚੀਜ਼ਾਂ ਨੂੰ ਆਪਣੀ ਲਪੇਟ ਵਿੱਚ ਲੈ ਗਈ। ਅੱਗ ਤੇਜ਼ੀ ਨਾਲ



ਤੇਜ਼ ਹੋ ਗਈ, ਤੇਜ਼ੀ ਨਾਲ ਲਗਭਗ 4,000 ਵਰਗ ਫੁੱਟ ਦੇ ਖੇਤਰ ਵਿੱਚ ਫੈਲ ਗਈ। ਇਸ ਘਟਨਾ ਵਿੱਚ ਕੁੱਲ 8 ਲੋਕ ਜ਼ਖਮੀ ਹੋਏ ਹਨ। ਜ਼ਖਮੀਆਂ ਵਿੱਚੋਂ ਦੋ ਨੂੰ ਕੂਪਰ ਹਸਪਤਾਲ ਲਿਜਾਇਆ ਗਿਆ, ਜਦੋਂ ਕਿ 6 ਨੂੰ ਨਾਨਾਵਤੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਫਾਇਰਮੈਨ ਮਨੋਜ ਸੋਨਾਵਨੇ (30) ਅਤੇ ਸ਼ਿਵਮ ਦਿਵੇਦੀ (29) ਨੂੰ ਇਲਾਜ ਤੋਂ ਬਾਅਦ ਕੂਪਰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਇਸ ਦੌਰਾਨ ਨਾਨਾਵਤੀ ਹਸਪਤਾਲ ਵਿੱਚ, 2.5 ਸਾਲਾ ਅਬੀਰ ਅਤੇ 23 ਸਾਲਾ ਅੰਕਿਤਾ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਬਾਕੀ ਚਾਰ ਜ਼ਖਮੀਆਂ, ਪਾਰਥ (32), ਹਿਰੇਨ (64), ਯਸ਼ਾਸਵੀ (33) ਅਤੇ ਅਭਿਸ਼ੇਕ - ਦੀ ਹਾਲਤ ਹੁਣ ਸਥਿਰ ਹੈ। ਯਸ਼ਾਸਵੀ ਅਤੇ ਅਭਿਸ਼ੇਕ ਨੂੰ ਵੀ ਇਲਾਜ ਤੋਂ ਬਾਅਦ ਛੁੱਟੀ ਦੇ ਦਿੱਤੀ ਗਈ ਹੈ। ਹਾਲਾਂਕਿ, ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ। ਮਾਮਲੇ ਦੀ ਜਾਂਚ ਜਾਰੀ ਹੈ।

# ‘ਦਰਵਾਜ਼ਾ ਖੋਲ੍ਹੋ..!’ ਜਹਾਜ਼ ’ਚ ਬੈਠੇ ਯਾਤਰੀਆਂ ਦਾ ਰੁਕਣ ਲੱਗਾ ਸਾਹ, ਹੋ ਗਿਆ ਬੁਰਾ ਹਾਲ

ਨਵੀਂ ਦਿੱਲੀ 19 ਅਗਸਤ। ਦਿੱਲੀ ਤੋਂ ਪੁਣੇ ਜਾ ਰਹੀ ਸਪਾਈਸਜੈੱਟ ਦੀ ਉਡਾਣ ’ਚ ਕੁਝ ਅਜਿਹਾ ਹੋਇਆ, ਜਿਸ ਕਾਰਨ ਯਾਤਰੀ ਬੇਚੈਨ ਹੋ ਗਏ ਅਤੇ ਚੀਕਣ ਲੱਗੇ। ਉਨ੍ਹਾਂ ਨੇ ਕੈਬਿਨ ਕਰੂ ਨੂੰ ਬਾਹਰ ਕੱਢਣ ਦੀ ਬੇਨਤੀ ਕਰਨੀ ਸ਼ੁਰੂ ਕਰ ਦਿੱਤੀ। ਹਾਲਾਂਕਿ, ਪਾਇਲਟ ਅਤੇ ਕੈਬਿਨ ਕਰੂ ਨੇ ਸੁਣਨ ਤੋਂ ਇਨਕਾਰ ਕਰ ਦਿੱਤਾ। ਸਭ ਕੁਝ ਦੇਖਦੇ ਹੋਏ ਵੀ ਉਹ ਯਾਤਰੀਆਂ ਦੀ ਪਰੇਸ਼ਾਨੀ ਨੂੰ ਨਜ਼ਰਅੰਦਾਜ ਕਰ ਰਹੇ ਸਨ। ਇਕ ਯਾਤਰੀ ਦੀ ਚੌਕਸੀ ਨਾਲ ਵੱਡਾ ਹਾਦਸਾ ਟਲ ਗਿਆ। ਕੁਝ ਯਾਤਰੀਆਂ ਨੇ ਇਸ ਪੂਰੀ ਘਟਨਾ ਨੂੰ ਆਪਣੇ ਮੋਬਾਈਲ ’ਚ ਕੈਦ ਕਰ ਲਿਆ। ਇਹ ਵੀਡੀਓ ਹੁਣ ਤੇਜ਼ੀ ਨਾਲ ਵਾਇਰਲ ਹੋ ਰਹੇ ਹਨ। ਫਲਾਈਟ ’ਚ ਮੌਜੂਦ ਇਕ ਯਾਤਰੀ ਨੇ ਭਿਆਨਕ ਦ੍ਰਿਸ਼ ਨੂੰ ਬਿਆਨ ਕੀਤਾ। ਸਪਾਈਸਜੈੱਟ ਨੇ ਯਾਤਰੀਆਂ ਨੂੰ ਹੋਈ ਅਸੁਵਿਧਾ ਲਈ ਮੁਆਫੀ ਮੰਗੀ ਹੈ। ਜਹਾਜ਼ ’ਚ ਮੌਜੂਦ ਲੇਸ਼ਪਾਲ ਜਲਾਘੇ ਨੇ ਕਿਹਾ ਕਿ ਬਜ਼ੁਰਗਾਂ ਸਮੇਤ ਸਾਰੇ ਯਾਤਰੀਆਂ ਨੂੰ ਸਾਹ ਲੈਣ ’ਚ ਮੁਸ਼ਕਲ ਹੋ ਰਹੀ ਸੀ। ਸ਼ਿਕਾਇਤ ਦਾ ਵੀ ਕੋਈ ਫਾਇਦਾ ਨਹੀਂ ਹੋਇਆ। ਜਿਸ ਤੋਂ ਬਾਅਦ ਉਨ੍ਹਾਂ ਨੇ ਹੰਗਾਮਾ ਸ਼ੁਰੂ ਕਰ ਦਿੱਤਾ। ਉਨ੍ਹਾਂ ਨੇ ਸਪਾਈਸਜੈੱਟ ਖ਼?ਲਾਫ਼ ਨਾਅਰੇ ਲਗਾਏ। ਲੇਸ਼ਪਾਲ ਨੇ ਕਿਹਾ ਕਿ ਯਾਤਰੀਆਂ ਨੂੰ ਸਾਹ ਲੈਣ ’ਚ ਪਰੇਸ਼ਾਨੀ ਹੋਣ ਤੋਂ ਬਾਅਦ ਵੀ ਕੈਪਟਨ ਜਹਾਜ਼ ਨੂੰ ਉਡਾਉਣ ਦੀ ਜਲਦੀ ’ਚ ਸੀ। ਅੰਤ ’ਚ, ਜਦੋਂ ਇਹ ਪਤਾ ਲੱਗਾ ਕਿ ਜਹਾਜ਼ ’ਚ ਸੱਚਮੁੱਚ ਕੋਈ ਨੁਕਸ ਹੈ ਤਾਂ ਯਾਤਰੀਆਂ ਨੂੰ ਤੁਰੰਤ ਬਾਹਰ ਕੱਢ ਲਿਆ ਗਿਆ, ਜਿਸ ਨਾਲ ਇਕ ਵੱਡਾ ਹਾਦਸਾ ਟਲ ਗਿਆ। ਲੇਸ਼ਪਾਲ ਦੇ ਅਨੁਸਾਰ, 11 ਅਗਸਤ, 2026 ਨੂੰ ਸਪਾਈਸਜੈੱਟ ਦੀ ਉਡਾਣ 105 ਦਿੱਲੀ ਤੋਂ ਪੁਣੇ ਜਾ ਰਹੀ ਸੀ। ਉਸ ਸਮੇਂ, ਇਕ ਤਕਨੀਕੀ ਖਰਾਬੀ ਆ ਗਈ। ਜਹਾਜ਼ ਤੇਜ਼ੀ ਨਾਲ ਗਰਮ ਹੋਣ ਲੱਗਾ। ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ, ਹਰ ਉਮਰ ਦੇ ਲੋਕ ਸਵਾਰ ਸਨ। ਅੰਦਰ ਦਾ ਤਾਪਮਾਨ ਇੰਨਾ ਤੇਜ਼ ਹੋ ਗਿਆ ਕਿ ਹਰ ਕੋਈ ਇਸ ਨੂੰ ਬਰਦਾਸ਼ਤ ਨਹੀਂ ਕਰ ਸਕਿਆ। ਹਰ ਕੋਈ ਪਸੀਨੇ ਨਾਲ ਭਰ ਗਿਆ ਅਤੇ ਸਾਹ ਲੈਣ ’ਚ ਹੋਣ ਲੱਗੀ। ਉਹ ਚੀਕਣ ਲੱਗੇ। ਸਾਰੇ ਯਾਤਰੀਆਂ ਨੇ ਹੰਗਾਮਾ ਕੀਤਾ ਅਤੇ ਫਲਾਈਟ ਨੂੰ ਉਡਾਣ ਭਰਨ ਤੋਂ ਰੋਕਿਆ। ਜਦੋਂ ਕਿ ਕੈਪਟਨ ਅਤੇ ਹੋਰ ਸਟਾਫ ਮੈਂਬਰ ਯਾਤਰੀਆਂ ਨੂੰ ਚੁੱਪ ਕਰਵਾਉਣ ਲਈ ਪੁਲਸ ਬੁਲਾਉਣ ਦੀ ਧਮਕੀ ਦੇ ਰਿਹਾ ਸੀ। ਹਾਲਾਂਕਿ, ਯਾਤਰੀਆਂ ਨੇ ਇੰਨਾ ਹੰਗਾਮਾ ਕੀਤਾ ਕਿ ਸਥਿਤੀ ਦੇਖਦੇ ਹੋਏ ਫਲਾਈਟ ਨੂੰ ਤੁਰੰਤ ਰਨਵੇਅ ’ਤੇ ਲਿਆਂਦਾ ਗਿਆ। ਇਸ ਤੋਂ ਬਾਅਦ ਪਤਾ ਲੱਗਾ ਕਿ ਅਸਲ ’ਚ ਜਹਾਜ਼ ’ਚ ਕੋਈ ਖ਼ਰਾਬੀ ਸੀ। ਲੇਸ਼ਪਾਲ ਨੇ ਏਅਰਲਾਈਨ ’ਤੇ ਸਵਾਲ ਉਠਾਉਂਦੇ ਹੋਏ ਕਿਹਾ ਕਿ ਸਪਾਈਸਜੈੱਟ ਇੰਨੀ ਮਾੜੀ ਸੇਵਾ ਪ੍ਰਦਾਨ ਕਰਕੇ ਅਤੇ ਯਾਤਰੀਆਂ ਦੀਆਂ ਜਾਨਾਂ ਨੂੰ ਖਤਰੇ ’ਚ ਪਾ ਕੇ ਇਕ ਵੱਡੀ ਗਲਤੀ ਕਰ ਰਹੀ ਹੈ। ਇਸ ਘਟਨਾ ਤੋਂ ਦੁਖੀ ਹੋ ਕੇ, ਯਾਤਰੀਆਂ ਨੇ ਹਵਾਈ ਅੱਡੇ ’ਤੇ ਵਿਰੋਧ ਪ੍ਰਦਰਸ਼ਨ ਕਰਨਾ ਸ਼ੁਰੂ ਕਰ ਦਿੱਤਾ। ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੂੰ ਇਸ ਮਾਮਲੇ ਦਾ ਗੰਭੀਰਤਾ ਨਾਲ ਨੋਟਿਸ ਲੈਣਾ ਚਾਹੀਦਾ ਹੈ ਅਤੇ ਸਪਾਈਸਜੈੱਟ ਏਅਰਲਾਈਨਜ਼ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਸਪਾਈਸਜੈੱਟ ਨੇ ਇਸ ਘਟਨਾ ਅਤੇ ਯਾਤਰੀਆਂ ਨੂੰ ਹੋਈ ਅਸੁਵਿਧਾ ਲਈ ਮੁਆਫ਼ੀ ਮੰਗੀ ਹੈ। ਏਅਰਲਾਈਨ ਨੇ ਕਿਹਾ ਕਿ 11 ਅਗਸਤ, 2026 ਨੂੰ ਦਿੱਲੀ ਤੋਂ ਪੁਣੇ ਜਾ ਰਹੀ ਸਪਾਈਸਜੈੱਟ ਦੀ ਉਡਾਣ 105 ’ਚ ਆਖਰੀ ਸਮੇਂ ’ਚ ਤਕਨੀਕੀ ਸਮੱਸਿਆ ਆਈ। ਯਾਤਰੀਆਂ ਲਈ ਦੂਜਾ ਜਹਾਜ਼ ਉਪਲਬਧ ਕਰਵਾਇਆ ਗਿਆ ਅਤੇ ਪੁਣੇ ਵੱਲ ਮੋੜ ਦਿੱਤਾ ਗਿਆ। ਸਪਾਈਸਜੈੱਟ ਯਾਤਰੀਆਂ ਨੂੰ ਹੋਈ ਅਸੁਵਿਧਾ ਲਈ ਅਫ਼ਸੋਸ ਪ੍ਰਗਟ ਕਰਦਾ ਹੈ।

# ਰਿਹਾਇਸ਼ੀ ਸਕੂਲ ’ਚ ਖਾਣਾ ਖਾਣ ਮਗਰੋਂ 7 ਵਿਦਿਆਰਥਣਾਂ ਬੀਮਾਰ, ਜਾਂਚ ਦੇ ਹੁਕਮ ਜਾਰੀ

**ਕੌਮੀ ਪਤ੍ਰਿਕਾ**

ਬਦੌਣ 19 ਅਗਸਤ। ਉੱਤਰ ਪ੍ਰਦੇਸ਼ ਦੇ ਬਦਾਯੂੰ ਜ਼ਿਲ੍ਹੇ ਦੇ ਇੱਕ ਰਿਹਾਇਸ਼ੀ ਕੁੜੀਆਂ ਦੇ ਸਕੂਲ ਵਿੱਚ ਸ਼ਨੀਵਾਰ ਰਾਤ ਨੂੰ ਖਾਣਾ ਖਾਣ ਤੋਂ ਬਾਅਦ ਸੱਤ ਵਿਦਿਆਰਥਣਾਂ ਅਚਾਨਕ ਬਿਮਾਰ ਹੋ ਗਈਆਂ। ਅਧਿਕਾਰੀਆਂ ਨੇ ਐਤਵਾਰ ਨੂੰ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਦਾਤਾਗੰਜ ਤਹਿਸੀਲ ਦੇ ਸਮਰੇਰ ਬਲਾਕ ਵਿੱਚ ਸਥਿਤ ਜੈ ਪ੍ਰਕਾਸ਼ ਨਾਰਾਇਣ ਸਰਵੋਦਿਆ ਰਿਹਾਇਸ਼ੀ ਗਰਲਜ਼ ਸਕੂਲ ਦੀਆਂ ਵਿਦਿਆਰਥਣਾਂ ਦੀ ਸਿਹਤ ਖਰਾਬ ਹੋਣ ਕਾਰਨ ਉਨ੍ਹਾਂ ਨੂੰ ਦੁਪਹਿਰ 12:30 ਵਜੇ ਦੇ ਕਰੀਬ ਕਮਿਊਨਿਟੀ ਹੈਲਥ ਸੈਂਟਰ (ਸੀਐਚਸੀ) ਵਿੱਚ ਦਾਖਲ ਕਰਵਾਇਆ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਮੁੱਢਲੀ ਸਹਾਇਤਾ ਤੋਂ ਬਾਅਦ ਪੰਜ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਪਰਿਵਾਰਾਂ ਨੇ ਘਰ ਲੈ ਜਾਇਆ, ਉਨ੍ਹਾਂ ਦਾ ਇੱਕ ਨਿੱਜੀ ਹਸਪਤਾਲ ਵਿੱਚ ਇਲਾਜ ਕਰਨ ਦਾ ਵਾਅਦਾ ਕੀਤਾ। ਕਮਿਊਨਿਟੀ ਹੈਲਥ ਸੈਂਟਰ ਦੇ ਡਾਕਟਰਾਂ ਨੇ ਦੋ ਵਿਦਿਆਰਥੀਆਂ ਦੀ ਹਾਲਤ



ਨਾਜ਼ੁਕ ਹੋਣ ਕਾਰਨ ਉਨ੍ਹਾਂ ਨੂੰ ਜ਼ਿਲ੍ਹਾ ਹਸਪਤਾਲ ਰੈਫਰ ਕਰ ਦਿੱਤਾ। ਸਮਰੇਰ ਕਮਿਊਨਿਟੀ ਹੈਲਥ ਸੈਂਟਰ ਦੇ ਮੈਡੀਕਲ ਅਫਸਰ ਲਿਕਿਮਾ ਰਾਮ ਨੇ ਦੱਸਿਆ ਕਿ ਪਹਿਲੀ ਨਜ਼ਰੇ ਵਿਦਿਆਰਥੀਆਂ ਦੀ ਸਿਹਤ ਗਰਮੀ ਕਾਰਨ ਵਿਗੜਨ ਦਾ ਸ਼ੱਕ ਹੈ। ਉਨ੍ਹਾਂ ਕਿਹਾ ਕਿ ਖਾਣੇ ਵਿਚ ਕਿਸੇ ਤਰ੍ਹਾਂ ਦੀ ਕੋਈ ਸਮੱਸਿਆ ਹੋਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਅਤੇ ਜਾਂਚ ਕੀਤੀ ਜਾਵੇਗੀ। ਰਾਮ ਨੇ ਕਿਹਾ ਕਿ ਪ੍ਰਸ਼ਾਸਨ ਵਲੋਂ ਖਾਣੇ ਦੇ ਨਮੂਨੇ ਇਕੱਠੇ ਕੀਤੇ ਜਾਣਗੇ ਅਤੇ ਜਾਂਚ ਤੋਂ ਬਾਅਦ ਹੀ ਇਹ ਸਪੱਸ਼ਟ ਹੋਵੇਗਾ ਕਿ ਖਾਣੇ ਵਿੱਚ ਕੋਈ ਸਮੱਸਿਆ ਸੀ ਜਾਂ ਨਹੀਂ। ਰਿਹਾਇਸ਼ੀ ਸਕੂਲ ਦੇ ਪ੍ਰਿੰਸੀਪਲ ਰਾਜੇਂਦਰ ਪ੍ਰਸਾਦ ਨੇ ਦੱਸਿਆ ਕਿ ਗਰਮੀ ਕਾਰਨ ਤਿੰਨ ਵਿਦਿਆਰਥਣਾਂ ਦੀ ਸਿਹਤ ਵਿਗੜ ਗਈ। ਦਾਤਾਗੰਜ ਦੇ ਉਪ-ਜ਼ਿਲ੍ਹਾ ਮੈਜਿਸਟਰੇਟ (ਐਸਡੀਐਮ) ਵਿਨੋਦ ਕੁਮਾਰ ਸਿੰਘ ਨੇ ਮਾਮਲੇ ਦਾ ਨੋਟਿਸ ਲਿਆ ਅਤੇ ਨਾਇਬ ਤਹਿਸੀਲਦਾਰ ਦੀ ਅਗਵਾਈ ਵਿੱਚ ਜਾਂਚ ਦੇ ਹੁਕਮ ਦਿੱਤੇ। ਜ਼ਿਲ੍ਹਾ ਮੈਜਿਸਟ?ਰੇਟ ਅਵਨੀਸ਼ ਕੁਮਾਰ ਰਾਏ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਲਈ ਐਸਡੀਐਮ ਅਤੇ ਤਹਿਸੀਲਦਾਰ ਦੀ ਇੱਕ ਕਮੇਟੀ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਜਾਂਚ ਰਿਪੋਰਟ ਐਤਵਾਰ ਸ਼ਾਮ ਤੱਕ ਆਉਣ ਦੀ ਉਮੀਦ ਹੈ।

# ਰੱਖੜੀ ਦੇ ਤਿਉਹਾਰ ਤੋਂ ਪਹਿਲਾਂ ਖ਼ੁਰਾਕ ਵਿਭਾਗ ਦੀ ਵੱਡੀ ਕਾਰਵਾਈ, 102 ਕਿਲੋ ਖ਼ਰਾਬ ਬਰਫ਼ੀ ਕੀਤੀ ਜ਼ਬਤ

**ਕੌਮੀ ਪਤ੍ਰਿਕਾ**

ਬਿਲਾਸਪੁਰ 19 ਅਗਸਤ। ਛੱਤੀਸਗੜ੍ਹ ਵਿੱਚ ਰੱਖੜੀ ਤੋਂ ਪਹਿਲਾਂ ਖਾਣ-ਪੀਣ ਦੀਆਂ ਵਸਤਾਂ ਦੀ ਗੁਣਵੱਤਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਖੁਰਾਕ ਅਤੇ ਦਵਾਈ ਪ੍ਰਸ਼ਾਸਨ ਵਿਭਾਗ ਵਲੋਂ ਬਨ ਖਾਬੋ-ਬਨ ਰਹਿਬੋ ਮੁਹਿੰਮ ਸ਼ੁਰੂ ਕੀਤੀ ਗਈ। ਬਿਲਾਸਪੁਰ ਵਿੱਚ ਮਿਠਾਈਆਂ ਦੀਆਂ ਦੁਕਾਨਾਂ ਅਤੇ ਹੋਰ ਖਾਣ-ਪੀਣ ਦੀਆਂ ਦੁਕਾਨਾਂ ’ਤੇ 7 ਦਿਨਾਂ ਤੱਕ ਚੱਲਣ ਵਾਲੇ ਇਸ ਨਿਰੀਖਣ ਦੌਰਾਨ ਵਿਆਪਰ ਵਿਹਾਰ ਸਥਿਤ ਪਵਨ ਟ?ਰੇਡਰਜ਼ ਤੋਂ 23 ਡੱਬਿਆਂ ਵਿੱਚ ਰੱਖੀ ਕਰੀਬ 102 ਕਿਲੋ ਬਰਫ਼ੀ ਜ਼ਬਤ ਕੀਤੀ। ਫੂਡ ਐਂਡ ਡਰੱਗ ਐਡਮਿਨਿਸਟ?ਰੇਸ਼ਨ ਦੇ ਮਨੋਨੀਤ ਅਧਿਕਾਰੀ (ਡੀਓ) ਆਰ.ਆਰ. ਦੇਵਾਂਗਨ ਨੇ ਅੱਜ ਦੱਸਿਆ ਕਿ ਰਾਜ ਸਰਕਾਰ ਨੇ ਸੂਬੇ ਵਿੱਚ ਨਕਲੀ ਪਨੀਰ ’ਤੇ ਪਾਬੰਦੀ ਲਗਾ ਦਿੱਤੀ, ਜਿਸ ਤੋਂ ਬਾਅਦ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸਰਕਾਰ ਨੇ ਇੱਕ ਹਫ਼ਤੇ ਤੱਕ ਬਣੇ ਖਾਬੋ-ਬਣੇ ਰਹਿਬੋ ਮੁਹਿੰਮ ਸ਼ੁਰੂ ਕੀਤੀ, ਜਿਸ ਵਿੱਚ ਰੱਖੜੀ ਦੇ ਤਿਉਹਾਰ ਤੋਂ ਪਹਿਲਾਂ ਸਾਰੀਆਂ ਖਾਣ-ਪੀਣ ਅਤੇ ਮਿਠਾਈਆਂ ਦੀਆਂ ਦੁਕਾਨਾਂ ਦੀ ਜਾਂਚ ਕਰਨ ਦੇ ਨਿਰਦੇਸ਼



ਦਿੱਤੇ। ਉਨ੍ਹਾਂ ਦੱਸਿਆ ਕਿ ਸੋਮਵਾਰ ਨੂੰ ਸੱਤ ਦਿਨਾਂ ਦੀ ਮੁਹਿੰਮ ਤਹਿਤ ਵਿਆਪਰ ਵਿਹਾਰ ਵਿੱਚ ਸਥਿਤ ਇੱਕ ਫਰਮ ਪਵਨ ਟ?ਰੇਡਰਜ਼ ਦਾ ਨਿਰੀਖਣ ਕੀਤਾ ਗਿਆ। ਬਰਫ਼ੀ ’ਤੇ ਲੱਗਿਆ ਲੇਬਲ ਨਿਰਧਾਰਤ ਮਾਪਦੰਡਾਂ ਦੇ ਅਨੁਸਾਰ ਨਹੀਂ ਪਾਇਆ ਗਿਆ। ਨਿਰੀਖਣ ਟੀਮ ਨੇ ਬਰਫ਼ੀ ਦਾ ਨਮੂਨਾ ਲੈ ਕੇ ਇਸਨੂੰ ਜਾਂਚ ਲਈ ਭੇਜਿਆ। ਸਥਾਪਨਾ ’ਤੇ 23 ਡੱਬਿਆਂ ਵਿੱਚ ਸਟੋਰ ਕੀਤੀ 102 ਕਿਲੋਗ੍ਰਾਮ ਬਰਫ਼ੀ ਜ਼ਬਤ ਕਰ ਲਈ। ਉਨ੍ਹਾਂ ਦੱਸਿਆ ਕਿ ਬਰਫ਼ੀ ਦੀ ਗੁਣਵੱਤਾ ਮਾੜੀ ਅਤੇ ਨਕਲੀ ਸੀ। ਮੁਹਿੰਮ ਦੇ ਹਿੱਸੇ ਵਜੋਂ ਸ਼ਨੀਚਾਰੀ ਬਾਜ਼ਾਰ ਵਿੱਚ ਸਥਿਤ ਗੁਰੂ ਕ੍ਰਿਪਾ ਟਰੇਡਰਜ਼ ਦਾ ਵੀ ਨਿਰੀਖਣ ਕੀਤਾ ਗਿਆ। ‘ਮਦਰਾਸ ਦੀ ਮਸ਼ਹੂਰ ਵਿਸ਼ੇਸ਼ ਖਸਤਾ ਮਿਠਾਈ’ ਦਾ ਨਮੂਨਾ ਲੈ ਕੇ ਜਾਂਚ ਲਈ ਭੇਜਿਆ ਗਿਆ ਹੈ। ਲੇਬਲ ਵਿੱਚ ਪਾਈ ਗਈ ਕਮੀ ਦੇ ਆਧਾਰ ’ਤੇ ਨਕਲੀ ਦਾ ਮਾਮਲਾ ਦਰਜ ਕੀਤਾ ਗਿਆ ਹੈ। ਸ੍ਰੀ ਦੇਵਾਂਗਨ ਨੇ ਦੱਸਿਆ ਕਿ ਰੱਖੜੀ ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਮਠਿਆਈਆਂ, ਪਨੀਰ, ਖੋਆ ਅਤੇ ਹੋਰ ਖਾਣ-ਪੀਣ ਦੀਆਂ ਵਸਤਾਂ ਦੀ ਨਿਯਮਤ ਜਾਂਚ ਕੀਤੀ ਜਾ ਰਹੀ ਹੈ। ਇਹ ਮੁਹਿੰਮ ਇੱਕ ਹਫ਼ਤੇ ਤੱਕ ਚੱਲੇਗੀ। ਇਸ ਦੌਰਾਨ ਮਿਠਾਈ ਵੇਚਣ ਵਾਲਿਆਂ ਅਤੇ ਨਿਰਮਾਣ ਫਰਮਾਂ ਦਾ ਵੀ ਨਿਰੀਖਣ ਕੀਤਾ ਜਾਵੇਗਾ ਅਤੇ ਜੇਕਰ ਉਲੰਘਣਾ ਪਾਈ ਗਈ ਤਾਂ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੁਹਿੰਮ ਰਾਹੀਂ ਲੋਕਾਂ ਨੂੰ ਸੁਰੱਖਿਅਤ ਭੋਜਨ ਪਦਾਰਥਾਂ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਫੂਡ ਐਂਡ ਡਰੱਗ ਐਡਮਿਨਿਸਟ?ਰੇਸ਼ਨ ਵੱਲੋਂ ਜਾਂਚ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹੇਗੀ।

# ਦੇਸ਼ ਦੇ ਕਿਸਾਨਾਂ ਨੂੰ ਆਰਥਿਕ ਝਟਕਾ, ਖਾਦਾਂ ਦੀਆਂ ਕੀਮਤਾਂ ’ਚ 1100 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ

ਬਠਿੰਡਾ 19 ਅਗਸਤ। ਖਾਦ ਕੰਪਨੀਆਂ ਵਲੋਂ ਕਿਸਾਨਾਂ ਨੂੰ ਇਕ ਹੋਰ ਆਰਥਿਕ ਝਟਕਾ ਦਿੰਦਿਆਂ ਦੇਸ਼ ’ਚ ਸਭ ਤੋਂ ਵੱਧ ਵਰਤੀ ਜਾਂਦੀ ਐੱਨਪੀਕੇ ਖਾਦ ’ਚ 1100 ਰੁਪਏ ਪ੍ਰਤੀ ਕੁਇੰਟਲ ( 550 ਰੁਪਏ ਪ੍ਰਤੀ ਗੱਟਾ 50 ਕਿਲੋ ) ਵਾਧਾ ਕਰਕੇ ਕਿਸਾਨਾਂ ’ਤੇ ਵਾਧੂ ਆਰਥਿਕ ਬੋਝ ਪਾ ਦਿੱਤਾ। ਹਰ ਸਾਲ ਖਾਦਾਂ ਦੀਆਂ ਕੀਮਤਾਂ ਵਧਾਈਆਂ ਜਾ ਰਹੀਆਂ ਹਨ ਪਰ ਫਸਲਾਂ ਦੇ ਭਾਅ ਵਿਚ ਮਾਮੂਲੀ ਵਾਧਾ ਕੀਤਾ ਜਾਂਦਾ ਹੈ। ਖੇਤੀ ’ਤੇ ਲਾਗਤ ਖਰਚਾ ਵਧਣ ਕਾਰਨ ਦੇਸ਼ ਦੇ ਕਿਸਾਨ ਪਹਿਲਾਂ ਹੀ ਕਰਜ਼ੇ ਵਿਚ ਡੁੱਬੇ ਹੋਏ ਹਨ, ਪਰ ਹੁਣ ਖਾਦਾਂ ਦੇ ਰੇਟ ਵਿਚ ਵਾਧਾ ਹੋਣ ਨਾਲ ਉਨ੍ਹਾਂ ਦਾ ਆਰਥਿਕ ਸੰਕਟ ਹੋਰ ਵਧੇਗਾ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਟਿਕੈਤ ਦੇ ਸੂਬਾ ਜਰਨਲ ਸਕੱਤਰ ਸਰੂਪ ਸਿੰਘ ਰਾਮਾ ਨੇ ਦੱਸਿਆ ਕੇ ਖਾਦ ਕੰਪਨੀਆਂ ਨੇ ਐੱਨਪੀਕੇ ਖਾਦ ਗਰੇਡ 12:32:16 ਦੀ ਕੀਮਤ 2250 ਰੁਪਏ ਪ੍ਰਤੀ ਗੱਟਾ ਕਰ ਦਿੱਤੀ ਹੈ। ਜਦੋਂ ਕਿ ਪਹਿਲਾਂ ਅਪ੍ਰੈਲ 2025 ’ਚ 1700 ਰੁਪਏ ਪ੍ਰਤੀ ਗੱਟਾ ਸੀ। ਉਨ੍ਹਾਂ ਨੇ ਕਿਹਾ ਕਿ ਦੇਸ਼ ਦੇ ਕਿਸਾਨ ਡੀਏਪੀ ਖਾਦ ਨਾਲੋਂ ਵੱਧ ਐੱਨਪੀਕੇ ਖਾਦ ਦੀ ਵਰਤੋਂ ਕਰਦੇ ਹਨ, ਹੁਣ ਪੰਜਾਬ ਦੇ ਕਿਸਾਨ ਵੀ ਇਸ ਖਾਦ ਦੀ ਵੱਡੀ ਮਾਤਰਾ ਵਿੱਚ ਵਰਤੋਂ ਕਰਨ ਲੱਗੇ ਹਨ। ਪੰਜਾਬ ਦੇ ਕਿਸਾਨਾਂ ਨੇ ਨਵੰਬਰ 2024 ’ਚ ਡੀਏਪੀ ਦੀ ਘਾਟ ਕਾਰਨ ਐੱਨਪੀਕੇ ( ਗਰੇਡ 12:32:16 ) ਖਾਦ ਦੀ ਵਰਤੋਂ ਕਰਕੇ ਕਣਕ ਦੀ ਬਿਜਾਈ ਕਰਦੇ ਆ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਦੇਸ਼ ’ਚ ਡੀਜ਼ਲ, ਵਧਦੀ ਮਹਿੰਗਾਈ ਦੀ ਵਜ?ਹਾ ਕਰਕੇ ਪਹਿਲਾਂ ਹੀ ਕਿਸਾਨ ਪਰਿਵਾਰ ਆਪਣੀ ਫਸਲ ਅਤੇ ਉਪਜ ਨੂੰ ਲੈ ਕੇ ਕਾਫ਼ੀ ਚਿੰਤਤ ਸੀ। ਕਿਸਾਨ ਆਗੂ ਨੇ ਦੱਸਿਆ ਕਿ ਜੇਕਰ ਕੇਂਦਰ ਸਰਕਾਰ ਨੇ ਖਾਦ ਸਬਸਿਡੀ ਵਿੱਚ ਵਾਧਾ ਨਾ ਕੀਤਾ ਤਾਂ ਆਉਣ ਵਾਲੇ ਸੀਜ਼ਨ ਦੌਰਾਨ ਖਾਦ ਕੰਪਨੀਆਂ ਐੱਨਪੀਕੇ ਖਾਦ ਦੇ ਰੇਟਾਂ ਵਿੱਚ 500 ਰੁਪਏ ਪ੍ਰਤੀ ਕੁਇੰਟਲ ਤਕ ਹੋਰ ਵਾਧਾ ਕਰ ਸਕਦੀਆਂ ਹਨ।




## ਧੀਆਂ-ਪੁੱਤਾਂ ਤੇ ਘਰਵਾਲੀ ਹੋਣ ਦੇ ਬਾਵਜੂਦ ਬੰਦੇ ਦਾ ਬੇਗਾਨਿਆਂ ਨੇ ਕੀਤਾ ਅੰਤਿਮ ਸੰਸਕਾਰ !

ਇਟਾਵਾ 19 ਅਗਸਤ। ਉੱਤਰ ਪ੍ਰਦੇਸ਼ ਦੇ ਇਟਾਵਾ ਵਿੱਚ ਪ੍ਰਸਿੱਧ ਕਾਰੋਬਾਰੀ ਰਾਜਕੁਮਾਰ ਸਕਸੈਨਾ ਦੀ ਮੌਤ ਹੋਣ ਮਗਰੋਂ ਉਸਦੇ ਤਿੰਨ ਪੁੱਤਰਾਂ, ਧੀ ਅਤੇ ਪਤਨੀ ਨੇ ਉਸ ਤੋਂ ਮੂੰਹ ਮੋੜ ਲਿਆ। ਦੁੱਖਦ ਭਰੇ ਇਸ ਮਾਹੌਲ ਵਿਚ ਲੋਕਾਂ ਦੇ ਹੋਸ਼ ਉਦੋਂ ਉੱਡ ਗਏ, ਜਦੋਂ ਉਕਤ ਵਿਅਕਤੀ ਦਾ ਉਸ ਦੀ ਪਤਨੀ ਸਣੇ ਹੋਰ ਪਰਿਵਾਰਕ ਮੈਂਬਰਾਂ ਨੇ ਅੰਤਿਮ ਸੰਸਕਾਰ ਕਰਨ ਤੋਂ ਇਨਕਾਰ ਕਰ ਦਿੱਤਾ। ਇਸ ਤੋਂ ਬਾਅਦ ਅਣਪਛਾਤੀਆਂ ਲਾਸ਼ਾਂ ਦਾ ਸਸਕਾਰ ਕਰਨ ਵਾਲੀ ਸੰਸਥਾ ਨੇ ਹਿੰਦੂ ਰੀਤੀ-ਰਿਵਾਜਾਂ ਅਨੁਸਾਰ ਉਸ ਦਾ ਅੰਤਿਮ ਸੰਸਕਾਰ ਕਰ ਦਿੱਤਾ। ਜਾਣਕਾਰੀ ਮੁਤਾਬਕ ਰਾਜਕੁਮਾਰ ਸਕਸੈਨਾ ਪਹਿਲਾਂ ਇੱਕ ਕਰੋੜਪਤੀ ਕਾਰੋਬਾਰੀ ਹੁੰਦਾ ਸੀ ਪਰ ਸਮੇਂ ਦੀ ਮਾਰ ਨੇ ਉਸਦੀ ਹਾਲਤ ਅਜਿਹੀ ਬਣਾ ਦਿੱਤੀ ਹੈ ਕਿ ਕੋਈ ਵੀ ਉਸਦੇ ਅੰਤਿਮ ਸੰਸਕਾਰ ਕਰਨ ਲਈ ਤਿਆਰ ਨਹੀਂ ਹੈ। ਇਹ ਦੁਖਦਾਈ ਕਹਾਣੀ, ਜਿਸ ਵਿੱਚ ਮਨੁੱਖੀ ਭਾਵਨਾਵਾਂ ਸ਼ਾਮਲ ਹਨ, ਜੋ ਪਿਤਾ-ਪੁੱਤਰ, ਪਤੀ-ਪਤਨੀ ਅਤੇ ਪਿਤਾ-ਧੀ ਦੇ ਰਿਸ਼ਤਿਆਂ ਨੂੰ ਹਿਲਾ ਰਹੀ ਹੈ, ਉੱਤਰ ਪ੍ਰਦੇਸ਼ ਦੇ ਇਟਾਵਾ ਤੋਂ ਹੈ। ਬਜ਼ੁਰਗ ਵਿਅਕਤੀ ਦਾ ਅੰਤਿਮ ਸੰਸਕਾਰ ਇਟਾਵਾ ਵਿੱਚ ਯਮੁਨਾ ਨਦੀ ਦੇ ਕੰਢੇ ਸਥਿਤ ਸ਼ਮਸ਼ਾਨਘਾਟ ਵਿੱਚ ਇੱਕ ਖ਼ੂਨਦਾਨ ਸਮੂਹ ਅਤੇ ਪੁਲਸ ਦੀ ਨਿਗਰਾਨੀ ਹੇਠ ਕੀਤਾ ਗਿਆ। ਬਜ਼ੁਰਗ ਵਿਅਕਤੀ ਦੀ ਪਛਾਣ ਹੋਣ ਤੋਂ ਬਾਅਦ ਵੀ, ਉਸਦੇ ਤਿੰਨ ਪੁੱਤਰਾਂ, ਧੀ ਅਤੇ ਪਤਨੀ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਨਹੀਂ ਆਏ, ਜਿਸ ਨੇ ਸਾਰਿਆਂ ਨੂੰ ਸੋਚਣ ਲਈ ਮਜ਼ਬੂਰ ਕਰ ਦਿੱਤਾ। ਰਾਜਕੁਮਾਰ ਸਕਸੈਨਾ ਦੀ ਮੌਤ ਤੋਂ ਬਾਅਦ ਜਦੋਂ ਉਨ੍ਹਾਂ ਦੇ ਪੁੱਤਰ, ਧੀ ਅਤੇ ਪਤਨੀ ਨੂੰ ਫ਼ੋਨ ਕੀਤਾ ਗਿਆ, ਤਾਂ ਉਨ੍ਹਾਂ ਨੇ ਸਵੀਕਾਰ ਕੀਤਾ ਕਿ ਉਹ ਉਨ੍ਹਾਂ ਦੇ ਪਿਤਾ ਹਨ ਪਰ ਜਦੋਂ ਰਿਸ਼ਤੇ ਨੂੰ ਬਣਾਈ ਰੱਖਣ ਦੀ ਗੱਲ ਆਈ, ਤਾਂ ਉਨ੍ਹਾਂ ਨੇ ਮੂੰਹ ਮੋੜ ਲਿਆ। ਇਸ ਮਾਮਲੇ ਵਿੱਚ ਪੁੱਤਰਾਂ ਵੱਲੋਂ ਅਜੇ ਤੱਕ ਕੋਈ ਸਿੱਧਾ ਬਿਆਨ ਨਹੀਂ ਦਿੱਤਾ ਗਿਆ ਹੈ। ਉਨ੍ਹਾਂ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਪਰ ਉਪਲਬਧ ਜਾਣਕਾਰੀ ਅਨੁਸਾਰ, ਉਹ ਆਪਣੇ ਪਿਤਾ ਦੀ ਲਾਸ਼ ਲੈਣ ਜਾਂ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਸਹਿਮਤ ਨਹੀਂ ਹੋਏ।

# ਐਨਾਲਾਗ ਪਨੀਰ, ਕਰੀਮ ਤੇ ਘਿਓ ’ਤੇ ਲੱਗ ਗਿਆ ਬੈਨ ! ਮਿਲਾਵਟਖੋਰਾਂ ਖਿਲਾਫ ਯੋਗੀ ਸਰਕਾਰ ਦੀ ਸਖਤ ਕਾਰਵਾਈ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 19 ਅਗਸਤ। ਉੱਤਰ ਪ੍ਰਦੇਸ਼ ਦੀ ਯੋਗੀ ਸਰਕਾਰ ਨੇ ਜਨਤਕ ਸਿਹਤ ਦੇ ਮੱਦੇਨਜ਼ਰ ਇੱਕ ਵੱਡਾ ਫੈਸਲਾ ਲੈਂਦਿਆਂ ਸੂਬੇ ਵਿੱਚ ਐਨਾਲਾਗ ਪਨੀਰ, ਕਰੀਮ, ਘਿਓ, ਛੈਣਾ ਤੇ ਖੋਆ ਬਣਾਉਣ ਤੇ ਵਿਕਰੀ ’ਤੇ ਪਾਬੰਦੀ ਲਗਾ ਦਿੱਤੀ ਹੈ। ਸਰਕਾਰ ਦੇ ਇਸ ਆਦੇਸ਼ ਤੋਂ ਬਾਅਦ ਖਾਣ-ਪੀਣ ਦੀਆਂ ਵਸਤੂਆਂ ਦਾ ਕਾਰੋਬਾਰ ਕਰਨ ਵਾਲਿਆਂ ਵਿੱਚ ਹੜਕੰਪ ਮਚ ਗਿਆ ਹੈ। ਸੂਬਾ ਸਰਕਾਰ ਅਨੁਸਾਰ ਯੂਪੀ ਦੇ ਕਈ ਜ਼ਿਲ੍ਹਿਆਂ ਵਿੱਚ ਕੀਤੇ ਗਏ ਨਿਰੀਖਣ ਦੌਰਾਨ ਦੁੱਧ ਅਤੇ ਦੁੱਧ ਤੋਂ ਬਣੇ ਉਤਪਾਦਾਂ ਵਿੱਚ ਭਾਰੀ ਮਿਲਾਵਟ ਪਾਈ ਗਈ ਹੈ। ਜਾਂਚ ਵਿੱਚ ਸਾਹਮਣੇ ਆਇਆ ਕਿ ਇਨ੍ਹਾਂ ਉਤਪਾਦਾਂ ਨੂੰ ਬਣਾਉਣ ਲਈ ਰਿਫਾਇੰਡ ਤੇਲ, ਸੋਇਆਬੀਨ ਉਤਪਾਦ, ਟੈਲਕਮ ਪਾਊਡਰ, ਡਿਟਰਜੈਂਟ, ਟਾਈਟੇਨੀਅਮ ਡਾਈਆਕਸਾਈਡ, ਲਿਕਵਿਡ ਗਲੂਕੋਜ਼ ਅਤੇ ਹਾਈਡ?ਰੋਜਨ ਪਰਆਕਸਾਈਡ ਵਰਗੇ ਹਾਨੀਕਾਰਕ ਰਸਾਇਣਾਂ ਦੀ ਵਰਤੋਂ ਕੀਤੀ ਜਾ ਰਹੀ ਸੀ। ਖ਼ੁਰਾਕ ਸੁਰੱਖਿਆ ਕਮਿਸ਼ਨਰ ਨੇ ਸਪੱਸ਼ਟ ਕੀਤਾ ਹੈ ਕਿ ਅਜਿਹੇ ਮਿਲਾਵਟੀ ਉਤਪਾਦ ਸਿਹਤ ਲਈ ਬਹੁਤ ਖਤਰਨਾਕ ਹਨ ਅਤੇ ਇਨ੍ਹਾਂ ’ਤੇ ਰੋਕ ਲਗਾਉਣਾ ਜ਼ਰੂਰੀ ਹੈ। ਖ਼ੁਰਾਕ ਸੁਰੱਖਿਆ ਅਤੇ ਮਾਪਦੰਡ ਐਕਟ, 2006 ਦੇ ਅਨੁਸਾਰ ਦੁੱਧ ਅਤੇ ਦੁੱਧ ਦੇ ਉਤਪਾਦਾਂ ਦਾ ਨਿਰਮਾਣ ਉਨ੍ਹਾਂ ਦੇ ਮੂਲ ਰੂਪ ਵਿੱਚ ਹੀ ਕੀਤਾ ਜਾਣਾ ਚਾਹੀਦਾ ਹੈ। ਸਰਕਾਰ ਨੇ ਨਵੇਂ ਨਿਰਦੇਸ਼ਾਂ ਤਹਿਤ ਹੇਠ ਲਿਖੀਆਂ ਕਾਰਵਾਈਆਂ ਦਾ ਐਲਾਨ ਕੀਤਾ ਹੈ ਕਿ ਜੇਕਰ ਕਿਸੇ ਵੀ ਡੇਰੀ ਜਾਂ ਫਰਮ ਵਿੱਚ ਹਾਨੀਕਾਰਕ ਰਸਾਇਣ ਜਾਂ ਅਸ਼ੁੱਧੀਆਂ ਪਾਈਆਂ ਜਾਂਦੀਆਂ ਹਨ, ਤਾਂ ਉੱਥੇ ਮੌਜੂਦ ਸਾਰਾ ਸਾਮਾਨ ਜ਼ਬਤ ਕਰਕੇ ਨਸ਼ਟ ਕਰ ਦਿੱਤਾ ਜਾਵੇਗਾ। ਅਜਿਹੇ ਅਦਾਰਿਆਂ ਨੂੰ ਤੁਰੰਤ ਪ੍ਰਭਾਵ ਨਾਲ




ਬੰਦ ਕਰਨ ਦੇ ਹੁਕਮ ਦਿੱਤੇ ਜਾਣਗੇ ਤੇ ਮਾਲਕਾਂ ਵਿਰੁੱਧ (ਭਾਰਤੀ ਨਿਆਂ ਸੰਹਿਤਾ) ਦੀਆਂ ਸਬੰਧਤ ਧਾਰਾਵਾਂ ਤਹਿਤ ਦਰਜ ਕੀਤੀ ਜਾਵੇਗੀ। ਮਿਲਾਵਟਖੋਰ ਫਰਮਾਂ ਦੇ ਫੂਡ ਲਾਇਸੰਸ ਤੁਰੰਤ ਰੱਦ ਕੀਤੇ ਜਾਣਗੇ ਤੇ ਉਸ ਬ੍ਰਾਂਡ ਦੀ ਵਿਕਰੀ ’ਤੇ ਪੂਰੇ ਸੂਬੇ ਵਿੱਚ ਪਾਬੰਦੀ ਲਗਾਈ ਜਾਵੇਗੀ। ਦੱਸਣਯੋਗ ਹੈ ਕਿ ਉੱਤਰ ਪ੍ਰਦੇਸ਼ ਤੋਂ ਪਹਿਲਾਂ ਮੱਧ ਪ੍ਰਦੇਸ਼ ਤੇ ਮਹਾਰਾਸ਼ਟਰ ਵਰਗੇ ਸੂਬਿਆਂ ਵਿੱਚ ਵੀ ‘ਐਨਾਲਾਗ ਪਨੀਰ’ ’ਤੇ ਪਾਬੰਦੀ ਲਗਾਉਣ ਦੇ ਕਦਮ ਚੁੱਕੇ ਜਾ ਚੁੱਕੇ ਹਨ। ਐਨਾਲਾਗ ਪਨੀਰ ਅਸਲ ਜਾਂ ਕੁਦਰਤੀ ਪਨੀਰ ਨਹੀਂ ਹੁੰਦਾ, ਸਗੋਂ ਇਹ ਪਨੀਰ ਵਰਗਾ ਦਿਖਣ ਅਤੇ ਸਵਾਦ ਦੇਣ ਵਾਲਾ ਇੱਕ ਨਕਲੀ/ਨਕਲ ਉਤਪਾਦ ਹੈ। ਇਸ ਨੂੰ ਦੁੱਧ ਤੋਂ ਸਿੱਧਾ ਤਿਆਰ ਕਰਨ ਦੀ ਬਜਾਏ ਵੱਖ-ਵੱਖ ਵੈਜੀਟੇਬਲ ਓਇਲ (ਸਬਜ਼ੀਆਂ ਦੇ ਤੇਲ) ਅਤੇ ਕੈਮੀਕਲ ਪ੍ਰੋਟੀਨਾਂ ਨੂੰ ਮਿਲਾ ਕੇ ਕਾਰਖਾਨਿਆਂ ਵਿੱਚ ਬਣਾਇਆ ਜਾਂਦਾ ਹੈ। ਕੁਦਰਤੀ ਪਨੀਰ ਬਣਾਉਣ ਲਈ ਦੁੱਧ ਨੂੰ ਫਾੜਿਆ ਜਾਂਦਾ ਹੈ, ਪਰ ਐਨਾਲਾਗ ਪਨੀਰ ਬਣਾਉਣ ਲਈ ਹੇਠ ਲਿਖੀਆਂ ਚੀਜ਼ਾਂ ਦੀ ਵਰਤੋਂ ਕੀਤੀ ਜਾਂਦੀ ਹੈ:

## ਆਸਮਾਨੀ ਬਿਜਲੀ ਡਿੱਗਣ ਨਾਲ ਕਰੀਬ 25 ਘਰਾਂ ਦੇ ਬਿਜਲੀ ਉਪਕਰਨ ਸੜੇ

ਹਾਜੀਪੁਰ 19 ਅਗਸਤ। ਅੱਜ ਹੋਈ ਬਰਸਾਤ ਜਿੱਥੇ ਆਮ ਜਨਤਾ ਨੂੰ ਹੁੰਮਸ ਭਰੀ ਗਰਮੀ ਤੋਂ ਰਾਹਤ ਅਤੇ ਕਿਸਾਨਾਂ ਲਈ ਖ਼ੁਸ਼ੀ ਲੈ ਕੇ ਆਈ, ਉੱਥੇ ਹੀ ਬਲਾਕ ਹਾਜੀਪੁਰ ਅਧੀਨ ਪੈਂਦੇ ਪਿੰਡ ਇੱਟੀਆਂ ਦੇ ਲੋਕਾਂ ਲਈ ਇਹ ਆਫ਼ਤ ਬਣ ਕੇ ਬਰਸੀ। ਮਿਲੀ ਜਾਣਕਾਰੀ ਮੁਤਾਬਕ ਅੱਜ ਸਵੇਰੇ ਆਸਮਾਨ ’ਚ ਗਰਜ-ਚਮਕ ਨਾਲ ਬੱਦਲ ਛਾ ਗਏ। ਇਸੇ ਦੌਰਾਨ ਪਿੰਡ ਦੇ ਰਾਜ ਕੁਮਾਰ ਪੁੱਤਰ ਮਦਨ ਲਾਲ ਦੀ ਹਵੇਲੀ ’ਚ ਲੱਗੀ ਪੱਠੇ ਕੁਤਰਨ ਵਾਲੀ ਮਸ਼ੀਨ ਕੋਲ ਅਚਾਨਕ ਆਸਮਾਨੀ ਬਿਜਲੀ ਆ ਡਿੱਗੀ। ਬਿਜਲੀ ਡਿੱਗਣ ਕਾਰਨ ਮਸ਼ੀਨ ਨੇੜੇ ਇਕ ਵੱਡਾ ਟੋਆ ਪੈ ਗਿਆ। ਇਸ ਘਟਨਾ ਦੀ ਜਾਣਕਾਰੀ ਦਿੰਦੇ ਕੈਪਟਨ ਸੁਰਜੀਤ ਕੌਸ਼ਲ ਨੇ ਦੱਸਿਆ ਕਿ ਆਸਮਾਨੀ ਬਿਜਲੀ ਦੇ ਜ਼ੋਰਦਾਰ ਝਟਕੇ ਨਾਲ ਪਿੰਡ ਦੇ ਕਰੀਬ 20 ਤੋਂ 25 ਘਰਾਂ ਦੇ ਬਿਜਲੀ ਉਪਕਰਨ ਸੜ ਕੇ ਸੁਆਹ ਹੋ ਗਏ।